I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

## UPSSSC PET ਪ੍ਰੀਖਿਆ ਵਿਸ਼ੇਸ਼ ਰੇਲਗੱਡੀਆਂ

UPSSSC PET ਪ੍ਰੀਖਿਆ ਵਿਚ ਸ਼ਾਮਲ ਹੋਣ ਵਾਲੇ ਉਮੀਦਵਾਰਾਂ ਦੀ ਸੁਵਿਧਾ ਦੇ ਲਈ ਉਤਰ ਰੇਲਵੇ ਦੁਆਰਾ ਹੇਠਾਂ ਲਿਖਤ ਵਿਸ਼ੇਸ਼ ਰੇਲਗੱਡੀਆਂ ਹੇਠਾਂ ਲਿਖਤ ਵੇਰਵੇ ਦੇ ਅਨੁਸਾਰ ਸੰਚਾਲਿਤ ਕੀਤੀਆਂ ਜਾਣਗੀਆਂ:-

### 04492/04491 ਗਾਜੀਆਬਾਦ-ਬਰੇਲੀ-ਗਾਜੀਆਬਾਦ ਅਣਰੀਜ਼ਰਵ ਪ੍ਰੀਖਿਆ ਵਿਸ਼ੇਸ਼ ਰੇਲਗੱਡੀ — 02 ਫੇਰੇ

| ਰੇਲਗੱਡੀ ਨੰ.04492 | | ↓ ਸਟੇਸ਼ਨ ↑ | ਰੇਲਗੱਡੀ ਨੰ. 04491 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| -- | 21:45 | ਗਾਜੀਆਬਾਦ | 09:00 | -- |
| 03:10 | -- | ਬਰੇਲੀ | --- | 04:00 |

**ਚਲਣ ਦੀਆਂ ਮਿਤੀਆਂ: 04492 ਗਾਜੀਆਬਾਦ** ਤੋਂ ਮਿਤੀ 05.09.2025 ਨੂੰ **ਅਤੇ 04491 ਬਰੇਲੀ ਤੋਂ** ਮਿਤੀ 06.09.2025
**ਜਗ੍ਹਾ:** ਜਨਰਲ
**ਠਹਿਰਾਓ:** ਪਿਲਖੂਆ, ਹਾਪੁੜ, ਸਿਮਭੌਲੀ, ਗੜਮੁਕਤੇਸ਼ਵਰ, ਗਜਰੌਲਾ ਜੰ., ਅਮਰੋਹਾ, ਹਾਕਿਮਪੁਰ, ਮੁਰਾਦਾਬਾਦ ਅਤੇ ਰਾਮਪੁਰ ਸਟੇਸ਼ਨ।

**ਨੋਟ: ਰੇਲਗੱਡੀ ਨੰ. 20412 ਸਹਾਰਨਪੁਰ-ਦਿੱਲੀ** 05.09.2025 ਨੂੰ ਗਾਜੀਆਬਾਦ ਤੇ ਆਪਣੀ ਯਾਤਰਾ ਸਮਾਪਤ ਕਰੇਗੀ। ਅਤੇ **ਰੇਲਗੱਡੀ ਨੰ. 20411 ਦਿੱਲੀ-ਸਹਾਰਨਪੁਰ** ਮਿਤੀ 06.09.2025 ਨੂੰ ਗਾਜੀਆਬਾਦ ਤੋਂ ਯਾਤਰਾ ਸ਼ੁਰੂ ਕਰੇਗੀ।

### 04493/04494 ਗਾਜੀਆਬਾਦ-ਸਹਾਰਨਪੁਰ-ਗਾਜੀਆਬਾਦ ਅਣਰੀਜ਼ਰਵ ਪ੍ਰੀਖਿਆ ਵਿਸ਼ੇਸ਼ ਰੇਲਗੱਡੀ — 06 ਫੇਰੇ

| ਰੇਲਗੱਡੀ ਨੰ.04493 | | ↓ ਸਟੇਸ਼ਨ ↑ | ਰੇਲਗੱਡੀ ਨੰ. 04494 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| -- | 08:00 | ਗਾਜੀਆਬਾਦ | 16:30 | -- |
| 11:00 | -- | ਸਹਾਰਨਪੁਰ | --- | 13:30 |

**ਚਲਣ ਦੀਆਂ ਮਿਤੀਆਂ: 04493 ਗਾਜੀਆਬਾਦ** ਤੋਂ **ਅਤੇ 04494** ਸਹਾਰਨਪੁਰ **ਤੋਂ** ਮਿਤੀ 05.09.2025, 06.09.2025 ਅਤੇ 07.09.2025 ਨੂੰ।
**ਜਗ੍ਹਾ:** ਜਨਰਲ
**ਠਹਿਰਾਓ:** ਨਯਾ ਗਾਜੀਆਬਾਦ, ਮੁਰਾਦਨਗਰ, ਮੋਦੀਨਗਰ, ਮੇਰਠ ਸਿਟੀ, ਮੇਰਠ ਕੈਂਟ, ਦੌਰਾਲਾ, ਖਤੌਲੀ, ਮਨਸੂਰਪੁਰ, ਮੁਜਫਰਨਗਰ, ਦੇਵਬੰਦ, ਨਾਗਲ ਅਤੇ ਟਪਰੀ ਜੰ. ਸਟੇਸ਼ਨ।

**ਨੋਟ: ਰੇਲਗੱਡੀ ਨੰ. 64558 ਸਹਾਰਨਪੁਰ-ਦਿੱਲੀ** ਮਿਤੀ 05, 06, ਅਤੇ 07.09.2025 ਨੂੰ ਗਾਜੀਆਬਾਦ ਤੇ ਆਪਣੀ ਯਾਤਰਾ ਸਮਾਪਤ ਕਰੇਗੀ। ਅਤੇ **ਰੇਲਗੱਡੀ ਨੰ. 64557 ਦਿੱਲੀ-ਸਹਾਰਨਪੁਰ** ਮਿਤੀ 05, 06 ਅਤੇ 07.09.2025 ਨੂੰ ਗਾਜੀਆਬਾਦ ਤੋਂ ਯਾਤਰਾ ਸ਼ੁਰੂ ਕਰੇਗੀ।

### 04496 ਗਾਜੀਆਬਾਦ-ਕਾਨਪੁਰ ਸੈਂਟ੍ਰਲ ਅਣਰੀਜ਼ਰਵ ਪ੍ਰੀਖਿਆ ਵਿਸ਼ੇਸ਼ ਰੇਲਗੱਡੀ — 02 ਫੇਰੇ

| ਰੇਲਗੱਡੀ ਨੰ.04492 | | ↓ ਸਟੇਸ਼ਨ |
|---|---|---|
| ਆਉਣਾ | ਜਾਣਾ | |
| -- | 14:20 | ਗਾਜੀਆਬਾਦ |
| 22:10 | -- | ਕਾਨਪੁਰ ਸੈਂਟ੍ਰਲ |

**ਚਲਣ ਦੀਆਂ ਮਿਤੀਆਂ: 04496 ਗਾਜੀਆਬਾਦ** ਤੋਂ ਮਿਤੀ 06.09.2025 ਅਤੇ 07.09.2025 ਨੂੰ।
**ਜਗ੍ਹਾ:** ਜਨਰਲ
**ਠਹਿਰਾਓ:** ਦਾਦਰੀ, ਖੁਰਜਾ ਜੰ., ਅਲੀਗੜ੍ਹ ਜੰ., ਹਾਥਰਸ ਜੰ., ਟੂੰਡਲਾ ਜੰ., ਫਿਰੋਜਪੁਰ, ਸਿਕੋਹਾਬਾਦ ਜੰ., ਇਟਾਵਾ ਜੰ. ਫਫੂੰਦ ਅਤੇ ਰੂਰਾ ਸਟੇਸ਼ਨ।

### 04498 ਗਾਜੀਆਬਾਦ-ਕਾਨਪੁਰ ਸੈਂਟ੍ਰਲ ਅਣਰੀਜ਼ਰਵ ਪ੍ਰੀਖਿਆ ਵਿਸ਼ੇਸ਼ ਰੇਲਗੱਡੀ — 02 ਫੇਰੇ

| ਰੇਲਗੱਡੀ ਨੰ. 04492 | | ↓ ਸਟੇਸ਼ਨ |
|---|---|---|
| ਆਉਣਾ | ਜਾਣਾ | |
| -- | 19:00 | ਗਾਜੀਆਬਾਦ |
| 03:20 | -- | ਕਾਨਪੁਰ ਸੈਂਟ੍ਰਲ |

**ਚਲਣ ਦੀਆਂ ਮਿਤੀਆਂ: 04498 ਗਾਜੀਆਬਾਦ** ਤੋਂ ਮਿਤੀ 06.09.2025 ਅਤੇ 07.09.2025 ਨੂੰ। **ਜਗ੍ਹਾ:** ਜਨਰਲ
**ਠਹਿਰਾਓ:** ਦਾਦਰੀ, ਖੁਰਜਾ ਜੰ., ਅਲੀਗੜ੍ਹ ਜੰ., ਹਾਥਰਸ ਜੰ., ਟੂੰਡਲਾ ਜੰ., ਫਿਰੋਜਪੁਰ, ਸਿਕੋਹਾਬਾਦ ਜੰ., ਇਟਾਵਾ ਜੰ. ਫਫੂੰਦ ਅਤੇ ਰੂਰਾ ਸਟੇਸ਼ਨ।

### 04392/04391 ਮੁਰਾਦਾਬਾਦ-ਆਲਮਨਗਰ-ਮੁਰਾਦਾਬਾਦ ਅਣਰੀਜ਼ਰਵ ਪ੍ਰੀਖਿਆ ਵਿਸ਼ੇਸ਼ ਰੇਲਗੱਡੀ — 04 ਫੇਰੇ

| ਰੇਲਗੱਡੀ ਨੰ.04392 | | ↓ ਸਟੇਸ਼ਨ ↑ | ਰੇਲਗੱਡੀ ਨੰ. 04391 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| -- | 13:25 | ਮੁਰਾਦਾਬਾਦ | 05:30 | -- |
| 19:25 | -- | ਆਲਮਨਗਰ | --- | 21:25 |

**ਚਲਣ ਦੀਆਂ ਮਿਤੀਆਂ: 04492 ਮੁਰਾਦਾਬਾਦ** ਤੋਂ **ਅਤੇ 04491** ਆਲਮਨਗਰ **ਤੋਂ** ਮਿਤੀ 06.09.2025 ਅਤੇ 07.09.2025 ਨੂੰ। **ਜਗ੍ਹਾ:** ਜਨਰਲ
**ਠਹਿਰਾਓ:** ਰਾਮਪੁਰ, ਬਰੇਲੀ, ਸ਼ਾਹਜਹਾਂਪੁਰ, ਆਂਝੀ ਸ਼ਾਹਬਾਦ, ਹਰਦੋਈ, ਬਾਲਾਮਊ ਜੰ. ਅਤੇ ਸੰਡੀਲਾ ਸਟੇਸ਼ਨ।

### 04394/04393 ਮੁਰਾਦਾਬਾਦ-ਆਲਮਨਗਰ-ਮੁਰਾਦਾਬਾਦ ਅਣਰੀਜ਼ਰਵ ਪ੍ਰੀਖਿਆ ਵਿਸ਼ੇਸ਼ ਰੇਲਗੱਡੀ — 04 ਫੇਰੇ

| ਰੇਲਗੱਡੀ ਨੰ.04394 | | ↓ ਸਟੇਸ਼ਨ ↑ | ਰੇਲਗੱਡੀ ਨੰ. 04393 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| -- | 18:55 | ਮੁਰਾਦਾਬਾਦ | 08:30 | -- |
| 00:30 | -- | ਆਲਮਨਗਰ | --- | 02:00 |

**ਚਲਣ ਦੀਆਂ ਮਿਤੀਆਂ: 04394 ਮੁਰਾਦਾਬਾਦ** ਤੋਂ 06.09.2025 ਅਤੇ 07.09.2025 ਨੂੰ **ਅਤੇ 04393 ਆਲਮਨਗਰ ਤੋਂ** ਮਿਤੀ 07.09.2025 ਅਤੇ 08.09.2025 ਨੂੰ।
**ਜਗ੍ਹਾ:** ਜਨਰਲ
**ਠਹਿਰਾਓ:** ਰਾਮਪੁਰ, ਬਰੇਲੀ, ਸ਼ਾਹਜਹਾਂਪੁਰ, ਆਂਝੀ ਸ਼ਾਹਬਾਦ, ਹਰਦੋਈ, ਬਾਲਾਮਊ ਜੰ. ਅਤੇ ਸੰਡੀਲਾ ਸਟੇਸ਼ਨ।

**ਨੋਟ: ਰੇਲਗੱਡੀ ਨੰ. 04321/04322 ਬਰੇਲੀ-ਦੇਹਰਾਦੂਨ-ਬਰੇਲੀ ਪ੍ਰੀਖਿਆ ਵਿਸ਼ੇਸ਼ ਰੇਲਗੱਡੀ ਦੇ ਵਾਧੂ ਫੇਰੇ ਹੇਠਾਂ ਦਿਤੇ ਗਏ ਵੇਰਵੇ ਦੇ ਅਨੁਸਾਰ ਸਮਾਂ ਅਤੇ ਰਸਤੇ ਤੇ ਸੰਚਾਲਿਤ ਕੀਤੇ ਜਾਣਗੇ।**
- **ਰੇਲਗੱਡੀ ਨੰ.: 04321 ਬਰੇਲੀ-ਦੇਹਰਾਦੂਨ, ਬਰੇਲੀ ਤੋਂ ਮਿਤੀ 05.09.2025 ਅਤੇ 06.09.2025 ਨੂੰ।**
- **ਰੇਲਗੱਡੀ ਨੰ.: 04322 ਦੇਹਰਾਦੂਨ-ਬਰੇਲੀ, ਦੇਹਰਾਦੂਨ ਤੋਂ ਮਿਤੀ 06.09.2025 ਅਤੇ 07.09.2025 ਨੂੰ।**

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੇ ਵੀ ਹੋਰ ਸੂਚਨਾ ਅਤੇ ਵਿਸਤ੍ਰਿਤ ਟਾਈਮ-ਟੇਬਲ ਦੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ.139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਜਾਂ NTES App ਐਪ ਵੇਖਣ।

'ਤੇ ਸਾਨੂੰ ਫਾਲੋ ਕਰੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਉੱਤਰ ਰੇਲਵੇ
ਤੁਹਾਡੀ ਸੁਵਿਧਾ - ਸਾਡਾ ਲਕਸ਼
ਸਾਨੂੰ www.nr.indianrailways.gov.in 'ਤੇ ਮਿਲੋ
2707/2025

# ਮੁੱਖ ਸਕੱਤਰ ਪੰਜਾਬ ਵੱਲੋਂ ਪੌਂਗ ਡੈਮ ਅਤੇ ਮੁਕੇਰੀਆਂ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ

**➢ ਪੰਜਾਬ ਸਰਕਾਰ ਹੜ੍ਹ ਪੀੜਤਾਂ ਦੀ ਹਰ ਸੰਭਵ ਮਦਦ ਯਕੀਨੀ ਬਣਾਉਣ ਲਈ ਵਚਨਬੱਧ ➢ ਰਾਹਤ ਕਾਰਜਾਂ ਲਈ 24 ਘੰਟੇ ਤਾਇਨਾਤ ਸਾਰੇ ਵਿਭਾਗਾਂ ਦੀਆਂ ਟੀਮਾਂ**



**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ’ਤੇ ਮੁੱਖ ਸਕੱਤਰ ਪੰਜਾਬ ਕੇ.ਏ.ਪੀ ਸਿਨਹਾ ਨੇ ਅੱਜ ਪੌਂਗ ਡੈਮ ਅਤੇ ਮੁਕੇਰੀਆਂ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਇਸ ਮੌਕੇ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਵੀ ਉਨ੍ਹਾਂ ਨਾਲ ਮੌਜੂਦ ਸਨ।

ਮੁੱਖ ਸਕੱਤਰ ਨੇ ਪਹਿਲਾਂ ਪੌਂਗ ਡੈਮ ਦਾ ਨਿਰੀਖਣ ਕੀਤਾ ਅਤੇ ਉਥੇ ਮੌਜੂਦ ਅਧਿਕਾਰੀਆਂ ਤੋਂ ਡੈਮ ਦੇ ਮੌਜੂਦਾ ਪਾਣੀ ਦੇ ਪੱਧਰ ਅਤੇ ਛੱਡੇ ਜਾ ਰਹੇ ਪਾਣੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਸਪੱਸ਼ਟ ਹਦਾਇਤਾਂ ਦਿੱਤੀਆਂ ਕਿ ਡੈਮ ਵਿਚ ਆਉਣ ਵਾਲੇ ਪਾਣੀ ਦੇ ਵਹਾਅ ਨੂੰ ਧਿਆਨ ਵਿਚ ਰੱਖਦੇ ਹੋਏ ਡਿਸਚਾਰਜ ਤਕਨੀਕੀ ਮਾਪਦੰਡਾਂ ਦੇ ਆਧਾਰ ’ਤੇ ਕੀਤਾ ਜਾਵੇ, ਤਾਂ ਜੋ ਹੇਠਲੇ ਖੇਤਰਾਂ ਵਿਚ ਰਹਿਣ ਵਾਲੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅਧਿਕਾਰੀਆਂ ਨੂੰ ਲਗਾਤਾਰ ਸੁਚੇਤ ਰਹਿਣ ਅਤੇ ਸਥਿਤੀ ਦੀ 24 ਘੰਟੇ ਨਿਗਰਾਨੀ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਤੋਂ ਬਾਅਦ ਮੁੱਖ ਸਕੱਤਰ ਸ੍ਰੀ ਸਿਨਹਾ ਨੇ ਮੁਕੇਰੀਆਂ ਸਬ-ਡਵੀਜ਼ਨ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਹਲੇੜ ਅਤੇ ਮੋਤਲਾ ਵਿਚਕਾਰ ਬਣੇ ਧੁੱਸੀ ਬੰਨ੍ਹ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਜਲ ਸਰੋਤ ਵਿਭਾਗ ਧੁੱਸੀ ਬੰਨ੍ਹਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ। ਮੁੱਖ ਸਕੱਤਰ ਨੇ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਉਨ੍ਹਾਂ ਡਿਪਟੀ ਕਮਿਸ਼ਨਰ ਤੋਂ ਮੌਕੇ ’ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਬਚਾਅ ਅਤੇ ਰਾਹਤ ਕਾਰਜਾਂ ਬਾਰੇ ਜਾਣਕਾਰੀ ਲਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਸਹਾਇਤਾ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਰੈੱਡ ਕਰਾਸ ਦੀ ਅਗਵਾਈ ਹੇਠ ਸਮਾਜਿਕ ਸੰਗਠਨਾਂ ਅਤੇ ਵਲੰਟੀਅਰਾਂ ਦੀ ਮਦਦ ਨਾਲ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਸਮੱਗਰੀ, ਭੋਜਨ, ਡਾਕਟਰੀ ਸੇਵਾਵਾਂ ਅਤੇ ਹੋਰ ਜ਼ਰੂਰੀ ਸਹੂਲਤਾਂ ਲਗਾਤਾਰ ਪ੍ਰਦਾਨ ਕਰ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਾਲ, ਸਿਹਤ, ਪਸ਼ੂ ਪਾਲਣ, ਜਲ ਸਰੋਤ ਅਤੇ ਹੋਰਨਾਂ ਸਬੰਧਤ ਵਿਭਾਗਾਂ ਦੀਆਂ ਟੀਮਾਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 24 ਘੰਟੇ ਡਿਊਟੀ ’ਤੇ ਹਨ ਅਤੇ ਪੂਰੀ ਤਿਆਰੀ ਨਾਲ ਰਾਹਤ ਕਾਰਜਾਂ ਵਿਚ ਲੱਗੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਜੀਹ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਪ੍ਰਭਾਵਿਤ ਵਿਅਕਤੀ ਨੂੰ ਭੋਜਨ, ਦਵਾਈ ਜਾਂ ਰਿਹਾਇਸ਼ ਦੀ ਘਾਟ ਨਾ ਹੋਵੇ।

ਇਸ ਮੌਕੇ ਮੁੱਖ ਇੰਜੀਨੀਅਰ ਬਿਆਸ ਰਾਕੇਸ਼ ਗੁਪਤਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਐਸ.ਪੀ ਡਾ. ਮੁਕੇਸ਼, ਐਸ.ਡੀ.ਐਮ ਮੁਕੇਰੀਆਂ ਅੰਕੁਰ ਮਹਿੰਦਰੂ, ਸੁਪਰਡੈਂਟ ਇੰਜੀਨੀਅਰ ਮਨਮੀਤ ਚੌਧਰੀ, ਵਧੀਕ ਐਸ.ਈ ਏ.ਪੀ.ਐਸ ਉੱਭੀ, ਕਾਰਜਕਾਰੀ ਇੰਜੀਨੀਅਰ ਗੌਰਵ ਲਾਂਬਾ, ਹਰਪ੍ਰੀਤ ਸਿੰਘ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਗਰਾਊਂਡ ਜ਼ੀਰੋ ’ਤੇ ਫੀਲਡ ’ਚ ਤਾਇਨਾਤ: ਡਿਪਟੀ ਕਮਿਸ਼ਨਰ

**➢ ਲੋਕ ਘਬਰਾਹਟ ’ਚ ਨਾ ਆਉਣ, ਸਥਿਤੀ ਨਿਯਤਰਨ ਹੇਠ: ਡਾ. ਪ੍ਰੀਤੀ ਯਾਦਵ ➢ ਡਿਪਟੀ ਕਮਿਸ਼ਨਰ ਵੱਲੋਂ ਦੇਵੀਗੜ੍ਹ ਵਿਖੇ ਘੱਗਰ ਤੇ ਖਤੌਲੀ ਵਿਖੇ ਟਾਂਗਰੀ ਨਦੀ ਦੇ ਵਹਾਅ ਦਾ ਜਾਇਜ਼ਾ**



**ਦੂਧਨਸਾਧਾਂ, ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਮੁੜ ਤੋਂ ਜ਼ਿਲ੍ਹੇ ਵਿੱਚ ਨਦੀਆਂ ਦੇ ਵਹਾਅ ਦਾ ਗਰਾਊਂਡ ਜ਼ੀਰੋ ‘ਤੇ ਜਾਕੇ ਜਾਇਜ਼ਾ ਲਿਆ। ਉਨ੍ਹਾਂ ਨੇ ਦੇਵੀਗੜ੍ਹ ਵਿਖੇ ਘੱਗਰ ਅਤੇ ਦੂਧਨਸਾਧਾਂ ਨੇੜੇ ਖਤੌਲੀ ਵਿਖੇ ਟਾਂਗਰੀ ਨਦੀ ਦੇ ਪਾਣੀ ਦੇ ਵਹਾਅ ਦਾ ਨਿਰੀਖਣ ਕੀਤਾ। ਉਨ੍ਹਾਂ ਦੇ ਨਾਲ ਐਸਡੀਐਮ ਦੂਧਨਸਾਧਾਂ ਕਿਰਪਾਲਵੀਰ ਸਿੰਘ ਸਮੇਤ ਡਰੇਨੇਜ ਵਿਭਾਗ ਦੇ ਨਿਗਰਾਨ ਇੰਜੀਨੀਅਰ ਰਜਿੰਦਰ ਘਈ, ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਤੇ ਹੋਰ ਅਧਿਕਾਰੀ ਤੇ ਇਲਾਕੇ ਦੇ ਪਤਵੰਤੇ ਅਤੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੇ ਨੁਮਾਇੰਦੇ ਵੀ ਮੌਜੂਦ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰ ?ਦਿਆਂ ਦੱਸਿਆ ਕਿ ਘੱਗਰ ਸਮੇਤ ਟਾਂਗਰੀ ਨਦੀ ਦੇ ਕੈਚਮੈਂਟ ਖੇਤਰ ਵਿੱਚ ਪਏ ਭਾਰੀ ਮੀਂਹ ਕਰਕੇ ਇਨ੍ਹਾਂ ਨਦੀਆਂ ਦੇ ਪਾਣੀ ਦੇ ਪੱਧਰ ਵਿੱਚ ਚੋਖਾ ਵਾਧਾ ਹੋਇਆ ਹੈ ਅਤੇ ਕਈ ਪਿੰਡਾਂ ਵਿੱਚ ਪਾਣੀ ਉਛਲਕੇ ਖੇਤਾਂ ਵਿੱਚ ਵੀ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਸਾਰੀਆਂ ਟੀਮਾਂ ਅਤੇ ਸਮੁੱਚੀ ਮਸ਼ੀਨਰੀ ਗਰਾਊਂਡ ਜ਼ੀਰੋ ‘ਤੇ ਫੀਲਡ ਵਿੱਚ ਕੰਮ ਕਰ ਰਹੀ ਹੈ।

ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਅਸੀਂ ਪਿਛਲੇ ਤਿੰਨ ਦਿਨਾਂ ਤੋਂ ਸਾਰੀ ਸਥਿਤੀ ਉਪਰ 24 ਘੰਟੇ ਕੰਮ ਕਰਦੇ ਹੋਏ ਪੂਰੀ ਨਿਗਰਾਨੀ ਰੱਖ ਰਹੇ ਹਾਂ ਅਤੇ ਹੁਣ ਪਾਣੀ ਘਟ ਰਿਹਾ ਹੈ ਅਤੇ ਇਸ ਦਾ ਪ੍ਰਭਾਵ ਰਾਜਪੁਰਾ ਤੇ ਘਨੌਰ ਖੇਤਰ ਵਿੱਚ ਦਿਸਣਾ ਸ਼ੁਰੂ ਹੋ ਗਿਆ ਹੈ। ਪ੍ਰੰਤੂ ਅਜੇ ਪਾਣੀ ਸਮਾਣਾ ਤੇ ਸ਼ੁਤਰਾਣਾ ਇਲਾਕੇ ਵਿੱਚ ਜਾਵੇਗਾ, ਇਸ ਲਈ ਪੂਰਾ ਪ੍ਰਸ਼ਾਸਨ ਤੇ ਸਬੰਧਤ ਵਿਭਾਗ 24 ਘੰਟੇ ਨਿਰੰਤਰ ਚੌਕਸ ਹਨ ਤੇ ਹਰ ਤਰ੍ਹਾਂ ਦੀ ਸੰਭਾਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਸਾਡੀ ਪੂਰੀ ਤਿਆਰੀ ਹੈ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪਟਿਆਲਾ ਦੀ ਵੱਡੀ ਨਦੀ ਜਾਂ ਛੋਟੀ ਨਦੀ ਵਿੱਚ ਪਾਣੀ ਨਹੀਂ ਆਇਆ ਹੈ ਅਤੇ ਨਾ ਹੀ ਫਿਲਹਾਲ ਕੋਈ ਪਾਣੀ ਆਉਣ ਦੀ ਕਿਸੇ ਤਰ੍ਹਾਂ ਦੀ ਸੰਭਾਵਨਾ ਹੈ, ਇਸ ਲਈ ਸ਼ਹਿਰ ਨਿਵਾਸੀ ਬਿਲਕੁਲ ਵੀ ਘਬਰਾਹਟ ਵਿੱਚ ਨਾਹ ਆਉਣ। ਜੇਕਰ ਲੋੜ ਪਵੇ ਤਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮ ਨੰਬਰ ਨੰਬਰ 0175-2350550 ਅਤੇ 2358550 ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ ਜੋ ਕਿ 24 ਘੰਟੇ ਕਾਰਜਸ਼ੀਲ ਹਨ ਤਾਂ ਜੋ ਪਾਣੀ ਦੀ ਨਿਕਾਸੀ ਸਬੰਧੀ ਕਿਸੇ ਵੀ ਸਮੱਸਿਆ ਨੂੰ ਤੁਰੰਤ ਹੱਲ ਕੀਤਾ ਜਾ ਸਕੇ।

ਉਨ੍ਹਾਂ ਲੋਕਾਂ ਨੂੰ ਸੁਚੇਤ ਵੀ ਕੀਤਾ ਕਿ ਕਿਸੇ ਵੀ ਤਰ੍ਹਾਂ ਦੀਆਂ ਹੜ੍ਹ ਦੀਆਂ ਅਫ਼ਵਾਹਾਂ ਨਾ ਫੈਲਾਈਆਂ ਜਾਣ ਅਤੇ ਨਾ ਹੀ ਅਜਿਹੀਆਂ ਕਿਸੇ ਗ਼ਲਤ ਖ਼ਬਰਾਂ ਜਾਂ ਸੂਚਨਾਵਾਂ ਉਪਰ ਵਿਸ਼ਵਾਸ਼ ਕੀਤਾ ਜਾਵੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰਤ ਟਵਿੱਟਰ-ਐਕਸ ਹੈਂਡਲ ਡੀਸੀਪਟਿਆਲਾ ਤੇ ਡੀਪੀਆਰਓ ਪਟਿਆਲਾ ਦੇ ਫੇਸਬੁਕ ਪੇਜ ਤੋਂ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਜ਼ਿਲ੍ਹੇ ‘ਚੋਂ ਲੰਘਦੇ ਨਦੀਆਂ ਤੇ ਨਾਲਿਆਂ ਦੀ 24 ਘੰਟੇ ਨਜ਼ਰਸਾਨੀ ਕੀਤੀ ਜਾ ਰਹੀ ਹੈ ਤੇ ਐਮਰਜੈਂਸੀ ਰਿਸਪਾਂਸ ਟੀਮਾਂ ਵੀ ਬਣਾਈਆਂ ਗਈਆਂ ਹਨ ਜਿਸ ਲਈ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਘਬਰਾਹਟ ਵਿੱਚ ਆਉਣ ਦੀ ਲੋੜ ਨਹੀਂ ਹੈ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਭਾਰੀ ਮੀਂਹ ਕਰਕੇ ਤੇ ਘੱਗਰ, ਟਾਂਗਰੀ ਤੇ ਮਾਰਕੰਡਾ ਆਦਿ ਦੇ ਕੰਢਿਆਂ ਨੇੜੇ ਨਾ ਜਾਣ ਦੀ ਸਲਾਹ ਵੀ ਦਿੱਤੀ। ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀ ਫੀਲਡ ਵਿੱਚ ਲੋਕਾਂ ਦੇ ਸੰਪਰਕ ਵਿੱਚ ਹਨ, ਜਿਸ ਕਰਕੇ ਸਾਨੂੰ ਸਹੀ ਤੇ ਜਮੀਨੀ ਪੱਧਰ ਦੀ ਜਾਣਕਾਰੀ ਮਿਲ ਰਹੀ ਹੈ, ਇਸ ਲਈ ਲੋੜੀਂਦੀਆਂ ਥਾਵਾਂ ਵਿਖੇ ਲੋੜੀਂਦੀ ਮਸ਼ੀਨਰੀ ਤੇ ਹੋਰ ਸਾਜੋ ਸਮਾਨ ਤਾਇਨਾਤ ਕੀਤਾ ਗਿਆ ਹੈ ਤਾਂ ਕਿ ਲੋੜ ਪੈਣ ਉਤੇ ਨਦੀਆਂ ਦੇ ਬੰਨ੍ਹਾਂ ਨੂੰ ਮਜ਼ਬੂਤ ਕੀਤਾ ਜਾ ਸਕੇ ਤੇ ਲੋੜੀਂਦੀ ਸਹਾਇਤਾ ਪਹੁੰਚਾਈ ਜਾ ਸਕੇ। ਉਨ੍ਹਾਂ ਨੇ ਲੋਕਾਂ ਦਾ ਧੰਨਵਾਦ ਵੀ ਕੀਤਾ, ਜਿਨ੍ਹਾਂ ਵੱਲੋਂ ਪ੍ਰਸ਼ਾਸਨ ਨੂੰ ਪੂਰੀ ਜਾਣਕਾਰੀ ਦਿੰਦੇ ਹੋਏ, ਸਥਿਤੀ ਨਾਲ ਨਿਪਟਣ ਲਈ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ।

# ਸੰਤ ਬਾਬਾ ਈਸ਼ਰ ਸਿੰਘ ਜੀ - ਸੰਤ ਬਾਬਾ ਕਿਸ਼ਨ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ 50ਵੀਂ ਤੇ 35ਵੀਂ ਸਲਾਨਾ ਬਰਸੀ ਮਨਾਈ



**ਨਾਭਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਭਾ ਦੇ ਨਜ਼ਦੀਕ ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਦੀ ਅਗਵਾਈ ਹੇਠ ਪਰਮ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ ਤੇ ਪਰਮ ਸੰਤ ਬਾਬਾ ਕਿਸ਼ਨ ਸਿੰਘ ਜੀ ਮਹਾਰਾਜ ਰਾੜਾ ਸਾਹਿਬ ਵਾਲਿਆਂ ਦੀ ਸਲਾਨਾ ਬਰਸੀ ਤੇ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਗਿਆ । ਇਸ ਮੌਕੇ ਤੇ ਸੰਗਤਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੁਖੀ ਸੰਤ ਬਾਬਾ ਕਸ਼ਮੀਰਾ ਸਿੰਘ ਜੀ ਨੇ ਸੰਗਤਾਂ ਨੂੰ ਗੁਰੂ ਵਾਲੇ ਬਨਣ ਦੀ ਅਪੀਲ ਕੀਤੀ । ਉਨਾਂ ਸੰਗਤਾਂ ਨੂੰ ਗੁਰਬਾਨੀ ਕਥਾ ਕੀਰਤਨ ਰਾਹੀਂ ਨਿਹਾਲ ਵੀ ਕੀਤਾ । ਦੂਰੋਂ ਨੇੜਿਓਂ ਆਈਆਂ ਸਮੁੱਚੀਆਂ ਸੰਗਤਾਂ, ਮਹਾਂਪੁਰਖਾਂ ਤੇ ਸਿਆਸੀ ਆਗੂਆਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਭਾਈ ਜਗਜੀਤ ਸਿੰਘ ਜੀ ਕਥਾਵਾਚਕ ਅੰਬਾਲਾ, ਬਾਬਾ ਅਮਰੀਕ ਸਿੰਘ ਜੀ ਕਾਰ ਸੇਵਾ ਪਟਿਆਲਾ, ਬਾਬਾ ਅਵਤਾਰ ਸਿੰਘ ਧੂਲਕੋਟ ਵਾਲੇ, ਬੀਬੀ ਕੁਲਵੰਤ ਕੌਰ ਰਾਏਪੁਰ ਵਾਲੇ, ਭਾਈ ਜਸਵੀਰ ਸਿੰਘ ਜੀ, ਭਾਈ ਹਰਪਾਲ ਸਿੰਘ ਫਤਿਹਗੜ੍ਹ ਸਾਹਿਬ, ਬੀਬਾ ਸੁਖਪਾਲ ਕੌਰ ਢਾਡੀ ਜੱਥਾ, ਭਾਈ ਇੰਦਰਜੀਤ ਸਿੰਘ ਪਟਿਆਲਾ ਵਾਲੇ ਰਾਗੀ ਜੱਥਾ, ਬਾਬਾ ਹਰਦੇਵ ਸਿੰਘ ਇਟਲੀ , ਅਜੈਬ ਸਿੰਘ ਗਲਵੱਟੀ, ਭਾਈ ਅਮਰੀਕ ਸਿੰਘ ਯੂਕੇ ਵਾਲੇ, ਬੀਬੀ ਪਵਨਦੀਪ ਕੌਰ, ਭਾਈ ਸੁਖਵਿੰਦਰ ਸਿੰਘ ਰਤਵਾੜਾ ਸਾਹਿਬ, ਗਿਆਨੀ ਕੁਲਵੰਤ ਸਿੰਘ ਲੁਧਿਆਣਾ ਵਾਲੇ, ਭਾਈ ਮਨਜੋਤ ਸਿੰਘ, ਬਾਬਾ ਅਮਰੀਕ ਸਿੰਘ, ਭਾਈ ਜਸਕਰਨ ਸਿੰਘ, ਭਾਈ ਕੁਲਦੀਪ ਸਿੰਘ ਯੂ ਐਸ ਏ , ਬਾਬਾ ਹਿੰਮਤ ਸਿੰਘ ਰਾਮਪੁਰ ਛੰਨਾ ਵਾਲੇ, ਭਾਈ ਰਣਜੀਤ ਸਿੰਘ ਢੀਂਗੀ ਵਾਲੇ, ਸੁਆਮੀ ਰਾਜੇਸ਼ਵਰਨੰਦ ਜੀ, ਬਾਬਾ ਜਸਪਾਲ ਸਿੰਘ ਪਾਲੀਆਂ ਵਾਲੇ, ਜਥੇਦਾਰ ਬਾਬਾ ਜਸਵੀਰ ਸਿੰਘ, ਬਾਬਾ ਜਤਿੰਦਰ ਸਿੰਘ ਯੂਕੇ ਇੰਗਲੈਂਡ ਵਾਲੇ, ਭਾਈ ਬਰਖੁਰਦਾਰ ਗੋਸਲਾ ਵਾਲੇ, ਭਾਈ ਪਲਵਿੰਦਰ ਸਿੰਘ ਗਲਵੱਟੀ ਵਾਲੇ, ਭਾਈ ਕਰਨੈਲ ਸਿੰਘ ਕਵਿਸ਼ਰੀ ਜੱਥਾ, ਭਾਈ ਗੁਰਦੇਵ ਸਿੰਘ ਜੋਗੀ, ਬੀਬੀ ਸਹਿਜ ਪ੍ਰੀਤ ਕੌਰ, ਭਾਈ ਕਮਲਜੀਤ ਸਿੰਘ ਰਾਗੀ ਜੱਥਾ ਗੁਰਮਤਿ ਕਾਲਜ ਪਟਿਆਲਾ, ਭਾਈ ਜਸਵਿੰਦਰ ਸਿੰਘ ਰਾਗੀ ਜੱਥਾ ਪਟਿਆਲਾ ਨੇ ਕਥਾ ਗੁਰਬਾਣੀ ਕੀਰਤਨ ਰਾਹੀਂ ਗੁਰੂ ਦਾ ਜੱਸ ਗਾਇਨ ਕੀਤਾ ।

ਇਸ ਮੌਕੇ ਤੇ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸਾਬਕਾ ਡੀ ਆਈ ਜੀ ਮਨਦੀਪ ਸਿੰਘ ਸਿੱਧੂ, ਇੰਮਪਰੂਵਮੈਂਟ ਟਰਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ, ਮਲਕੀਤ ਕੰਬਾਇਨ ਦੇ ਐਮ ਡੀ ਚਰਨ ਸਿੰਘ, ਪਾਖਰ ਸਿੰਘ ਐਮ ਡੀ ਹਰਦੇਵ ਕੰਬਾਈਨ,ਸਾਬਕਾ ਚੇਅਰਮੈਨ ਪਰਮਜੀਤ ਸਿੰਘ ਖੱਟੜਾ, ਸਾਬਕਾ ਚੇਅਰਮੈਨ ਜਗਜੀਤ ਸਿੰਘ ਦੁਲੱਦੀ, ਬਾਬਾ ਹਰਦੇਵ ਸਿੰਘ ਜੀ,ਹੈਡ ਗ੍ਰੰਥੀ ਬਾਬਾ ਤਰਲੋਚਨ ਪਾਲ ਸਿੰਘ ਲਾਡੀ, ਬਾਬਾ ਬਲਦੇਵ ਸਿੰਘ, ਬਾਬਾ ਗੁਰਬੰਤ ਸਿੰਘ, ਬਾਬਾ ਜਤਿੰਦਰ ਸਿੰਘ ਜੋਤੀ , ਬਾਬਾ ਗੁਰਪ੍ਰੀਤ ਸਿੰਘ ਗੋਪੀ, ਬਾਬਾ ਗੁਰਸੇਵਕ ਸਿੰਘ, ਬਾਬਾ ਜਤਿੰਦਰ ਸਿੰਘ ਜੋਤੀ,ਪ੍ਰਧਾਨ ਸੁਰਜੀਤ ਸਿੰਘ, ਡਾਕਟਰ ਹਰਪਾਲ ਸਿੰਘ, ਪ੍ਰੋਫੈਸਰ ਸੁਖਵਿੰਦਰਜੀਤ ਸਿੰਘ, ਬਲਵੰਤ ਸਿੰਘ, ਦਰਸ਼ਨ ਸਿੰਘ, ਇੱਛਿਆਮਾਨ ਸਿੰਘ ਭੋਜੋ ਮਾਜਰੀ, ਭੁਪਿੰਦਰ ਸਿੰਘ ਖੋਖ, ਮੁਸ਼ਤਾਕ ਅਲੀ ਕਿੰਗ, ਬੱਗਾ ਸਿੰਘ ਮਸਿੰਘਣ, ਹਰਵਿੰਦਰ ਸਿੰਘ, ਲੱਖਾ ਸਿੰਘ ਨੂਰਪੁਰਾ, ਨਿਸ਼ਾਵਰ ਸਿੰਘ ਕੂਕੇ, ਸੱਜੂ ਸਿੰਘ ਸ੍ਰੀਮਾਨ ਜੀ,ਗੁਰਵਿੰਦਰ ਸਿੰਘ ਢਿੱਲੋਂ,ਰਘਵੀਰ ਸਿੰਘ, ਰਣਧੀਰ ਸਿੰਘ ਅਲੋਹਰਾ, ਸਰਬਜੀਤ ਸਿੰਘ ਬੇਨੜਾ, ਹਰਦੀਪ ਸਿੰਘ,ਪਾਲ ਸਿੰਘ ਅਲੋਹਰਾ ਤੋਂ ਇਲਾਵਾ ਆਦਿ ਸੰਗਤ ਹਾਜ਼ਰ ਸੀ।

# ਦੇਵ ਮਾਨ ਨੇ ਝੰਬਾਲੀ ਖਾਸ ਭਾਦਸੋ, ਸੁਧੇਵਾਲ, ਭੋੜੇ ਸਾਇਫਨ ਅਤੇ ਸਰਹੰਦ ਚੋਅ ਦਾ ਕੀਤਾ ਦੌਰਾ



**ਨਾਭਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਨਾਲ ਲੱਗਦੇ ਪਹਾੜੀ ਇਲਾਕਿਆਂ ਵਿੱਚ ਹੋ ਰਹੀ ਲਗਾਤਾਰ ਬਾਰਿਸ਼ ਤੋਂ ਬਾਅਦ ਪੰਜਾਬ ਦੇ ਕਈ ਜਿਲ੍ਹੇ ਹੜਾ ਤੋ ਪ੍ਰਭਾਵਿਤ ਹੋਏ ਹਨ, ਜਿਸ ਨਾਲ ਭਾਰੀ ਨੁਕਸਾਨ ਹੋਇਆ ਹੈ ਅੱਜ ਨਾਭਾ ਹਲਕੇ ਵਿੱਚ ਵੀ ਬਹੁਤ ਬਾਰਿਸ਼ ਹੋਈ ਹੈ ਜਿਸ ਤੋਂ ਬਾਅਦ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਨਾਭਾ ਹਲਕੇ ਦੇ ਨਾਲ ਲੱਗਦੀ ਸਰਹਿੰਦ ਚੋਅ ਦਾ ਦੌਰਾ ਕਰਕੇ ਹੜ ਦੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਅਤੇ ਜਿੱਥੇ ਵੀ ਕੋਈ ਬੂਟੀ ਦੀ ਸਮੱਸਿਆ ਹੈ ਉਸ ਨੂੰ ਹੱਲ ਕਰਨ ਦੇ ਲਈ ਡਰੇਨ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ। ਵਿਧਾਇਕ ਦੇਵ ਮਾਨ ਵੱਲੋਂ ਝੰਬਾਲੀ ਖਾਸ ਭਾਦਸੋ, ਸੁਧੇਵਾਲ, ਭੋੜੇ ਸਾਇਫਨ ਦਾ ਦੌਰਾ ਕੀਤਾ ਗਿਆ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦੇਵ ਮਾਨ ਨੇ ਦੱਸਿਆ ਕੀ ਹਲਕਾ ਨਾਭਾ ਅੰਦਰ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ ਕਿਸੇ ਵੀ ਤਰ੍ਹਾਂ ਦੀ ਅਫਵਾਹ ਵਿੱਚ ਯਕੀਨ ਨਾ ਕੀਤਾ ਜਾਵੇ ਜਿੱਥੇ ਵੀ ਕਿਸੇ ਹਲਕਾ ਨਿਵਾਸੀ ਨੂੰ ਕੋਈ ਸਮੱਸਿਆ ਲੱਗਦੀ ਹੈ ਤਾਂ ਉਹ ਤੁਰੰਤ ਉਹਨਾਂ ਨਾਲ ਫੋਨ ਤੇ ਸੰਪਰਕ ਕਰ ਸਕਦਾ ਹੈ।

# ਜਲੰਧਰ ਤੋਂ ਬਦਨਾਮ ਨਸ਼ਾ ਤਸਕਰ 3.5 ਕਿਲੋ ਹੈਰੋਇਨ ਅਤੇ 2 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਕਾਬੂ

**➢ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਰੁੱਧ ਪੰਜਾਬ ਅਤੇ ਨਵੀਂ ਦਿੱਲੀ ਵਿੱਚ ਐਨਡੀਪੀਐਸ ਐਕਟ ਅਧੀਨ ਕਈ ਮਾਮਲੇ ਦਰਜ: ਡੀਜੀਪੀ ਗੌਰਵ ਯਾਦਵ**
**➢ ਖੇਪ ਦੇ ਸਰੋਤ ਦੀ ਪਛਾਣ ਕਰਨ ਲਈ ਜਾਂਚ ਜਾਰੀ: ਸੀਪੀ ਜਲੰਧਰ ਧਨਪ੍ਰੀਤ ਕੌਰ**

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਵਿੱਢੀ ਨਸ਼ਾ ਵਿਰੋਧੀ ਮੁਹਿੰਮ ’ਯੁੱਧ ਨਸ਼ਿਆਂ ਵਿਰੁੱਧ’ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਜਲੰਧਰ ਕਮਿਸ਼ਨਰੇਟ ਪੁਲਿਸ ਨੇ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸਦੇ ਕਬਜ਼ੇ ’ਚੋਂ 3.5 ਕਿਲੋ ਹੈਰੋਇਨ ਅਤੇ 2 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ




ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰ ਦੀ ਪਛਾਣ ਮਨਜੀਤ ਸਿੰਘ ਵਾਸੀ ਜਲੰਧਰ ਐਨਕਲੇਵ, ਨੇੜੇ ਖਾਂਬਰਾ, ਜਲੰਧਰ ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤਾ ਗਿਆ ਦੋਸ਼ੀ ਆਦਤਨ ਨਸ਼ਾ ਤਸਕਰ ਹੈ ਅਤੇ ਉਸ ਵਿਰੁੱਧ ਪੰਜਾਬ ਅਤੇ ਨਵੀਂ ਦਿੱਲੀ ਵਿੱਚ ਐਨਡੀਪੀਐਸ ਐਕਟ ਤਹਿਤ ਤਿੰਨ ਮਾਮਲੇ ਦਰਜ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਸਬੰਧੀ ਮਾਮਲਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿੱਛਲੇ ਸਬੰਧ ਸਥਾਪਤ ਕਰਨ ਲਈ ਜਾਂਚ ਜਾਰੀ ਹੈ ਤਾਂ ਜੋ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ।

ਇਸ ਆਪ੍ਰੇਸ਼ਨ ਬਾਰੇ ਵੇਰਵੇ ਸਾਂਝੇ ਕਰਦਿਆਂ ਕਮਿਸ਼ਨਰ ਆਫ ਪੁਲਿਸ (ਸੀਪੀ) ਜਲੰਧਰ ਧੰਨਪ੍ਰੀਤ ਕੌਰ ਨੇ ਦੱਸਿਆ ਕਿ ਇੱਕ ਵਿਸ਼ੇਸ਼ ਚੈਕਿੰਗ ਦੌਰਾਨ, ਇੰਸਪੈਕਟਰ ਜਸਪਾਲ ਸਿੰਘ ਦੀ ਅਗਵਾਈ ਵਾਲੀ ਸਪੈਸ਼ਲ ਸੈੱਲ ਦੀਆਂ ਪੁਲਿਸ ਟੀਮਾਂ ਨੇ ਮਨਜੀਤ ਸਿੰਘ ਨੂੰ ਸ਼ੱਕ ਦੇ ਆਧਾਰ ’ਤੇ ਰੋਕਿਆ।

# ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਹੜ੍ਹ ਪੀੜ੍ਹਤਾਂ ਲਈ ਰਾਹਤ ਸਮਗਰੀ ਦੇ ਟਰੱਕ ਭੇਜੇ




**ਮੁਹਾਲੀ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਦੇ ਵਿਧਾਇਕ ਸ. ਕੁਲਵੰਤ ਸਿੰਘ ਵੀ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਅੱਗੇ ਆਏ ਹਨ। ਸ. ਕੁਲਵੰਤ ਸਿੰਘ ਵੱਲੋਂ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਲਈ ਮੁਹਾਲੀ ਤੋਂ ਵਿਸ਼ੇਸ਼ ਤੌਰ ’ਤੇ ਟਰੱਕ ਰਾਹੀਂ 750 ਪਾਣੀ ਦੀਆਂ ਬੋਤਲਾਂ ਦੀਆਂ ਪੇਟੀਆਂ ਅਤੇ 200 ਕਿੱਟਾਂ ਕੈਟਲ ਫੀਡ ਦੀਆਂ ਭੇਜੀਆਂ ਗਈਆਂ ਹਨ। ਵਿਧਾਇਕ ਸ. ਕੁਲਵੰਤ ਸਿੰਘ ਵੱਲੋਂ ਭੇਜੀ ਗਈ ਇਹ ਰਾਹਤ ਸਮਗਰੀ ਲੋਕ ਨਿਰਮਾਣ ਦੇ ਐੱਸ.ਈ. ਹਰਜੋਤ ਸਿੰਘ ਅਤੇ ਐੱਸ.ਡੀ.ਓ. ਨਿਰਮਲ ਸਿੰਘ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਹਵਾਲੇ ਕੀਤੀ ਗਈ।

ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਇਸ ਰਾਹਤ ਸਮਗਰੀ ਲਈ ਵਿਧਾਇਕ ਸ. ਕੁਲਵੰਤ ਸਿੰਘ ਦਾ ਧੰਨਵਾਦ ਕੀਤਾ ਹੈ।

ਉਨ੍ਹਾਂ ਕਿਹਾ ਕਿ ਇਹ ਰਾਹਤ ਸਮਗਰੀ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਵੰਡੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਗੁਰਦਾਸਪੁਰ ਇੰਦਰਜੀਤ ਸਿੰਘ, ਸੀਨੀਅਰ ਆਪ ਆਗੂ ਅਰਸ਼ਦੀਪ ਸਿੰਘ, ਰਜਤ ਮਰਵਾਹਾ ਵੀ ਹਾਜ਼ਰ ਸਨ।

# ਸੀਪੀਆਈ (ਐਮ) ਦੀ ਸੂਬਾ ਸਕੱਤਰੇਤ ਮੀਟਿੰਗ ’ਚ ਸਮੁੱਚੀ ਪਾਰਟੀ ਨੂੰ ਹੜ੍ਹ ਪੀੜਤਾਂ ਦੀ ਮਦਦ ਕਰਨ ਦਾ ਸੱਦਾ

**ਜਲੰਧਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਪੀਆਈ (ਐਮ) ਦੀ ਸੂਬਾ ਸਕੱਤਰੇਤ ਦੀ ਹੰਗਾਮੀ ਮੀਟਿੰਗ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ ਦੀ ਪ੍ਰਧਾਨਗੀ ਵਿੱਚ ਹੋਈ। ਇਸ ਮੀਟਿੰਗ ’ਚ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋ, ਕਾਮਰੇਡ ਗੁਰਦਰਸ਼ਨ ਸਿੰਘ ਖਾਸਪੁਰ, ਕਾਮਰੇਡ ਜਤਿੰਦਰਪਾਲ ਸਿੰਘ, ਕਾਮਰੇਡ ਸਤਿਨਾਮ ਸਿੰਘ ਬੜੈਚ ਤੇ ਕਾਮਰੇਡ ਬਲਜੀਤ ਸਿੰਘ ਗਰੇਵਾਲ ਸ਼ਾਮਲ ਹੋਏ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ ਪਾਰਟੀ ਸੂਬੇ ਵਿੱਚ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਜੀਅ-ਜਾਨ ਨਾਲ ਮਦਦ ਕਰੇਗੀ। ਮੀਟਿੰਗ ਵਿੱਚ ਸਮੁੱਚੀ ਸੂਬਾ ਪਾਰਟੀ ਨੂੰ ਸੱਦਾ ਦਿੱਤਾ ਗਿਆ ਕਿ ਹੜ੍ਹ ਪੀੜਤਾਂ ਦੀ ਮਦਦ ਲਈ ਜੁੱਟ ਜਾਇਆ ਜਾਵੇ। ਪਾਰਟੀ ਦੀਆਂ ਜ਼ਿਲ੍ਹਾ ਤੇ ਤਹਿਸੀਲ ਕਮੇਟੀਆਂ ਸਮੇਤ ਬ੍ਰਾਂਚਾਂ ਨੂੰ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਕਿਹਾ ਗਿਆ ਹੈ। ਇਸੇ ਤਰ੍ਹਾਂ ਸੂਬਾ ਕਮੇਟੀ ਦੇ ਸਮੂਹ ਮੈਂਬਰਾਂ ਨੂੰ ਕਿਹਾ ਗਿਆ ਹੈ ਕਿ ਇਸ ਔਖੀ ਘੜੀ ਵਿੱਚ ਹੜ੍ਹ ਪੀੜਤਾਂ ਦੀ ਹਰ ਪੱਖ ਤੋਂ ਸਹਾਇਤਾ ਕੀਤੀ ਜਾਵੇ। ਕਾਮਰੇਡ ਸੇਖੋਂ ਨੇ ਕਿਹਾ ਕਿ ਇਸ ਦੌਰਾਨ ਰਾਸ਼ਨ, ਪਸ਼ੂਆਂ ਲਈ ਚਾਰਾ ਤੇ ਹੋਰ ਲੋੜੀਂਦੀਆਂ ਵਸਤਾਂ ਜ਼ਰੂਰਤਮੰਦਾਂ ਤੱਕ ਪਹੁੰਚਾਈਆਂ ਜਾਣ। ਪਾਰਟੀ ਮੈਂਬਰ ਤੇ ਆਗੂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਹੜ੍ਹ ਪੀੜਤਾਂ ਦੀ ਲੋੜੀਂਦੀ ਮਦਦ ਕਰਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਸਹਿਯੋਗ ਕੀਤਾ ਜਾਵੇ। ਇਸ ਦੌਰਾਨ ਵਿੱਚ ਮੰਗ ਕੀਤੀ ਗਈ ਹੜ੍ਹਾਂ ਕਾਰਨ ਪ੍ਰਭਾਵਿਤ ਲੋਕਾਂ ਨੂੰ ਹੋਏ ਨੁਕਸਾਨ ਦਾ ਪੂਰਾ ਮੁਆਵਜ਼ਾ ਦਿੱਤਾ ਜਾਵੇ। ਨੁਕਸਾਨੀਆਂ ਗਈਆਂ ਫ਼ਸਲਾਂ, ਮਕਾਨਾਂ ਤੇ ਪਸ਼ੂਆਂ ਦੇ ਹੋਏ ਨੁਕਸਾਨ ਦੀ ਪੂਰੀ ਭਰਪਾਈ ਕੀਤੀ ਜਾਵੇ। ਕਾਮਰੇਡ ਸੇਖੋਂ ਨੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਔਖੀ ਘੜੀ ਵਿੱਚ ਹੜ੍ਹ ਪੀੜਤਾਂ ਦੀ ਜ਼ਮੀਨੀ ਪੱਧਰ ’ਤੇ ਸਹਾਇਤਾ ਕੀਤੀ ਜਾਵੇ, ਬਿਆਨਬਾਜ਼ੀ ਤੇ ਖ਼ਾਨਾਪੂਰਤੀ ਤੋਂ ਬਚਿਆ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁਆਵਜ਼ਾ ਦੇਣ ਸਬੰਧੀ ਪਹਿਲਾਂ ਵਾਲਾ ਵਤੀਰਾ ਨਹੀਂ ਹੋਣਾ ਚਾਹੀਦਾ।

# ਸ੍ਰੀ ਗਣੇਸ਼ ਮਹਾਂਉਤਸਵ ਮਨਾਇਆ

**ਪਾਤੜਾਂ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਬਾ ਮੋਨੀ ਜੀ ਮਹਾਰਾਜ ਅਤੇ ਸਾਈਂ ਜੀ ਦੀ ਅਪਾਰ ਕਿਰਪਾ ਸਦਕਾ ਚੌਥਾ ਸ੍ਰੀ ਗਣੇਸ਼ ਮਹਾਂਉਤਸਵ ਰਖਵਾਲੀ ਬਸਤੀ ਪਾਤੜਾਂ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਜਿਸ ਦਾ ਉਦਘਾਟਨ ਕਾਂਗਰਸ ਹਲਕਾ ਸ਼ੁਤਰਾਣਾ ਦੇ ਇੰਚਾਰਜ ਦਰਬਾਰਾ ਸਿੰਘ ਬਨਵਾਲਾ ਨੇ ਕੀਤਾ।

ਇਸ ਮੌਕੇ ਸ਼ਿਵ ਦੁਰਗਾ ਜਾਗਰਣ ਮੰਡਲੀ ਪਾਤੜਾਂ ਵੱਲੋਂ ਆਪਣੀਆਂ ਭੇਟਾਂ ਅਤੇ ਭਜਨਾ ਨਾਲ ਭਗਤਾਂ ਨੂੰ ਨਿਹਾਲ ਕੀਤਾ ਗਿਆ।

ਇਸ ਤੋਂ ਇਲਾਵਾ ਕਾਂਗਰਸ ਸ਼ਹਿਰੀ ਪ੍ਰਧਾਨ ਪਾਤੜਾਂ ਰਾਕੇਸ਼ ਕੁਮਾਰ ਹੈਪੀ ਨੇ ਦੱਸਿਆ ਕਿ ਮਿਤੀ 2 ਸਤੰਬਰ ਨੂੰ ਮੂਰਤੀ ਵਿਸਰਜਨ ਹੋਵੇਗਾ ਅਤੇ ਗੁਰੂ ਕਾ ਲੰਗਰ ਸਾਢੇ 11 ਵਜੇ ਤੋਂ ਲੈ ਕੇ ਪ੍ਰਭੂ ਇੱਛਾ ਤੱਕ ਵਰਤਿਆ ਜਾਵੇਗਾ । ਹਰ ਰੋਜ਼ ਸਵੇਰੇ ਗਣੇਸ਼ ਜੀ ਦੀ ਪੂਜਾ ਅਤੇ ਰਾਤ ਸਮੇਂ ਵੱਖ ਵੱਖ ਕਲਾਕਾਰਾਂ ਦੁਆਰਾ ਕੀਰਤਨ ਦਰਬਾਰ ਲਗਾਇਆ ਜਾਵੇਗਾ।

ਇਸ ਮੌਕੇ ਨਿਰਮਲ ਸਿੰਘ ਪੰਨੂ, ਦਲੇਰ ਸਿੰਘ ਹਰਿਆਊ, ਸਿਕੰਦਰ ਮਨੇਸ਼,ਫਰਿੰਦਰ ਸ਼ਰਮਾ,ਹਰੀ ਮੋਹਨ ਗਰਗ, ਪ੍ਰੇਮ ਸਿੰਘ ਐਸ ਪੀ ਰਿਟਾਇਰਡ, ਤਰਸੇਮ ਚੰਦ ਗਰਗ ਤੰਬੂਵਾਲਾ, ਆਸ਼ੂ ਪਟਵਾਰੀ ਜੀਵਨ ਗੋਇਲ, ਪਵਨ ਪਟਵਾਰੀ ਅਤੇ ਵਿਜੇ ਭੋਲਾ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ

# ਪ੍ਰਾਚੀਨ ਸ਼ਿਵ ਮੰਦਿਰ ’ਚ ਸ੍ਰੀ ਗਣੇਸ਼ ਮਹਾਉਤਸਵ ਬੜੇ ਹੀ ਸ਼ਰਧਾ ਪੂਰਵਕ ਮਨਾਇਆ



**ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਮੰਡੌਰ ਇਲਾਕੇ ਚ ਮੌਜੂਦ ਪ੍ਰਾਚੀਨ ਸ਼ਿਵ ਮੰਦਿਰ ਚ ਸ੍ਰੀ ਗਣੇਸ਼ ਮਹਾਉਤਸਵ ਬੜੇ ਹੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ।

ਇਸ ਦੌਰਾਨ ਪਟਿਆਲਾ ਤੋਂ ਭਾਜਪਾ ਨੇਤਾ ਸਤਬੀਰ ਸਿੰਘ ਖਟੜਾ ਨੇ ਹਾਜਰੀ ਭਰੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਮੰਦਰ ਕਮੇਟੀ ਅਤੇ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ

ਇਸ ਮੌਕੇ ਮੰਦਿਰ ਕਮੇਟੀ ਦੇ ਮੈਂਬਰਾਂ ਨੇ ਸਤਬੀਰ ਖਟੜਾ ਨੂੰ ਸਨਮਾਨਿਤ ਵੀ ਕੀਤਾ।

ਪਟਿਆਲਾ ਵਾਰਡ ਨੰਬਰ 46ਵਿਚ ਯੁੱਧ ਨਸ਼ੇ ਵਿਰੁੱਧ ਦੀ ਡਿਫੈਂਸ ਕਮੇਟੀ ਬਣਾਈ ਗਈ ਜਿਸ ਵਿਚ ਹਲਕਾ ਇੰਚਾਰਜ ਯੁੱਧ ਨਸ਼ੇ ਵਿਰੁੱਧ ਦਵਿੰਦਰਪਾਲ ਸਿੰਘ ਮਿਕੀ ਅਤੇ ਵਾਰਡ ਦੇ ਐਮ.ਸੀ ਜਗਤਾਰ ਸਿੰਘ ਤਾਰੀ, ਵਾਰਡ ਕੋਆਰਡੀਨੇਟਰ ਬਾਵਾ , ਅਤੇ ਗੋਬਿੰਦ ਬਡੂੰਗਰ ਨੇ ਅਗਵਾਈ ਕੀਤੀ ।

ਇਸ ਮੌਕੇ ਉਨਾਂ ਕਿਹਾ ਕਿ ਸ,ਅਜੀਤਪਾਲ ਸਿੰਘ ਕੋਹਲੀ ਐਮ ਐਲ ਏ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹੁਣ ਵਾਰਡ ਨੂੰ ਨਸ਼ਾ ਮੁਕਤ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਮਹਾਰਾਣੀ ਪ੍ਰਨੀਤ ਕੌਰ ਨੇ ਤਰੁਣ ਕਪੂਰ ਟੋਨੀ ਨਾਲ ਕੀਤੀ ਫੋਨ ਤੇ ਕੀਤੀ ਗੱਲ ਬਾਤ, ਗਣਪਤੀ ਮਹਾਂਉਤਸਵ ਦੀ ਦਿੱਤੀ ਵਧਾਈ

**ਲਲਿਤ ਕੁਮਾਰ (ਲਲਿਤ ਗਾਰਮੈਂਟ) ਨੇ ਸਿਰੋਪਾ ਪਾ ਕੇ ਮਹਾਰਾਣੀ ਪ੍ਰਨੀਤ ਕੌਰ ਦਾ ਕੀਤਾ ਭਰਵਾਂ ਸਵਾਗਤ**

**ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਤਰੁਣ ਕਪੂਰ ਟੋਨੀ USA ਵਲੋਂ ਤ੍ਰਿਪੜੀ ਚ 15ਵੀ ਗਣੇਸ਼ ਮਹਾਰਾਜ ਜੀ ਦੀ ਪੂਜਾ ਦੌਰਾਨ ਅੱਜ ਚੌਥੇ ਦਿਨ ਸਾਬਕਾ ਕੇਂਦਰੀ ਮੰਤਰੀ ਅਤੇ ਬੀਜੇਪੀ ਦੀ ਲੀਡਰ ਮਹਾਰਾਣੀ ਪ੍ਰਨੀਤ ਕੌਰ ਨੇ ਹਾਜ਼ਰੀ ਲਗਾਈ।

ਇਸ ਮੌਕੇ ਪ੍ਰਨੀਤ ਕੌਰ ਨੇ ਤਰੁਣ ਕਪੂਰ ਟੋਨੀ ਜੀ ਵਲੋਂ ਹਰ ਸਾਲ ਕਰਵਾਏ ਜਾ ਰਹੇ ਗਣਪਤੀ ਮਹਾਉਤਸਵ ਦੀ ਵਧਾਈ ਦਿੱਤੀ ਉਥੇ ਹੀ ਕਿਹਾ ਕਿ ਵਿਦੇਸ਼ ਚ ਵੀ ਬੈਠ ਕੇ ਟੋਨੀ ਜੀ ਲੋਕਾਂ ਨੂੰ ਧਰਮ ਨਾਲ ਜੋੜ ਰਹੇ ਹਨ ਇਹ ਚੰਗੀ ਸੋਚ ਹੈ।

ਦੇਸ਼ ਵਿਦੇਸ਼ ਚ ਪ੍ਰਸਿੱਧ ਸਮਾਜ ਸੇਵਕ ਸ਼੍ਰੀ ਤਰੁਣ ਕਪੂਰ ਟੋਨੀ ਜੀ ਵਲੋਂ ਕਰਵਾਏ ਜਾ ਰਹੇ ਸ਼੍ਰੀ 15ਵੇ



ਗਣੇਸ਼ ਮਹਾ ਉਤਸਵ ਦੌਰਾਨ ਚੌਥੇ ਦਿਨ ਵੀ ਬੜੀ ਗਿਣਤੀ ਚ ਸ਼ਰਧਾਲੂ ਮੱਥਾ ਟੇਕਣ ਲਈ ਪਹੁੰਚੇ।

ਦੱਸ ਦੀਏ ਕੇ ਪੂਰੇ 10 ਦਿਨ ਸ਼੍ਰੀ ਤਰੁਣ ਕਪੂਰ ਟੋਨੀ ਜੀ ਦੇ ਮੁਖੀ ਪ੍ਰਭਦਿਆਲ ਛਾਬੜਾ ਦੀ ਅਗੁਵਾਈ ਚ ਪੂਰੀ ਟੀਮ ਇਸ ਸੰਚਾਲਨ ਦੀ ਦੇਖ ਭਾਲ ਕਰ ਰਹੀ ਹੈ ।

ਇਸ ਦੌਰਾਨ ਭਜਨ ਗਾਇਕ ਵਿਸ਼ਬਰ ਦਾਸ ਅਤੇ ਉਨਾ ਦੀ ਟੀਮ ਭਗਤ ਨੂੰ ਆਪਣੇ ਭਜਨ ਨਾਲ ਨਿਹਾਲ ਕੀਤਾ।

ਦੱਸ ਦਈਏ ਕੇ 10 ਦਿਨ ਪੂਰੇ ਰਾਤ ਨੂੰ ਲੰਗਰ ਵੀ ਅਤੁਟ ਚਲਾਇਆ ਜਾਵੇਗਾ।

ਇਸ ਦੌਰਾਨ ਇਸ ਧਾਰਮਿਕ ਪ੍ਰੋਗਰਾਮ ਚ ਪ੍ਰਧਾਨ ਚਿੰਟੂ ਨਾਸਰਾ, ਭਗਵਾਨ ਦਾਸ ਚਾਵਲਾ, ਲਵਲੀ ਧਵਨ, ਸੁਰੇਸ਼ ਧਵਨ, ਜੋਨੀ ਕਪੂਰ, ਕਮਲ ਕਪੂਰ, ਮੁਖੀ ਪ੍ਰਭਦਿਆਲ ਜੀ, ਘਣਸ਼ਾਮ ਪਹੂਜਾ, ਕਿਸ਼ਨ ਚੰਦ, ਦਿਨੇਸ਼ ਚਾਵਲਾ, ਐਸ ਕੇ ਪ੍ਰਾਪਟੀ, ਅਸ਼ੋਕ ਚਾਵਲਾ, ਸੁਰੇਸ਼ ਕਾਮਰਾ, ਸ਼ਿਵਮ, ਮਨੋਜ ਰਾਜਨ, ਸੰਤ ਬਾਂਗਾ, ਸੰਨੀ ਬਾਂਗਾ ਦੇ ਨਾਲ-ਨਾਲ ਮਹਿਲਾ ਮੰਡਲ ਵੱਲੋਂ ਡੋਲੀ ਮਹਿਤਾ, ਮੀਨੂੰ ਕਿੰਗਰ, ਅਮਨ ਮਾਸਟਰ, ਤਿਵਾੜੀ ਜੀ, ਅਤੇ ਹੋਰ ਸ਼ਹਿਰ ਅਤੇ ਤ੍ਰਿਪੜੀ ਦੇ ਕਈ ਸਤਿਕਾਰ ਯੋਗ ਲੋਕ ਪਹੁੰਚੇ ਹੋਏ ਸਨ।

# ਮਹਾਨ ਕੋਸ਼ ਵਿਵਾਦ: ਬਿਨਾਂ ਜਾਂਚ ਅਧਿਆਪਕਾਂ ’ਤੇ ਕਾਰਵਾਈ ਮੰਦਭਾਗੀ : ਪ੍ਰੋਗਰੈਸਿਵ ਟੀਚਰਜ਼ ਫਰੰਟ

**ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰੋਗਰੈਸਿਵ ਟੀਚਰਜ਼ ਫਰੰਟ (ਪੀ.ਟੀ.ਐਫ) ਨੇ ਭਾਈ ਕਾਨ੍ਹ ਸਿੰਘ ਨਾਭਾ ਮਹਾਨ ਕੋਸ਼ ਸਬੰਧੀ ਉੱਠੇ ਵਿਵਾਦ ਤੇ ਵਿਚਾਰ ਵਟਾਂਦਰਾ ਕੀਤਾ। ਅਲਾਇੰਸ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਮਹਾਨ ਕੋਸ਼ ਸਬੰਧੀ ਉਠੇ ਵਿਵਾਦ ਨੂੰ ਧਾਰਮਿਕ ਰੰਗਤ ਦੇਣ ਵਾਲਿਆਂ ਨੂੰ ਸਖ਼ਤੀ ਨਾਲ ਰੋਕਿਆ ਜਾਵੇ ਕਿਉਂਕਿ ਭਾਈ ਕਾਨ੍ਹ ਸਿੰਘ ਨਾਭਾ ਦਾ ਮਹਾਨ ਕੋਸ਼, ਜੋ ਧਾਰਮਿਕ, ਸਮਾਜਿਕ, ਆਰਥਿਕ ਹਰ ਵਿਸੇ ? ਦੇ ਗਿਆਨ ਦਾ ਭੰਡਾਰ ਹੈ,ਜਿਸ ਦਾ ਅਸੀਂ ਬਹੁਤ ਸਤਿਕਾਰ ਕਰਦੇ ਹਾਂ ਅਤੇ ਖੋਜ ਲਈ ਵਰਤਦੇ ਹਾਂ । ਅਲਾਇੰਸ ਨੇ ਇਹ ਵੀ ਆਖਿਆ ਕਿ ਬਿਨ੍ਹਾਂ ਤਫ਼ਤੀਸ਼ ਕੀਤੇ ਸਰਕਾਰ ਵੱਲੋਂ ਯੂਨੀਵਰਸਿਟੀ ਅਧਿਆਪਕਾਂ ਅਤੇ ਅਧਿਕਾਰੀਆਂ ਤੇ ਪਰਚਾ ਕਰਨਾ ਇੱਕ ਮੰਦਭਾਗੀ ਘਟਨਾ ਹੈ ਅਤੇ ਇਸ ਘਟਨਾ ਦੀ ਮੁੜ ਤੋਂ ਜਾਂਚ ਹੋਣੀ ਚਾਹੀਦੀ ਅਤੇ ਜਾਂਚ ਉਪਰੰਤ ਹੀ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ। ਬਿਨਾਂ ਜਾਂਚ ਕੀਤਿਆਂ ਅਧਿਆਪਕਾਂ ਨੂੰ ਮੁਅੱਤਲ ਕਰਨਾ ਦਾ ਆਦੇਸ਼ ਅਤੇ ਬਿਨਾਂ ਜਾਂਚ ਕੀਤਿਆਂ ਦਰਜ਼ ਪਰਚਾ ਵੀ ਰੱਦ ਹੋਣਾ ਚਾਹੀਦਾ ਹੈ। ਅੰਤ ਵਿੱਚ ਅਲਾਇੰਸ ਨੇ ਆਖਿਆ ਸਰਕਾਰ ਨੂੰ ਇਸ ਮਸਲੇ ਵਿੱਚ ਜਲਦ ਹੀ ਦਖਲ ਅੰਦਾਜ਼ੀ ਕਰਕੇ ਯੂਨੀਵਰਸਿਟੀ ਦਾ ਖੋਜ ਅਤੇ ਅਕਾਦਮਿਕ ਮਾਹੌਲ ਦੀ ਬਹਾਲੀ ਕਰਵਾਉਣੀ ਚਾਹੀਦੀ ਹੈ, ਕਿਉਂਕਿ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ ਤੇ ਉਹਨਾਂ ਦੇ ਭਵਿੱਖ ਨਾਲ ਖਿਲਵਾੜ ਨਾ ਕੀਤਾ ਜਾਵੇ।

# ਆਪਣੇ ਬੱਚੇ ਨੂੰ ਆਤਮ-ਵਿਸ਼ਵਾਸੀ ਬਣਾਓ

**ਡਾ. ਨਿਸ਼ਾਨ ਸਿੰਘ**



ਮੌਜੂਦਾ ਦੌਰ ਵਿਚ ਸਕੂਲੀ ਬੱਚੇ ਕਈ ਪ੍ਰਕਾਰ ਦੇ ਮਨੋਰੋਗਾਂ ਦੀ ਚਪੇਟ ਵਿਚ ਆ ਰਹੇ ਹਨ। ਬੱਚਿਆਂ ਵਿਚ ਤਣਾਓ ਵਧ ਰਿਹਾ ਹੈ। ਉਹ ਚਾਹੇ ਪੜ੍ਹਾਈ ਦਾ ਤਣਾਓ ਹੋਵੇ, ਆਪਣੇ ਨਾਲ ਵਾਪਰ ਰਹੀਆਂ ਘਟਨਾਵਾਂ ਦਾ ਹੋਵੇ ਜਾਂ ਸਰੀਰ ਵਿਚ ਹੋ ਰਹੇ ਪਰਿਵਰਤਨ ਦਾ ਹੋਵੇ। ਅਜੋਕੇ ਸਮੇਂ 5 ਤੋਂ 15 ਸਾਲ ਤੱਕ ਉਮਰ ਦੇ ਬੱਚੇ ਤਣਾਓ ਦਾ ਸ਼ਿਕਾਰ ਜ਼ਿਆਦਾ ਗਿਣਤੀ ਵਿਚ ਹੋ ਰਹੇ ਹਨ। ਇਸ ਤਣਾਓ ਦਾ ਸਭ ਤੋਂ ਵੱਡਾ ਪ੍ਰਭਾਵ ਇਹ ਪੈ ਰਿਹਾ ਹੈ ਕਿ ਬੱਚਿਆਂ ਵਿਚ ਆਤਮ-ਵਿਸ਼ਵਾਦ ਦੀ ਕਮੀ ਪੈਦਾ ਹੋਣੀ ਸ਼ੁਰੂ ਹੋ ਗਈ ਹੈ। ਆਤਮ-ਵਿਸ਼ਵਾਸ ਦੀ ਕਮੀ ਕਾਰਨ ਬੱਚਿਆਂ ਵਿਚ ਹੀਣ ਭਾਵਨਾ ਘਰ ਕਰ ਗਈ ਹੈ। ਇਸ ਲਈ ਮਾਤਾ-ਪਿਤਾ ਦੀ ਜ਼ਿੰਮੇਵਾਰੀ ਪਹਿਲਾਂ ਨਾਲੋਂ ਵਧੇਰੇ ਮਹੱਤਵਪੂਰਨ ਹੋ ਗਈ ਹੈ ਕਿ ਉਹ ਕਿਸ ਤਰ੍ਹਾਂ ਆਪਣੇ ਬੱਚੇ ਨੂੰ ਆਤਮ-ਵਿਸ਼ਵਾਸੀ ਬਣਾ ਸਕਦੇ ਹਨ ?

ਬੱਚਿਆਂ ਦੇ ਮਾਤਾ-ਪਿਤਾ ਅਕਸਰ ਹੀ ਮਨੋਵਿਗਿਆਨੀਆਂ ਤੋਂ ਸਲਾਹ ਲੈਂਦੇ ਰਹਿੰਦੇ ਹਨ ਕਿ ਕਿਸ ਪ੍ਰਕਾਰ ਹੀਣ ਭਾਵਨਾ ਨਾਲ ਗ੍ਰਸਤ ਬੱਚੇ ਦਾ ਆਤਮ-ਵਿਸ਼ਵਾਸ ਮੁੜ ਤੋਂ ਵਧਾਇਆ ਜਾ ਸਕਦਾ ਹੈ ? ਕਿਵੇਂ ਬੱਚੇ ਦੇ ਮਨ 'ਚੋਂ ਡਰ ਅਤੇ ਹੀਣ ਭਾਵਨਾ ਕੱਢੀ ਜਾਵੇ ? ਅਜੋਕੇ ਸਮੇਂ ਵਿਚ ਜੇਕਰ ਮਾਤਾ-ਪਿਤਾ ਹੇਠ ਲਿਖੇ ਕੁਝ ਨਿਯਮਾਂ ਦਾ ਪਾਲਣ ਕਰਨ ਤਾਂ ਹੀਣ ਭਾਵਨਾ ਨਾਲ ਗ੍ਰਸਤ ਸਕੂਲੀ ਬੱਚਿਆਂ ਵਿਚ ਆਤਮ-ਵਿਸ਼ਵਾਸ ਦੀ ਭਾਵਨਾ ਮੁੜ ਤੋਂ ਪੈਦਾ ਕੀਤੀ ਜਾ ਸਕਦੀ ਹੈ। ਸਭ ਤੋਂ ਪਹਿਲਾਂ ਇਹ ਪਛਾਣ ਕਿਸ ਤਰ੍ਹਾਂ ਹੋਵੇ ਕਿ ਬੱਚਾ ਹੀਣ ਭਾਵਨਾ ਨਾਲ ਗ੍ਰਸਤ ਹੋ ਗਿਆ ਹੈ ਅਤੇ ਉਸ ਵਿਚ ਆਤਮ-ਵਿਸ਼ਵਾਸ ਦੀ ਕਮੀ ਹੈ। ਇਸ ਪਛਾਣ ਦੇ ਕੁਝ ਲੱਛਣ ਇਸ ਪ੍ਰਕਾਰ ਹਨ–

× ਬੱਚਾ ਘੱਟ ਬੋਲਣ ਲਗਦਾ ਹੈ। ਉਹ ਕਿਸੇ ਨਾਲ ਵੀ ਖੁੱਲ੍ਹ ਕੇ ਗੱਲ ਨਹੀਂ ਕਰਦਾ ਅਤੇ ਆਪਣੇ ਮਨ ਦੀ ਗੱਲ ਦੱਸਣ ਤੋਂ ਸੰਕੋਚ ਕਰਦਾ ਹੈ। × ਪੜ੍ਹਾਈ ਵਿਚ ਧਿਆਨ ਨਹੀਂ ਦੇਵੇਗਾ। × ਹੀਣ ਭਾਵਨਾ ਨਾਲ ਗ੍ਰਸਤ ਬੱਚਾ ਇਕੱਲਾ ਬੈਠਣਾ ਪਸੰਦ ਕਰੇਗਾ, ਜਿੱਥੇ ਪਰਿਵਾਰ ਦੇ ਮੈਂਬਰ ਬੈਠਣਗੇ, ਉਹ ਉਸ ਜਗ੍ਹਾ ਤੋਂ ਦੂਰ ਜਾਵੇਗਾ।

× ਆਪਣੇ ਕੱਪੜਿਆਂ ਦੀ ਸਾਫ਼-ਸਫ਼ਾਈ ਵੱਲ ਬਹੁਤਾ ਧਿਆਨ ਨਹੀਂ ਦੇਵੇਗਾ ਅਤੇ ਗੰਦੇ ਕੱਪੜੇ/ਬੂਟ ਆਦਿ ਪਾ ਕੇ ਰੱਖੇਗਾ।× ਉਹ ਆਪਣੇ ਕਮਰੇ ਵਿਚ ਹੀ ਬੈਠਣਾ ਪਸੰਦ ਕਰੇਗਾ, ਬਾਹਰ ਦੋਸਤਾਂ ਨਾਲ ਘੁੰਮਣ-ਫਿਰਨ ਤੋਂ ਗੁਰੇਜ਼ ਕਰੇਗਾ।

× ਅਜਿਹੇ ਬੱਚੇ ਜ਼ਿੱਦੀ ਸੁਭਾਅ ਦੇ ਹੋ ਜਾਂਦੇ ਹਨ। ਜੇਕਰ ਮਾਤਾ-ਪਿਤਾ ਕਿਸੇ ਕੰਮ ਤੋਂ ਮਨ੍ਹਾਂ ਕਰਦੇ ਹਨ ਤਾਂ ਇਹ ਉਸ ਕੰਮ ਨੂੰ ਕਰਦੇ ਹਨ, ਜਿਹੜਾ ਮਾਤਾ-ਪਿਤਾ ਨੇ ਮਨ੍ਹਾਂ ਕੀਤਾ ਹੁੰਦਾ ਹੈ।

**ਆਤਮ-ਵਿਸ਼ਵਾਸ ਕਿਵੇਂ ਦਿਵਾਈਏ ?**

× ਬੱਚੇ ਵਿਚ ਹੀਣ ਭਾਵਨਾ ਪੈਦਾ ਹੋਣ ਦੇ ਕਾਰਨਾਂ ਦਾ ਪਤਾ ਕਰਨ ਦੀ ਕੋਸ਼ਿਸ਼ ਕਰੋ ਅਤੇ ਇਨ੍ਹਾਂ ਨੂੰ ਦੂਰ ਕਰਨ ਲਈ ਕਿਸੇ ਚੰਗੇ ਮਨੋਵਿਗਿਆਨੀ ਨਾਲ ਗੱਲਬਾਤ ਕਰੋ।

× ਬੱਚੇ ਨਾਲ ਦੋਸਤਾਂ ਵਾਂਗ ਪੇਸ਼ ਆਓ ਅਤੇ ਉਸ ਨਾਲ ਹਾਸਾ-ਮਜ਼ਾਕ ਕਰੋ, ਤਾਂ ਕਿ ਉਹ ਖੁਸ਼ ਹੋ ਸਕੇ।

× ਬੱਚੇ ਨਾਲ ਮਾਰ-ਕੁੱਟ ਜਾਂ ਗਾਲੀ-ਗਲੋਚ ਨਾ ਕਰੋ ਅਤੇ ਭੁੱਲ ਕੇ ਵੀ ਕਦੇ ਤਾਹਨੇ-ਮਿਹਣੇ ਨਾ ਮਾਰੋ। ਨਹੀਂ ਤਾਂ ਬੱਚਾ ਪਹਿਲਾਂ ਨਾਲੋਂ ਜ਼ਿਆਦਾ ਪ੍ਰੇਸ਼ਾਨ ਹੋ ਸਕਦਾ ਹੈ।

× ਬੱਚੇ ਨੂੰ ਖਾਣੇ ਵਿਚ ਉਸ ਦੀ ਪਸੰਦ ਪੁੱਛੋ ਅਤੇ ਉਸ ਲਈ ਵਿਸ਼ੇਸ਼ ਤੌਰ 'ਤੇ ਉਹ ਖਾਣਾ ਬਣਾਓ, ਜਿਹੜਾ ਉਸ ਨੂੰ ਪਸੰਦ ਹੈ।

× ਸਾਰੇ ਪਰਿਵਾਰਕ ਜੀਅ ਇਕੱਠੇ ਬੈਠ ਕੇ ਟੀ.ਵੀ. ਦੇਖੋ ਜਾਂ ਫ਼ਿਲਮ ਵਗੈਰਾ ਦੇਖੋ, ਤਾਂ ਕਿ ਉਹ ਤੁਹਾਡੇ ਨਾਲ ਖੁੱਲ੍ਹ ਕੇ ਗੱਲਬਾਤ ਕਰ ਸਕੇ।

× ਬੱਚੇ ਨਾਲ ਬਾਹਰ ਘੁੰਮਣ ਲਈ ਨਿਕਲੋ ਅਤੇ ਉਸ ਦੇ ਦੋਸਤਾਂ-ਮਿੱਤਰਾਂ ਦੇ ਘਰ ਜਾਓ।

× ਬੱਚੇ ਨੂੰ ਪਿਆਰ ਨਾਲ ਸਕੂਲ ਦਾ ਕੰਮ ਕਰਵਾਓ। ਉਸ ਨੂੰ ਪੜ੍ਹਾਈ ਦੀ ਅਹਿਮੀਅਤ ਬਾਰੇ ਜਾਣਕਾਰੀ ਦਿਓ।

× ਬੱਚੇ ਦੀਆਂ ਕਮੀਆਂ ਉਸ ਦੇ ਯਾਰਾਂ-ਦੋਸਤਾਂ ਦੇ ਸਾਹਮਣੇ ਨਾ ਦੱਸੋ।

× ਆਪਣੇ ਬੱਚੇ ਦੀ ਤੁਲਨਾ ਦੂਜੇ ਬੱਚਿਆਂ ਨਾਲ ਨਾ ਕਰੋ, ਕਿਉਂਕਿ ਹਰ ਬੱਚੇ ਦੇ ਸੋਚਣ ਅਤੇ ਕੰਮ ਕਰਨ ਦੀ ਯੋਗਤਾ ਵੱਖਰੀ-ਵੱਖਰੀ ਹੁੰਦੀ ਹੈ।

× ਸਕੂਲ ਵਿਚ ਜਾ ਕੇ ਉਸ ਦੇ ਅਧਿਆਪਕ ਨਾਲ ਗੱਲ ਕਰੋ ਅਤੇ ਉਨ੍ਹਾਂ ਨੂੰ ਮਦਦ ਲਈ ਬੇਨਤੀ ਕਰੋ।

× ਬੱਚੇ ਸਾਹਮਣੇ ਆਪਣੇ ਪਤੀ/ਪਤਨੀ ਨਾਲ ਲੜਾਈ-ਝਗੜਾ ਨਾ ਕਰੋ, ਨਹੀਂ ਤਾਂ ਬੱਚੇ ਦੇ ਮਨ 'ਤੇ ਬੁਰਾ ਪ੍ਰਭਾਵ ਪੈਂਦਾ ਹੈ।

× ਬੱਚੇ ਨੂੰ ਉਸ ਦੀਆਂ ਪਸੰਦ ਦੀਆਂ ਵਸਤਾਂ ਜਿਵੇਂ ਕੱਪੜੇ, ਬੂਟ, ਖਿਡੌਣੇ ਅਤੇ ਮਨੋਰੰਜਨ ਦੀਆਂ ਚੀਜ਼ਾਂ ਲੈ ਕੇ ਦਿਓ।

# ਤੰਦਰੁਸਤ ਰਹਿਣ ਲਈ ਦਫ਼ਤਰ ਵਿਚ ਕਰੋ ਕੁਝ ਕਸਰਤ



ਅਕਸਰ ਜਦੋਂ ਫਿਟਨੈਸ ਦੀ ਗੱਲ ਆਉਂਦੀ ਹੈ ਤਾਂ ਜ਼ਿਆਦਾ ਲੋਕਾਂ ਦਾ ਕਹਿਣਾ ਹੁੰਦਾ ਹੈ ਕਿ ਕੀ ਕਰੀਏ, ਸਮਾਂ ਹੀ ਨਹੀਂ ਮਿਲਦਾ। ਇਹ ਆਮ ਸ਼ਿਕਾਇਤ ਨੌਕਰੀ ਕਰਨ ਵਾਲਿਆਂ ਅਤੇ ਘਰ ਵਿਚ ਰਹਿਣ ਵਾਲੀਆਂ ਔਰਤਾਂ ਦੀ ਹੁੰਦੀ ਹੈ। ਜੇਕਰ ਸੋਚ ਲਓ ਕਿ ਅਸੀਂ ਸਿਹਤਮੰਦ ਰਹਿਣਾ ਹੈ ਤਾਂ ਸਮਾਂ ਕੱਢਣਾ ਵੀ ਜ਼ਿਆਦਾ ਮੁਸ਼ਕਿਲ ਨਹੀਂ ਹੈ।

ਘੰਟਿਆਂ ਬੱਧੀ ਦਫ਼ਤਰ ਵਿਚ ਬੈਠ ਕੇ ਕੰਮ ਕਰਨ, ਕੋਈ ਵੀ ਸਰੀਰਕ ਕਿਰਿਆ ਨਾ ਕਰਨ ਨਾਲ ਸਾਡੀ ਸਿਹਤ 'ਤੇ ਕਾਫੀ ਅਸਰ ਪੈਂਦਾ ਹੈ। ਆਪਣੀ ਮੇਜ਼-ਕੁਰਸੀ ਦਾ ਸਹਾਰਾ ਲੈ ਕੇ ਅਸੀਂ ਕੁਝ ਆਸਾਨ ਕਸਰਤ ਕਰਕੇ ਆਪਣੇ ਸਰੀਰ ਨੂੰ ਫਿੱਟ ਰੱਖ ਸਕਦੇ ਹਾਂ।

× ਕੁਰਸੀ 'ਤੇ ਬੈਠੇ-ਬੈਠੇ ਦੋਵਾਂ ਨੂੰ ਸਿੱਧਾ ਸਟ੍ਰੈਚ ਕਰੋ, ਫਿਰ ਢਿੱਲਾ ਛੱਡੋ। ਇਸੇ ਤਰ੍ਹਾਂ 5 ਵਾਰ ਇਸ ਕਿਰਿਆ ਨੂੰ ਦੁਹਰਾ ਲਓ।

× ਕੁਰਸੀ 'ਤੇ ਬੈਠੇ ਹੋਏ ਦੋਵਾਂ ਪੈਰਾਂ ਦੀਆਂ ਉਂਗਲੀਆਂ ਖੋਲ੍ਹੋ, ਬੰਦ ਕਰੋ। ਇਸ ਤਰ੍ਹਾਂ 5 ਤੋਂ 10 ਵਾਰ ਕਰੋ। ਅਜਿਹਾ ਕਰਨ ਨਾਲ ਪੈਰਾਂ ਅਤੇ ਉਂਗਲੀਆਂ ਵਿਚ ਖ਼ੂਨ ਦਾ ਸੰਚਾਰ ਚੰਗੀ ਤਰ੍ਹਾਂ ਹੋਵੇਗਾ।

× ਕੁਰਸੀ 'ਤੇ ਬੈਠੋ ਫਿਰ ਦੋਵੇਂ ਪੈਰ ਮਿਲਾ ਕੇ ਦੋਵਾਂ ਨੂੰ ਸੱਜੇ ਪਾਸੇ, ਖੱਬੇ ਪਾਸੇ ਲੈ ਜਾਓ। ਉਨ੍ਹਾਂ ਨੂੰ ਗੋਲ-ਗੋਲ ਘੁਮਾਓ, 5 ਵਾਰ ਕਲਾਕ ਵਾਈਜ਼, 5 ਵਾਰ ਐਂਟੀ ਕਲਾਕ ਵਾਈਜ਼। ਗਿੱਟਿਆਂ ਵਿਚ ਖਿਚਾਅ ਮਹਿਸੂਸ ਹੋਵੇਗਾ।

× ਦੋਵਾਂ ਮੋਢਿਆਂ ਨੂੰ ਉੱਪਰ ਚੁੱਕਦੇ ਹੋਏ ਕੰਨਾਂ ਤੱਕ ਲੈ ਜਾਣ ਦੀ ਕੋਸ਼ਿਸ਼ ਕਰੋ, ਵਾਪਸ ਲਿਆਓ। 5 ਵਾਰ ਕਰੋ। ਦੋਵਾਂ ਮੋਢਿਆਂ ਤੋਂ ਬਾਹਾਂ ਨੂੰ ਗੋਲ ਘੁਮਾਓ, ਕਲਾਕ ਵਾਈਜ਼, ਐਂਟੀ ਕਲਾਕ ਵਾਈਜ਼। ਮੋਢੇ ਪ੍ਰਭਾਵਿਤ ਹੋਣਗੇ। ਉਨ੍ਹਾਂ ਵਿਚ ਫਲੈਕਸੀਬਿਲਟੀ ਵਧੇਗੀ।

× ਦੋਵੇਂ ਹੱਥਾਂ ਨੂੰ ਕੁਰਸੀ ਦੇ ਪਿੱਛੇ ਸਿੱਧੇ ਫੈਲਾਉਂਦੇ ਹੋਏ ਛੱਤ ਵੱਲ ਦੇਖੋ, ਰਿਲੈਕਸ ਕਰੋ। ਮੋਢੇ ਪ੍ਰਭਾਵਿਤ ਹੋਣਗੇ।

× ਵਾਰ-ਵਾਰ ਇੰਟਰਕਾਮ 'ਤੇ ਗੱਲ ਕਰਨ ਦੀ ਬਜਾਏ ਵਿਚ-ਵਿਚ ਉੱਠ ਕੇ ਸਹਿਕਰਮੀ ਦੇ ਕੋਲ ਜਾ ਕੇ ਗੱਲਬਾਤ ਕਰੋ।

× ਦਫ਼ਤਰ ਵਿਚ ਪੌੜੀਆਂ ਦੀ ਵਰਤੋਂ ਕਰੋ।

× ਦਫ਼ਤਰ ਵਿਚ ਥੋੜ੍ਹੀ ਦੇਰ ਲਈ ਆਪਣੀ ਸੀਟ 'ਤੇ ਖੜ੍ਹੇ ਹੋ ਕੇ ਕੰਮ ਕਰੋ।

× ਪੈਂਟ੍ਰੀ ਵਿਚ ਖੁਦ ਜਾ ਕੇ ਖਾਣ-ਪੀਣ ਦਾ ਸਾਮਾਨ ਲਿਆਓ।

× ਕੰਪਿਊਟਰ 'ਤੇ ਕੰਮ ਕਰਦੇ ਸਮੇਂ ਬਾਡੀ ਪਾਸ਼ਚਰ 'ਤੇ ਧਿਆਨ ਦਿਓ।

× ਖੱਬੇ ਪੈਰ 'ਤੇ ਸੱਜੇ ਪੈਰ ਨੂੰ ਕ੍ਰਾਸ ਕਰਕੇ ਰੱਖੋ ਅਤੇ ਪਿੱਠ ਨੂੰ ਸੱਜੇ ਪਾਸੇ ਮੋੜਨ ਦੀ ਕੋਸ਼ਿਸ਼ ਕਰੋ। ਇਸੇ ਤਰ੍ਹਾਂ ਇਹੀ ਕਿਰਿਆ ਪੈਰ ਬਦਲ ਕੇ ਕਰੋ।

× ਕੁਰਸੀ 'ਤੇ ਬੈਠੇ ਹੋਏ ਦੋਵੇਂ ਹਥੇਲੀਆਂ ਨੂੰ ਇੰਟਰਲਾਕ ਕਰਕੇ ਸਿਰ 'ਤੇ ਰੱਖੋ, ਫਿਰ ਸੱਜੇ ਪਾਸੇ ਕਮਰ ਤੋਂ ਝੁਕੋ। ਇਸੇ ਤਰ੍ਹਾਂ ਖੱਬੇ ਪਾਸੇ ਥੋੜ੍ਹਾ ਝੁਕੋ। 3-4 ਵਾਰ ਇਸ ਨੂੰ ਦੁਹਰਾਓ।

# ਸਿਹਤ ਲਈ ਖ਼ਤਰਨਾਕ ਹੈ ਕੁਦਰਤ ਨਾਲ ਖਿਲਵਾੜ

**ਦੀਪਕ ਲਾਲਵਾਨੀ**

ਮਾਨਵਤਾ ਅਤੇ ਵਾਤਾਵਰਨ ਨਾਲ ਲਗਾਤਾਰ ਕੀਤੇ ਜਾ ਰਹੇ ਖਿਲਵਾੜ ਦੇ ਦੌਰ ਵਿਚ ਜੇ ਮਨੁੱਖ ਇਸ ਮਹੱਤਵ ਨੂੰ ਨਹੀਂ ਸਮਝ ਸਕਿਆ ਤਾਂ ਮਹਾਂਵਿਨਾਸ਼ ਨਿਸਚਿਤ ਸਮਝੋ। ਮਨੁੱਖੀ ਸਮਾਜ ਇਸ ਸਮੇਂ ਇਕ ਅਜਿਹੇ ਚੌਰਾਹੇ 'ਤੇ ਖੜ੍ਹਾ ਹੈ, ਜਿਥੇ ਉਸ ਨੇ ਤੈਅ ਕਰਨਾ ਹੈ ਕਿ ਧਾਰਮਿਕ ਕੱਟੜਤਾ, ਸਾਮਵਾਦੀ ਜਨੂੰਨ ਅਤੇ ਪੂੰਜੀਪਤੀਆਂ ਦੇ ਸ਼ੋਸ਼ਣ ਦੇ ਰਾਹ 'ਤੇ ਹੀ ਚਲਦੇ ਰਹਿਣਾ ਹੈ ਜਾਂ ਫਿਰ ਅਜਿਹਾ ਰਾਹ ਤਲਾਸ਼ ਕਰਨਾ ਹੈ ਜੋ ਮਨੁੱਖੀ ਜੀਵਨ ਅਤੇ ਵਾਤਾਵਰਨ ਨੂੰ ਤੰਦਰੁਸਤ, ਸੁੰਦਰ ਅਤੇ ਖੁਸ਼ਹਾਲ ਬਣਾਵੇ। ਜੋ ਲੋਕ ਇਹ ਸੋਚਦੇ ਹਨ ਕਿ ਅਸੀਂ ਦੂਜਿਆਂ ਦੀ ਹੋਂਦ ਮਿਟਾ ਕੇ ਹੀ ਸੁਖੀ ਰਹਿ ਸਕਦੇ ਹਾਂ ਜਾਂ ਆਪਣੀ ਸੱਤਾ ਕਾਇਮ ਕਰ ਸਕਦੇ ਹਾਂ, ਉਹ ਜ਼ਰਾ ਇਤਿਹਾਸ ਵਿਚ ਝਾਕ ਕੇ ਦੇਖਣ। ਹਿੰਸਕ ਸਮਾਜ ਆਪਣੀ ਹੋਂਦ ਖੁਦ ਖੋ ਬੈਠਦਾ ਹੈ। ਜਦੋਂ ਕਿ ਨਹੀਂ ਰਹੇਗਾ ਤਾਂ ਦੂਜਾ ਵੀ ਨਹੀਂ ਰਹੇਗਾ। ਸਾਰੇ ਇਕ-ਦੂਜੇ ਨਾਲ ਜੁੜੇ ਹਨ। ਧਰਤੀ 'ਤੇ ਰੁੱਖ ਨਹੀਂ ਰਹਿਣਗੇ ਤਾਂ ਬਾਕੀ ਹੋਰ ਕਿਸੇ ਦੇ ਬਚਣ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਅੱਜ ਹਾਲਾਤ ਇਹ ਹਨ ਕਿ ਮਨੁੱਖ ਹਰ ਤਰੀਕੇ ਨਾਲ ਵਾਤਾਵਰਨ ਨੂੰ ਨੁਕਸਾਨ ਪਹੁੰਚਾ ਕੇ ਇਹ ਸਮਝਦਾ ਹੈ ਕਿ ਉਹ ਬਚ ਜਾਵੇਗਾ। ਪਰ ਇਹ ਉਸ ਦੀ ਭੁੱਲ ਹੈ।

ਛੋਟੀਆਂ-ਮੋਟੀਆਂ ਬਿਮਾਰੀਆਂ ਦੀ ਇਕ ਪ੍ਰਮੁੱਖ ਵਜ੍ਹਾ ਹੈ ਹਰ ਪਾਸੇ ਫੈਲੀ ਗੰਦਗੀ, ਵਧਦਾ ਹੋਇਆ ਪ੍ਰਦੂਸ਼ਣ, ਦੂਸ਼ਿਤ ਪਾਣੀ ਅਤੇ ਘਟੀਆ ਪੱਧਰ ਦੀ ਖਾਧ ਸਮੱਗਰੀ ਦੀ ਖੁੱਲ੍ਹੇਆਮ ਵਿਕਰੀ। ਜਨਤਕ ਸਥਾਨਾਂ 'ਤੇ ਸਾਫ਼-ਸਫ਼ਾਈ ਦੀ ਲੋੜੀਂਦੀ ਵਿਵਸਥਾ ਦਾ ਨਾ ਹੋਣਾ ਵੀ



ਬਦਕਿਸਮਤੀ ਹੀ ਕਹੀ ਜਾ ਸਕਦੀ ਹੈ। ਵਾਤਾਵਰਨ ਅਤੇ ਕੁਦਰਤ ਦੇ ਨਾਲ ਖਿਲਵਾੜ ਸਮਝਦਾਰੀ ਨਹੀਂ ਹੈ। ਦਿਨ ਅਤੇ ਰਾਤ ਦੀਆਂ ਕਿਰਿਆਵਾਂ ਦਾ ਕੁਦਰਤ ਦੇ ਨਾਲ ਸਿੱਧਾ ਸਬੰਧ ਹੈ ਪਰ ਅੱਜਕਲ੍ਹ ਇਨ੍ਹਾਂ ਸਬੰਧਾਂ ਵਿਚ ਕਠੋਰਤਾ ਪੈਦਾ ਹੋ ਰਹੀ ਹੈ। ਵੱਡੇ-ਬਜ਼ੁਰਗ ਹੀ ਜਦੋਂ ਜੀਵਨ ਸ਼ੈਲੀ ਵਿਚ ਆਏ ਬਦਲਾਵਾਂ ਤੋਂ ਬੇਫਿਕਰ ਹੋ ਜਾਣ ਤਾਂ ਇਸ ਦਾ ਖਮਿਆਜ਼ਾ ਨਵੀਂ ਪੀੜ੍ਹੀ ਨੂੰ ਤਾਂ ਭੁਗਤਣਾ ਹੀ ਪਵੇਗਾ। ਕਈ ਫੈਕਟਰੀਆਂ ਦੀਆਂ ਚਿਮਨੀਆਂ ਜ਼ਹਿਰੀਲਾ ਧੂੰਆਂ ਛੱਡਦੀਆਂ ਰਹਿੰਦੀਆਂ ਹਨ, ਜਿਸ ਨਾਲ ਵਾਤਾਵਰਨ ਦਾ ਮਜ਼ਾਕ ਵੀ ਉਡਦਾ ਰਹਿੰਦਾ ਹੈ। ਚਿਮਨੀਆਂ ਵਿਚੋਂ ਨਿਕਲਣ ਵਾਲਾ ਜ਼ਹਿਰੀਲਾ ਧੂੰਆਂ ਅਤੇ ਪ੍ਰਦੂਸ਼ਤ ਪਾਣੀ ਨਦੀਆਂ ਅਤੇ ਨਾਲਿਆਂ ਵਿਚ ਵਹਾ ਦਿੱਤਾ ਜਾਂਦਾ ਹੈ, ਜਿਸ ਕਾਰਨ ਨਦੀਆਂ ਅਤੇ ਨਾਲਿਆਂ ਦੇ ਆਸ-ਪਾਸ ਦੇ ਖੇਤਰ ਵੀ ਪ੍ਰਦੂਸ਼ਿਤ ਹੁੰਦੇ ਜਾ ਰਹੇ ਹਨ।

ਵਾਤਾਵਰਨ ਦੇ ਨਾਲ ਹੋ ਰਿਹਾ ਇਹ ਖਿਲਵਾੜ ਕਰੋੜਾਂ ਲੋਕਾਂ ਲਈ ਖ਼ਤਰੇ ਦੀ ਘੰਟੀ ਹੈ। ਤੇਜ਼ੀ ਦੇ ਵਿਕਾਸ ਦੇ ਨਾਂਅ 'ਤੇ ਕਈ ਵਿਦੇਸ਼ੀ ਕੰਪਨੀਆਂ ਨੂੰ ਭਾਰਤ ਵਿਚ ਆਉਣ ਦੀ ਖੁੱਲ੍ਹ ਦੇ ਰੱਖੀ ਹੈ। ਇਥੇ ਬੇਰੁਜ਼ਗਾਰੀ ਦੇ ਨਾਂਅ ਦਾ ਡੰਕਾ ਵਜਾ ਕੇ ਵਿਦੇਸ਼ੀ ਕੰਪਨੀਆਂ ਨੂੰ ਖੁੱਲ੍ਹੀ ਛੁੱਟੀ ਦੇ ਕੇ ਧੜੱਲੇ ਨਾਲ ਜੰਗਲਾਂ ਦੀ ਕਟਾਈ ਕਰਕੇ ਆਪਣੇ ਕਾਰਖਾਨੇ ਖੋਲ੍ਹ ਰਹੇ ਹਨ। 'ਭਾੜ ਮੇਂ ਜਾਏ ਜਨਤਾ, ਅਪਨਾ ਕਾਮ ਬਨਤਾ' ਕਹਾਵਤ ਨੂੰ ਚਰਿਤਾਰਥ ਕਰਕੇ ਵਿਦੇਸ਼ੀ ਕੰਪਨੀਆਂ ਇਥੋਂ ਧੰਨ ਕਮਾ ਕੇ ਆਪਣੇ ਦੇਸ਼ਾਂ ਵਿਚ ਲਿਜਾ ਕੇ ਜਮ੍ਹਾਂ ਕਰ ਰਹੀਆਂ ਹਨ ਅਤੇ ਆਮ ਆਦਮੀ ਦੀ ਸਿਹਤ ਨਾਲ ਖਿਲਵਾੜ ਕਰਕੇ ਵਾਤਾਵਰਨ ਲਈ ਖ਼ਤਰਾ ਪੈਦਾ ਕਰ ਰਹੀਆਂ ਹਨ, ਜਿਸ ਦਾ ਖਮਿਆਜ਼ਾ ਆਉਣ ਵਾਲੇ ਦਿਨਾਂ ਵਿਚ ਭਾਰਤ ਵਾਸੀਆਂ ਨੂੰ ਹੀ ਭੁਗਤਣਾ ਪਵੇਗਾ।

# ਪਹਿਲਾਂ ਖਾਈ ਜਾਓ, ਫਿਰ ਪਛਤਾਈ ਜਾਓ

**ਸੀਤੇਸ਼ ਕੁਮਾਰ**



ਡਟ ਕੇ ਖਾਣ-ਪੀਣ ਦੀ ਪਰੰਪਰਾ ਜਿਹੀ ਚੱਲ ਪਈ ਹੈ। ਛੋਟੀ-ਵੱਡੀ ਸਫਲਤਾ ਮਿਲਣ ਅਤੇ ਖੁਸ਼ੀ ਹੋਣ 'ਤੇ ਲੋਕ ਖਾਣ ਅਤੇ ਖਵਾਉਣ ਲਈ ਤਿਆਰ ਮਿਲ ਜਾਂਦੇ ਹਨ। ਭੁੱਖ ਨਹੀਂ, ਭੁੱਖੇ ਨਹੀਂ, ਫਿਰ ਵੀ ਲੋਕ ਡਟ ਕੇ ਖਾਣੇ ਲਈ ਤਿਆਰ ਰਹਿੰਦੇ ਹਨ। ਪਾਰਟੀਆਂ ਦੇਣਾ, ਲੈਣਾ ਆਮ ਹੋ ਗਿਆ ਹੈ। ਖਾਈ ਜਾਓ, ਖਾਈ ਜਾਓ ਦਾ ਖ਼ਤਰਨਾਕ ਰਿਵਾਜ ਵਧ ਰਿਹਾ ਹੈ। ਲੋਕ ਬੇਪ੍ਰਵਾਹ ਹੋ ਕੇ ਭੋਜਨ ਕਰਨ ਲਈ ਤਤਪਰ ਰਹਿੰਦੇ ਹਨ।

ਪਾਰਟੀਆਂ ਵਗੈਰਾ ਵਿਚ ਲੋਕ ਡਟ ਕੇ ਖਾ ਰਹੇ ਹਨ। ਬੇਮੇਲ ਅਤੇ ਬੇਵਜ੍ਹਾ ਭੋਜਨ ਕਰ ਰਹੇ ਹਨ। ਘਰਾਂ ਵਿਚ ਟੀ. ਵੀ. ਦੇਖਦੇ ਸਮੇਂ ਖਾਣ ਦੀ ਆਦਤ ਪੈ ਗਈ ਹੈ। ਖਾਣੇ ਦਾ ਉਲਟਾ ਜਿਹਾ ਰਿਵਾਜ ਚੱਲਣ ਲੱਗਾ ਹੈ। ਰਾਤ ਨੂੰ ਜਦੋਂ ਦਿਨ ਦੇ ਮੁਕਾਬਲੇ ਘੱਟ ਖਾਣਾ ਚਾਹੀਦਾ ਹੈ, ਉਦੋਂ ਹੀ ਲੋਕ ਪਾਰਟੀ, ਸਮਾਗਮ ਵਿਚ ਜਾਂ ਟੀ. ਵੀ. ਦੇ ਸਾਹਮਣੇ ਡਟ ਕੇ ਜਾਂ ਤੁੰਨ-ਤੁੰਨ ਕੇ ਖਾ ਰਹੇ ਹੁੰਦੇ ਹਨ। ਇਸ ਤਰ੍ਹਾਂ ਵਾਧੂ ਖਾਣ ਨਾਲ ਮੋਟਾਪਾ ਅਤੇ ਬਿਮਾਰੀਆਂ ਦੀਆਂ ਸਮੱਸਿਆਵਾਂ ਵਧ ਰਹੀਆਂ ਹਨ। ਆਧੁਨਿਕ ਆਜੀਵਿਕਾ ਅਤੇ ਦੌੜ-ਭੱਜ ਵਾਲੀ ਜੀਵਨ ਸ਼ੈਲੀ ਨੇ ਖਾਣ-ਪੀਣ ਦੇ ਤਰੀਕੇ ਅਤੇ ਸਮੇਂ ਨੂੰ ਬਦਲ ਦਿੱਤਾ ਹੈ, ਜੋ ਅਜਿਹੀਆਂ ਮੁਸੀਬਤਾਂ ਨੂੰ ਵਧਾਉਣ ਵਿਚ ਸਹਾਇਕ ਸਿੱਧ ਹੋ ਰਿਹਾ ਹੈ।

**ਬੇਪ੍ਰਵਾਹ ਖਾਣ-ਪੀਣ :** ਪਾਰਟੀ, ਸਮਾਗਮ ਜਾਂ ਟੀ. ਵੀ. ਦੇ ਸਾਹਮਣੇ ਖਾਣ ਦੇ ਕਾਰਨ ਸਾਡਾ ਧਿਆਨ ਵੀ ਪਾਰਟੀ, ਸਮਾਗਮ ਜਾਂ ਟੀ. ਵੀ. ਵੱਲ ਹੁੰਦਾ ਹੈ ਅਤੇ ਅਸੀਂ ਬੇਧਿਆਨੀ ਵਿਚ ਖਾਂਦੇ ਰਹਿੰਦੇ ਹਾਂ। ਕਿਹੋ ਜਿਹਾ ਖਾ ਰਹੇ ਹਾਂ ? ਕਿੰਨਾ ਖਾ ਰਹੇ ਹਾਂ ? ਜਾਂ ਕਿਸ ਦੇ ਨਾਲ ਕੀ ਖਾ ਰਹੇ ਹਾਂ ? ਇਹ ਸਭ ਭੁੱਲ ਜਾਂਦੇ ਹਾਂ। ਸਵਾਦ ਜਾਂ ਖਾਣੇ ਦੇ ਸੱਦੇ ਅਤੇ ਖਾਣੇ ਦੀਆਂ ਚੀਜ਼ਾਂ ਨੂੰ ਦੇਖ ਕੇ ਅਸੀਂ ਇਸ ਅਧੀਨ ਹੋ ਕੇ ਸਭ ਕੁਝ ਖਾਣੇ 'ਤੇ ਟੁੱਟ ਪੈਂਦੇ ਹਾਂ। ਅਜਿਹੇ ਵਿਚ ਲੋਕ ਲੋੜ ਤੋਂ ਜ਼ਿਆਦਾ ਖਾਂਦੇ ਹਨ।

**ਬੇਮੇਲ ਖਾਣ-ਪੀਣ :** ਪਾਰਟੀਆਂ ਵਗੈਰਾ 'ਚ ਅਸੀਂ ਕੀ ਖਾਂਦੇ ਹਾਂ, ਕਿਸ ਦੇ ਨਾਲ ਜਾਂ ਕਿਸ ਤੋਂ ਬਾਅਦ ਕੀ ਖਾਣਾ ਚਾਹੀਦਾ ਜਾਂ ਕੀ ਨਹੀਂ ਖਾਣਾ ਚਾਹੀਦਾ, ਇਹ ਅਸੀਂ ਭੁੱਲ ਜਾਂਦੇ ਹਾਂ। ਨਤੀਜੇ ਵਜੋਂ ਸਭ ਕੁਝ ਬੇਮੇਲ ਹੋ ਜਾਂਦਾ ਹੈ। ਖਾਣ ਵਾਲੇ ਨੂੰ ਖਾਣੇ ਦੇ ਸਵਾਦ ਦਾ ਜਾਂ ਉਸ ਤੋਂ ਤ੍ਰਿਪਤੀ ਦਾ ਮਜ਼ਾ ਜ਼ਰੂਰ ਆਉਂਦਾ ਹੈ ਪਰ ਸਨੈਕਸ, ਖਾਣਾ, ਕੌਫੀ, ਕੋਲਡ ਡ੍ਰਿੰਕਸ, ਆਈਸਕ੍ਰੀਮ, ਸਭ ਚੀਜ਼ਾਂ ਪੇਟ ਵਿਚ ਇਕੱਠੀਆਂ ਮਿਲ ਕੇ ਜਦੋਂ ਬਖੇੜਾ ਖੜ੍ਹਾ ਕਰਦੀਆਂ ਹਨ ਤਾਂ ਉਦੋਂ ਸਾਨੂੰ ਬਾਅਦ ਵਿਚ ਹੋਸ਼ ਆਉਂਦੀ ਹੈ ਅਤੇ ਗੜਬੜੀ ਦਾ ਪਤਾ ਲਗਦਾ ਹੈ।

**ਖਾਈ ਜਾਓ ਦਾ ਖਮਿਆਜ਼ਾ :** ਖਾਈ ਜਾਓ ਦੀ ਸੋਚ ਦਾ ਮਾੜਾ ਨਤੀਜਾ ਖਾਣ ਵਾਲੇ ਨੂੰ ਖਾਣੇ ਤੋਂ ਬਾਅਦ ਹੀ ਪਤਾ ਲਗਦਾ ਹੈ। ਪਾਰਟੀ ਜਾਂ ਸਮਾਗਮ ਵਿਚ ਲੋਕ ਸਨੈਕਸ ਅਤੇ ਭੋਜਨ ਵਾਲੀਆਂ ਚੀਜ਼ਾਂ ਇਕੱਠੀਆਂ ਹੀ ਖਾ ਜਾਂਦੇ ਹਨ। ਕੋਲਡ ਡ੍ਰਿੰਕਸ, ਆਈਸਕ੍ਰੀਮ, ਚਾਹ, ਕੌਫੀ ਸਭ ਡਕਾਰ ਜਾਂਦੇ ਹਨ। ਇਹ ਕਬਜ਼, ਅਪਚ, ਪੇਟ ਦਰਦ, ਅਮਲਤਾ, ਪੇਟ ਵਿਚ ਜਲਣ, ਮੋਟਾਪਾ, ਦਿਲ ਦੇ ਰੋਗ ਅਤੇ ਨਾਲ ਹੀ ਹੋਰ ਰੋਗਾਂ ਦਾ ਕਾਰਨ ਬਣਦਾ ਹੈ।

ਖਾਈ ਜਾਓ, ਖਾਈ ਜਾਓ ਤੋਂ ਬਾਅਦ ਪਛਤਾਈ ਜਾਓ ਦੀ ਸਥਿਤੀ ਪੈਦਾ ਹੁੰਦੀ ਹੈ। ਇਸ ਖਾਈ ਜਾਓ ਦੇ ਕੁਝ ਮਾੜੇ ਨਤੀਜੇ ਛੇਤੀ ਪਤਾ ਲੱਗ ਜਾਂਦੇ ਹਨ ਅਤੇ ਕੁਝ ਬਾਅਦ ਵਿਚ ਪਤਾ ਲੱਗਦੇ ਹਨ। ਪਹਿਲਾਂ-ਪਹਿਲ ਤਾਂ ਸਰੀਰ ਬਹੁਤ ਕੁਝ ਝੱਲ ਜਾਂਦਾ ਹੈ, ਟਾਲ ਜਾਂਦਾ ਹੈ, ਫਿਰ ਬਾਅਦ ਵਿਚ ਜਦੋਂ ਵੱਡੀਆਂ ਪ੍ਰੇਸ਼ਾਨੀਆਂ ਸਾਹਮਣੇ ਆਉਂਦੀਆਂ ਹਨ ਤਾਂ ਅਸੀਂ ਸਮਝਦੇ ਹਾਂ ਅਤੇ ਜਾਗਦੇ ਹਾਂ। ਉਦੋਂ ਤੱਕ ਕੁਝ ਬਿਮਾਰੀਆਂ ਨੂੰ ਸਰੀਰ ਵਿਚ ਘਰ ਬਣਾਉਣ ਦਾ ਮੌਕਾ ਮਿਲ ਚੁੱਕਾ ਹੁੰਦਾ ਹੈ।

**ਨਤੀਜਾ, ਹੱਲ ਅਤੇ ਸਾਵਧਾਨੀਆਂ :** ਤੁਸੀਂ ਪਾਰਟੀ ਵਿਚ ਸ਼ਾਮਿਲ ਜ਼ਰੂਰ ਹੋਵੋ ਪਰ ਪੂਰੀ ਪਾਰਟੀ ਜਾਂ ਸਮੂਹ ਭੋਜਨ ਦੇ ਦੌਰਾਨ ਤੁਸੀਂ ਹੋਸ਼ ਬਣਾਈ ਰੱਖੋ। ਖਾਣੇ ਦੇ ਸੱਦੇ ਅਤੇ ਪੇਸ਼ ਕੀਤੀਆਂ ਗਈਆਂ ਚੀਜ਼ਾਂ 'ਤੇ ਵਿਵੇਕਪੂਰਨ ਫੈਸਲਾ ਲਓ। ਮੇਜ਼ 'ਤੇ ਰੱਖੀਆਂ ਗਈਆਂ ਜਾਂ ਪਾਰਟੀ ਵਿਚ ਪਰੋਸੀਆਂ ਗਈਆਂ ਖਾਣ-ਪੀਣ ਦੀਆਂ ਚੀਜ਼ਾਂ ਨੂੰ ਪਹਿਲਾਂ ਦੇਖੋ, ਫਿਰ ਤੈਅ ਕਰੋ ਕਿ ਸਵਾਦ ਲਈ ਖਾਓਗੇ ਜਾਂ ਸਿਹਤ ਲਈ।

ਹਮੇਸ਼ਾ ਪਲੇਟ ਛੋਟੀ ਲਓ। ਚਮਚ ਛੋਟਾ ਲਓ। ਪਲੇਟ ਵਿਚ ਘੱਟ ਮਾਤਰਾ ਵਿਚ ਆਪਣੇ ਸਵਾਦ ਵਾਲੀ ਚੀਜ਼ਾਂ ਜਾਂ ਸਿਹਤ ਵਾਲੀ ਚੀਜ਼ ਰੱਖੋ ਅਤੇ ਉਸ ਨੂੰ ਚਮਚ ਨਾਲ ਥੋੜ੍ਹਾ-ਥੋੜ੍ਹਾ ਕਰਕੇ ਆਰਾਮ ਨਾਲ ਖਾਓ। ਜੇ ਸੂਪ ਹੈ ਤਾਂ ਉਸ ਨੂੰ ਖਾਣੇ ਤੋਂ ਪਹਿਲਾਂ ਇਕ ਕਟੋਰੀ ਜਾਂ ਕੱਪ ਸੂਪ ਲੈ ਲਓ। ਫਿਰ ਕੁਝ ਦੇਰ ਦੇ ਫਰਕ ਨਾਲ ਆਪਣੀ ਮਨਪਸੰਦ ਜਾਂ ਸਿਹਤਮੰਦ ਚੀਜ਼ ਘੱਟ ਮਾਤਰਾ ਵਿਚ ਪਲੇਟ ਵਿਚ ਰੱਖ ਕੇ ਚਮਚ ਨਾਲ ਥੋੜ੍ਹਾ-ਥੋੜ੍ਹਾ ਕਰਕੇ ਖਾਓ। ਅਜਿਹਾ ਕਰੋਗੇ ਤਾਂ ਸਵਾਦ ਵਾਲੀਆਂ ਚੀਜ਼ਾਂ ਨਾਲ ਤੁਸੀਂ ਛੇਤੀ ਸੰਤੁਸ਼ਟ ਹੋ ਜਾਓਗੇ ਅਤੇ ਜ਼ਿਆਦਾ ਖਾਣੇ ਤੋਂ ਬਚ ਜਾਓਗੇ। ਸਿਹਤ ਲਈ ਸਲਾਦ, ਫਲ, ਜੂਸ 'ਤੇ ਧਿਆਨ ਦਿਓ। ਪੁੰਗਰੀਆਂ ਚੀਜ਼ਾਂ ਹਨ ਤਾਂ ਉਨ੍ਹਾਂ ਨੂੰ ਲਓ ਪਰ ਆਰਾਮ ਨਾਲ ਥੋੜ੍ਹਾ-ਥੋੜ੍ਹਾ ਖਾਓ। ਖਾਣਾ ਕੁਝ ਵੀ ਖਾਓ ਪਰ ਅਖੀਰ ਵਿਚ ਚਾਹ, ਕੌਫੀ, ਕੋਲਡ ਡ੍ਰਿੰਕਸ ਜਾਂ ਆਈਸਕ੍ਰੀਮ ਕਦੇ ਨਾ ਲਓ। ਜੋ ਵੀ ਲੈਣ ਦੀ ਇੱਛਾ ਹੋਵੇ, ਘੱਟ ਮਾਤਰਾ ਵਿਚ ਲਓ ਅਤੇ ਬੜੇ ਆਰਾਮ ਨਾਲ ਫੁਰਸਤੀਆ ਅੰਦਾਜ਼ ਵਿਚ ਖਾਓ। ਖਾਂਦੇ ਸਮੇਂ ਗੱਲਾਂ ਘੱਟ ਕਰੋ। ਹਮੇਸ਼ਾ ਘੱਟ ਮਾਤਰਾ ਵਿਚ ਪੋਸ਼ਕ ਚੀਜ਼ਾਂ ਖਾਓ। ਤੇਜ਼ ਮਸਾਲਾ, ਗ੍ਰੇਵੀ, ਕੋਲਡ ਡ੍ਰਿੰਕਸ, ਆਈਸਕ੍ਰੀਮ ਤੋਂ ਤੌਬਾ ਕਰੋ ਜਾਂ ਘੱਟ ਮਾਤਰਾ ਵਿਚ ਲਓ। ਕਿਸੇ ਦੇ ਕਹਿਣ 'ਤੇ ਵਿਵੇਕਪੂਰਨ ਫੈਸਲਾ ਲਓ। ਸਿਹਤ ਦੀ ਕੁੰਜੀ ਤੁਹਾਡੇ ਆਪਣੇ ਹੱਥ ਵਿਚ ਹੈ।

# ਚਿੱਟੀ ਮੱਖੀ ਦੀ ਰੋਕਥਾਮ ਲਈ ਖੇਤੀ ਯੂਨੀਵਰਸਿਟੀ ਵੱਲੋਂ ਕੀਤੇ ਉਪਰਾਲੇ



ਕਿਸਾਨ ਵੀਰੋ, ਜਿਵੇਂ ਕਿ ਤੁਸੀਂ ਜਾਣਦੇ ਹੋ ਕਿ ਸਾਲ 2016 ਦੌਰਾਨ ਸਾਇੰਸਦਾਨਾਂ, ਖੇਤੀਬਾੜੀ ਮਾਹਿਰਾਂ ਅਤੇ ਤੁਹਾਡੇ ਸਹਿਯੋਗ ਨਾਲ ਚਿੱਟੀ ਮੱਖੀ 'ਤੇ ਕਾਬੂ ਪਾਇਆ ਗਿਆ। ਜਿਸ ਦੇ ਨਤੀਜੇ ਵਜੋਂ ਪਿਛਲੇ ਸਾਲ ਨਰਮੇ ਦੀ ਰਿਕਾਰਡ ਪੈਦਾਵਾਰ 756 ਕਿੱਲੋ ਪ੍ਰਤੀ ਹੈਕਟੇਅਰ ਹੋਈ। ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬ ਸਰਕਾਰ ਵੱਲੋਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਡਾ: ਬੀ. ਐਸ. ਢਿੱਲੋਂ ਦੀ ਅਗਵਾਈ ਹੇਠ ਤਿੰਨ ਰਾਜਾਂ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੀ ਅੰਤਰਰਾਜੀ ਕਮੇਟੀ ਦਾ ਗਠਨ ਹੋਇਆ ਹੈ। ਇਹ ਕਮੇਟੀ ਨਰਮਾ ਪੱਟੀ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਚਿੱਟੀ ਮੱਖੀ ਦੇ ਸੰਭਾਵਿਤ ਹਮਲੇ ਸਬੰਧੀ ਨਰਮੇ ਦੀ ਫ਼ਸਲ ਦਾ ਅਧਿਐਨ ਕਰਦੀ ਹੈ ਅਤੇ ਲੋੜ ਮੁਤਾਬਕ ਚਿੱਟੀ ਮੱਖੀ ਦੀ ਰੋਕਥਾਮ ਲਈ ਕਾਰਜ-ਨੀਤੀ ਉਲੀਕਦੀ ਹੈ। ਹੁਣ ਤੱਕ ਇਸ ਕਮੇਟੀ ਦੁਆਰਾ ਨਰਮਾ ਪੱਟੀ ਵਿਚ ਪੰਜ ਮੀਟਿੰਗਾਂ ਹੋ ਚੁੱਕੀਆਂ ਹਨ ਅਤੇ ਛੇਵੀਂ ਮੀਟਿੰਗ ਬਠਿੰਡਾ ਵਿਖੇ 12 ਅਗਸਤ, 2017 ਨੂੰ ਹੋ ਗਈ ਹੈ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵਲੋਂ ਫਰਵਰੀ ਮਹੀਨੇ ਤੋਂ ਨਰਮਾ ਪੱਟੀ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਚਿੱਟੀ ਮੱਖੀ ਦੇ ਮੇਜ਼ਬਾਨ ਨਦੀਨ ਜਿਵੇਂ ਕਿ ਪੀਲੀ ਬੂਟੀ, ਕੰਘੀ ਬੂਟੀ, ਪੁੱਠ ਕੰਡਾ, ਧਤੂਰਾ, ਕਾਂਗਰਸ ਘਾਹ, ਜੰਗਲੀ ਸੂਰਜਮੁਖੀ ਅਤੇ ਹੋਰ ਫ਼ਸਲਾਂ ਜਿਵੇਂ ਕਿ ਬੈਂਗਣ, ਕੱਦੂ ਜਾਤੀ ਦੀਆਂ ਫ਼ਸਲਾਂ (ਖੀਰਾ, ਤਰ, ਵੰਗਾਂ, ਕੱਦੂ), ਮੂੰਗੀ, ਮਾਂਹ, ਭਿੰਡੀ, ਮਿਰਚਾਂ, ਟਮਾਟਰ ਦਾ ਲਗਾਤਾਰ ਸਰਵੇਖਣ ਕੀਤਾ ਜਾ ਰਿਹਾ ਹੈ। ਮਾਰਚ-ਅਪ੍ਰੈਲ ਮਹੀਨੇ ਦੌਰਾਨ ਜੰਗੀ ਪੱਧਰ 'ਤੇ ਮਹਿਕਮਾ ਖੇਤੀਬਾੜੀ ਵੱਲੋਂ ਚਿੱਟੀ ਮੱਖੀ ਦੇ ਮੇਜ਼ਬਾਨ ਪੌਦਿਆਂ ਦਾ ਪਿੰਡ ਪੱਧਰ 'ਤੇ ਖਾਤਮਾ ਕਰਵਾਇਆ ਗਿਆ। ਮਾਰਚ ਮਹੀਨੇ ਦੌਰਾਨ ਯੂਨੀਵਰਸਿਟੀ ਵੱਲੋਂ ਬੀ. ਟੀ. ਨਰਮੇ ਦੀਆਂ 45 ਕਿਸਮਾਂ ਦੀ ਸਿਫਾਰਸ਼ ਕੀਤੀ ਗਈ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵਲੋਂ ਕਿਸਾਨਾਂ ਦੀ ਜਾਣਕਾਰੀ ਲਈ ਨਰਮੇ ਦੀ ਸੁਚੱਜੀ ਕਾਸ਼ਤ ਸਬੰਧੀ ਜ਼ਰੂਰੀ ਨੁਕਤਿਆਂ ਦਾ ਪਰਚਾ ਤਿਆਰ ਕੀਤਾ ਗਿਆ ਜੋ ਕਿ ਵੱਖ-ਵੱਖ ਟ੍ਰੇਨਿੰਗ ਕੈਂਪਾਂ ਅਤੇ ਕਿਸਾਨ ਮੇਲਿਆਂ ਦੌਰਾਨ ਕਿਸਾਨਾਂ ਵਿਚ ਵੰਡਿਆ ਗਿਆ। ਇਸ ਤੋਂ ਇਲਾਵਾ ਨਰਮਾ-ਕਣਕ ਫ਼ਸਲੀ ਚੱਕਰ ਦਾ ਕੈਲੰਡਰ ਵੀ ਤਿਆਰ ਕੀਤਾ ਗਿਆ, ਜਿਸ ਵਿਚ ਵੱਖ-ਵੱਖ ਮਹੀਨਿਆਂ ਵਿਚ ਹੋਣ ਵਾਲੇ ਖੇਤੀ ਕੰਮਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਹੈ।



ਕਿਸਾਨਾਂ ਦੀ ਮਦਦ ਲਈ ਯੂਨੀਵਰਸਿਟੀ ਵੱਲੋਂ ਚਿੱਟੀ ਮੱਖੀ ਅਤੇ ਹੋਰ ਕੀੜਿਆਂ ਦੀ ਰੋਕਥਾਮ ਲਈ ਸਿਫਾਰਸ਼ ਕੀਟਨਾਸ਼ਕਾਂ ਦਾ ਚਾਰਟ ਤਿਆਰ ਕੀਤਾ ਗਿਆ, ਜਿਸ ਨੂੰ ਖੇਤੀਬਾੜੀ ਵਿਭਾਗ ਦੁਆਰਾ ਦਵਾਈ ਵਿਕਰੇਤਾਵਾਂ ਦੀਆਂ ਦੁਕਾਨਾਂ 'ਤੇ ਲਗਾਇਆ ਗਿਆ ਤਾਂ ਜੋ ਕਿਸਾਨ ਉਸ ਨੂੰ ਪੜ੍ਹ ਕੇ ਸਿਫਾਰਸ਼ ਕੀਟਨਾਸ਼ਕ ਖਰੀਦ ਸਕਣ। ਇਸ ਤੋਂ ਇਲਾਵਾ ਸਕਾਊਟਾਂ ਅਤੇ ਕੀਟਨਾਸ਼ਕ ਵੇਚਣ ਵਾਲੇ ਡੀਲਰਾਂ ਨੂੰ ਨਰਮਾ ਪੱਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਵਿਖੇ ਟ੍ਰੇਨਿੰਗ ਦਿੱਤੀ ਗਈ ਤਾਂ ਜੋ ਉਹ ਆਪਣੇ ਪਿੰਡਾਂ ਵਿਚ ਜਾ ਕੇ ਲੋਕਾਂ ਨੂੰ ਲੋੜੀਂਦੀ ਜਾਣਕਾਰੀ ਦੇ ਸਕਣ। ਰੇਡੀਓ, ਦੂਰਦਰਸ਼ਨ, ਨਿੱਜੀ ਚੈਨਲ ਅਤੇ ਅਖਬਾਰਾਂ ਰਾਹੀਂ ਵੀ ਕਿਸਾਨਾਂ ਨੂੰ ਚਿੱਟੀ ਮੱਖੀ ਅਤੇ ਹੋਰ ਕੀੜਿਆਂ ਸਬੰਧੀ ਸਮੇਂ-ਸਮੇਂ 'ਤੇ ਲੋੜੀਂਦੀ ਜਾਣਕਾਰੀ ਦਿੱਤੀ ਗਈ। ਸ਼ੁਰੂਆਤੀ ਅਵਸਥਾ ਵਿਚ ਹਫਤੇ ਵਿਚ ਦੋ ਵਾਰ ਅਤੇ ਜੁਲਾਈ ਮਹੀਨੇ ਤੋਂ ਰੋਜ਼ਾਨਾ ਪੀ.ਏ.ਯੂ. ਦੀਆਂ ਟੀਮਾਂ ਦੁਆਰਾ ਤੁਹਾਡੇ ਖੇਤਾਂ ਦਾ ਨਿਰੀਖਣ ਕਰ ਰਹੀਆਂ ਹਨ।

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਬਣਾਏ ਗਏ ਨਵੇਂ ਸਪਰੇਅ ਪੰਪ ਵੀ ਨਰਮਾ ਪੱਟੀ ਦੇ ਹਰ ਜ਼ਿਲ੍ਹੇ ਦੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਵਿਖੇ ਪਹੁੰਚਾਏ ਗਏ ਹਨ ਤਾਂ ਜੋ ਚਿੱਟੀ ਮੱਖੀ 'ਤੇ ਸਹੀ ਢੰਗ ਨਾਲ ਸਪਰੇਅ ਕਰਕੇ ਇਸ ਉੱਪਰ ਕਾਬੂ ਪਾਇਆ ਜਾ ਸਕੇ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਅਤੇ ਖੇਤੀਬਾੜੀ ਵਿਭਾਗ ਵੱਲੋਂ ਨਰਮਾ ਪੱਟੀ ਵਿਚ ਰਸ ਚੂਸਣ ਵਾਲੇ ਕੀੜੇ ਜਿਵੇਂ ਕਿ ਚਿੱਟੀ ਮੱਖੀ, ਹਰੇ ਤੇਲੇ ਅਤੇ ਭੂਰੀ ਜੂੰ (ਥਰਿਪ) ਦੇ ਹਮਲੇ ਦਾ ਲਗਾਤਾਰ ਸਰਵੇਖਣ ਕੀਤਾ ਜਾ ਰਿਹਾ ਹੈ। ਤਾਜ਼ੇ ਸਰਵੇਖਣ ਦੌਰਾਨ ਪਤਾ ਲੱਗਾ ਹੈ ਕਿ ਚਿੱਟੀ ਮੱਖੀ ਦੀ ਗਿਣਤੀ ਆਮ ਤੌਰ 'ਤੇ ਆਰਥਿਕ ਕਗਾਰ (6 ਚਿੱਟੀ ਮੱਖੀ ਪ੍ਰਤੀ ਪੱਤਾ) ਤੋਂ ਘੱਟ ਹੈ ਪਰ ਕੁਝ ਖੇਤਰਾਂ ਵਿਚ ਜਿਵੇਂ ਕਿ ਫਾਜ਼ਿਲਕਾ ਅਤੇ ਬਠਿੰਡਾ ਜ਼ਿਲ੍ਹੇ ਵਿਚ ਚਿੱਟੀ ਮੱਖੀ ਦੀ ਗਿਣਤੀ ਆਰਥਿਕ ਕਗਾਰ ਤੋਂ ਵੱਧ ਪਾਈ ਗਈ ਹੈ। ਕਿਸਾਨਾਂ ਨੂੰ ਚਿੱਟੀ ਮੱਖੀ ਤੋਂ ਘਬਰਾਉਣ ਦੀ ਲੋੜ ਨਹੀਂ ਸਗੋਂ ਚਿੱਟੀ ਮੱਖੀ ਦਾ ਲਗਾਤਾਰ ਸਰਵੇਖਣ ਕਰਦੇ ਰਹਿਣ। ਜੇਕਰ ਚਿੱਟੀ ਮੱਖੀ ਦਾ ਹਮਲਾ ਆਰਥਿਕ ਕਗਾਰ ਤੋਂ ਵਧੇਰੇ ਹੋਵੇ ਤਾਂ 200 ਗ੍ਰਾਮ ਪੋਲੋ/ਰੂਬੀ/ਕਰੇਜ਼/ਲੂਡੋ 25 ਡਬਲਯੂ. ਪੀ. (ਡਾਇਆਫੈਨਥੀਯੂਰੋਨ) ਜਾਂ 80 ਗ੍ਰਾਮ ਉਲਾਲਾ 50 ਡਬਲਯੂ ਜੀ (ਫਲੋਨੀਕਾਮਿਡ) ਦਾ ਛਿੜਕਾਅ ਕਰੋ। ਇਸ ਤੋਂ ਬਾਅਦ ਲੋੜ ਮੁਤਾਬਿਕ ਅਗਲੀ ਸਪਰੇਅ 500 ਮਿਲੀਲਿਟਰ ਲੈਨੋ 10 ਈ. ਸੀ. (ਪਾਈਰੀਪਰੋਕਸੀਫਿਨ) ਜਾਂ 200 ਮਿਲੀਲਿਟਰ ਉਬਰੇਨ 22.9 ਐਸ. ਸੀ. (ਸਪਾਈਰੋਮੈਸੀਫਿਨ) ਦਾ ਛਿੜਕਾਅ ਕਰੋ। ਕੀੜੇ-ਮਕੌੜਿਆਂ ਤੋਂ ਨਰਮੇ ਨੂੰ ਬਚਾਉਣ ਦੇ ਨਾਲ-ਨਾਲ ਪਾਣੀ ਅਤੇ ਖਾਦ ਦਾ ਵੀ ਧਿਆਨ ਰੱਖੋ। ਇਸ ਸਮੇਂ ਨਰਮੇ ਉੱਪਰ ਫੁੱਲ ਡੋਡੀ ਲੱਗੀ ਹੋਈ ਹੈ, ਇਸ ਲਈ ਆਪਣੇ ਖੇਤਾਂ ਨੂੰ ਔੜ ਨਾ ਲੱਗਣ ਦਿਓ ਕਿਉਂਕਿ ਔੜ ਕਾਰਨ ਫੁੱਲ ਡੋਡੀ ਜ਼ਿਆਦਾ ਕਿਰਦੀ ਹੈ। ਲੋੜ ਮੁਤਾਬਿਕ ਨਾਈਟ੍ਰੋਜ਼ਨ ਖਾਦ ਦੀ ਵਰਤੋਂ ਕਰਨੀ ਜ਼ਰੂਰੀ ਹੈ। ਇਸ ਤੋਂ ਇਲਾਵਾ 2 ਕਿੱਲੋ ਪੋਟਾਸ਼ੀਅਮ ਨਾਈਟ੍ਰੇਟ

# ਤੁਹਾਡਾ ਸਿਰਹਾਣਾ ਕਿਹੋ ਜਿਹਾ ਹੋਵੇ?



**ਅੰਜਲੀ ਰੁਪਰੇਲਾ**

ਰਾਤ ਨੂੰ ਸੌਣ ਸਮੇਂ ਸਿਰਹਾਣੇ ਦੀ ਅਹਿਮ ਭੂਮਿਕਾ ਹੁੰਦੀ ਹੈ, ਕਿਉਂਕਿ ਸਿਰਹਾਣਾ ਸਾਡੇ ਸਿਰ ਅਤੇ ਮੋਢਿਆਂ ਨੂੰ ਸਹਾਰਾ ਦਿੰਦਾ ਹੈ। ਕੁੰਭਕਰਨ ਦੀ ਤਰ੍ਹਾਂ 6 ਮਹੀਨੇ ਨਾ ਸਹੀ ਪਰ ਸਾਡੀ ਜ਼ਿੰਦਗੀ ਦਾ ਇਕ-ਤਿਹਾਈ ਹਿੱਸਾ ਤਾਂ ਸੌਣ ਵਿਚ ਹੀ ਨਿਕਲ ਜਾਂਦਾ ਹੈ। ਫਿਰ ਕਿਉਂ ਨਾ ਥੋੜ੍ਹਾ-ਬਹੁਤ ਸਮਾਂ ਸਹੀ ਸਿਰਹਾਣਾ ਚੁਣਨ ਵਿਚ ਲਗਾਇਆ ਜਾਵੇ, ਜਿਸ ਨਾਲ ਧੌਣ ਅਤੇ ਸਿਰਦਰਦ ਦੀ ਸਮੱਸਿਆ ਨਾ ਹੋਵੇ ਅਤੇ ਨੀਂਦ ਵੀ ਚੰਗੀ ਆਵੇ। ਇਨ੍ਹਾਂ ਸਿਰਹਾਣਿਆਂ ਨੂੰ ਅਜ਼ਮਾ ਕੇ ਦੇਖੋ। ਇਨ੍ਹਾਂ ਨਾਲ ਤੁਹਾਨੂੰ ਆਰਾਮ ਜ਼ਰੂਰ ਮਿਲੇਗਾ।

**ਸਖ਼ਤ ਸਿਰਹਾਣਾ :** ਜੇਕਰ ਤੁਸੀਂ ਇਕ ਵੱਖੀ ਭਾਰ ਸੌਂਦੇ ਹੋ ਤਾਂ ਇਹ ਸਿਰਹਾਣਾ ਤੁਹਾਡੇ ਲਈ ਬਿਹਤਰੀਨ ਸਾਬਤ ਹੋਵੇਗਾ। ਤੁਹਾਨੂੰ ਬਸ ਇਕ ਗੱਲ ਦਾ ਧਿਆਨ ਰੱਖਣਾ ਪਵੇਗਾ ਕਿ ਤੁਹਾਡੇ ਸਿਰਹਾਣੇ ਦੀ ਉਚਾਈ ਤੁਹਾਡੇ ਮੋਢਿਆਂ ਦੀ ਉਚਾਈ ਤੱਕ ਆਵੇ।

**ਦਰਮਿਆਨੇ ਨਾਲੋਂ ਸਖ਼ਤ ਸਿਰਹਾਣਾ :** ਪਿੱਠ ਦੇ ਭਾਰ ਸੌਣ ਵਾਲਿਆਂ ਲਈ ਅਜਿਹੇ ਸਿਰਹਾਣੇ ਜੋ ਥੋੜ੍ਹੇ ਘੱਟ ਨਰਮ ਹੁੰਦੇ ਹਨ, ਚੰਗੇ ਰਹਿੰਦੇ ਹਨ। ਇਨ੍ਹਾਂ ਦੀ ਵਰਤੋਂ ਨਾਲ ਨਾ ਤਾਂ ਤੁਹਾਨੂੰ ਅੱਗੇ ਵੱਲ ਹੋ ਕੇ ਅਤੇ ਨਾ ਹੀ ਪਿੱਛੇ ਵੱਲ ਸਿਰ ਝੁਕਾ ਕੇ ਸੌਣ ਦੀ ਲੋੜ ਹੈ।

**ਮੁਲਾਇਮ ਸਿਰਹਾਣਾ :** ਪੇਟ ਦੇ ਭਾਰ ਸੌਣਾ ਠੀਕ ਨਹੀਂ ਰਹਿੰਦਾ, ਫਿਰ ਵੀ ਪੇਟ ਦੇ ਭਾਰ ਸੌਣ ਦੇ ਆਦੀ ਹੋ ਤਾਂ ਇਹ ਸਿਰਹਾਣਾ ਤੁਹਾਡੇ ਲਈ ਆਰਾਮਦਾਇਕ ਸਾਬਤ ਹੋਵੇਗਾ। ਪਰ ਇਹ ਏਨੇ ਮੁਲਾਇਮ ਹੁੰਦੇ ਹਨ ਕਿ ਇਨ੍ਹਾਂ 'ਤੇ ਸੌਂਦੇ ਸਮੇਂ ਸਿਰ ਅੱਗੇ-ਪਿੱਛੇ ਹੁੰਦਾ ਹੈ, ਜਿਸ ਨਾਲ ਧੌਣ ਅਤੇ ਰੀੜ੍ਹ ਦੀ ਹੱਡੀ ਵਿਚ ਤਣਾਅ ਪੈਦਾ ਹੁੰਦਾ ਹੈ।

**ਸਿਰਹਾਣੇ ਦੀ ਦੇਖਭਾਲ :** × ਸਿਰਹਾਣੇ ਨੂੰ ਨਿਯਮਤ ਰੂਪ ਨਾਲ ਸਾਫ਼ ਕਰੋ। ਸਿੰਥੈਟਿਕ ਸਿਰਹਾਣਿਆਂ ਨੂੰ ਵਾਸ਼ਿੰਗ ਮਸ਼ੀਨ ਵਿਚ ਧੋਤਾ ਜਾ ਸਕਦਾ ਹੈ, ਦੂਜੇ ਸਿਰਹਾਣਿਆਂ ਨੂੰ ਡ੍ਰਾਈਕਲੀਨ ਕਰਵਾਓ।

× ਰੂੰ ਦੇ ਸਿਰਹਾਣੇ ਨੂੰ ਕਦੇ ਵੀ ਵਾਸ਼ਿੰਗ ਮਸ਼ੀਨ ਵਿਚ ਨਾ ਧੋਵੋ, ਨਾ ਹੀ ਇਨ੍ਹਾਂ ਨੂੰ ਮੋੜ ਕੇ ਪੈਰਾਂ ਦੇ ਵਿਚ ਲਗਾਓ। ਅਜਿਹਾ ਕਰਨ ਨਾਲ ਰੂੰ ਇਕਦਮ ਟੁੱਟ ਜਾਵੇਗਾ।

× ਸਿਰਹਾਣੇ 'ਤੇ ਹਮੇਸ਼ਾ ਗਿਲਾਫ ਜਾਂ ਕਵਰ ਚੜ੍ਹਾ ਕੇ ਰੱਖੋ। ਇਹ ਗਿਲਾਫ ਸੂਤੀ ਅਤੇ ਜਿਪ ਵਾਲੇ ਹੋਣ ਤਾਂ ਚੰਗਾ ਹੈ। ਇਸ ਨਾਲ ਸਿਰਹਾਣਾ ਜ਼ਿਆਦਾ ਸਮੇਂ ਤੱਕ ਚਲਦਾ ਹੈ ਅਤੇ ਸੂਤੀ ਗਿਲਾਫ ਹੋਣ 'ਤੇ ਗਰਮ ਵੀ ਨਹੀਂ ਰਹਿੰਦਾ ਅਤੇ ਨੀਂਦ ਚੰਗੀ ਆਉਂਦੀ ਹੈ।

× ਸੇਮਲ ਦੀ ਰੂੰ ਦਾ ਸਿਰਹਾਣਾ ਵਰਤੋ। ਇਹ ਬੇਹੱਦ ਕੋਮਲ ਅਤੇ ਆਰਾਮਦਾਇਕ ਰਹਿੰਦਾ ਹੈ।

× ਫੋਮ ਦੇ ਸਿਰਹਾਣੇ ਸਿਰ ਦੇ ਤਾਪਮਾਨ ਅਤੇ ਭਾਰ ਦੇ ਹਿਸਾਬ ਨਾਲ ਆਕਾਰ ਲੈ ਲੈਂਦੇ ਹਨ। ਇਹ ਵੀ ਆਰਾਮਦਾਇਕ ਸਾਬਤ ਹੁੰਦੇ ਹਨ। ਇਹ ਸਿਰਹਾਣੇ ਕਾਫੀ ਲੰਬੇ ਸਮੇਂ ਤੱਕ ਬਿਨਾਂ ਟੁੱਟੇ ਚੱਲ ਜਾਂਦੇ ਹਨ।

× ਸਿਰਹਾਣੇ ਦੇ ਰੂੰ ਨੂੰ ਘੱਟ ਤੋਂ ਘੱਟ ਸਾਲ ਵਿਚ ਦੋ ਵਾਰ ਜ਼ਰੂਰ ਪਿੰਜਾਓ। ਸਿਰਹਾਣਿਆਂ ਨੂੰ ਵੀ ਗੱਦੇ ਦੀ ਤਰ੍ਹਾਂ ਧੁੱਪ ਵਿਚ ਰੱਖੋ। ਇਸ ਨਾਲ ਇਨ੍ਹਾਂ ਵਿਚ ਖਟਮਲ ਨਹੀਂ ਹੁੰਦੇ।

× ਸਿਰਹਾਣੇ ਸਾਲਾਂ ਪੁਰਾਣੇ ਹੋਣ ਤਾਂ ਉਨ੍ਹਾਂ ਨੂੰ ਬਦਲ ਲਓ। ਹਫ਼ਤੇ ਵਿਚ ਇਕ ਵਾਰ ਸਿਰਹਾਣਾ ਗਿਲਾਫ਼ ਅਤੇ ਬੈੱਡ ਕਵਰ ਜ਼ਰੂਰ ਧੋਵੋ।

× ਆਪਣਾ ਸਿਰਹਾਣਾ ਹਮੇਸ਼ਾ ਅਲੱਗ ਰੱਖੋ, ਕਿਉਂਕਿ ਇਹ ਤੁਹਾਡੇ ਸਿਰ ਦਾ ਆਕਾਰ ਲੈ ਕੇ ਤੁਹਾਡੇ ਹਿਸਾਬ ਦਾ ਬਣ ਜਾਂਦਾ ਹੈ।

× ਬੱਚਿਆਂ ਲਈ ਹਮੇਸ਼ਾ ਮੁਲਾਇਮ ਸਿਰਹਾਣਾ ਲਓ। ਉਨ੍ਹਾਂ ਨੂੰ ਕਦੇ ਵੀ ਮੋਟੇ ਸਿਰਹਾਣੇ ਨਾ ਦਿਓ।

ਕੌਮੀ ਪੱਤ੍ਰਿਕਾ

## ਸੰਪਾਦਕੀ

# ਕਦੋਂ ਟੁੱਟੈਗੀ ਸਾਬਕਾ ਉਪ ਰਾਸ਼ਟਰਪਤੀ ਧਨਖੜ ਵੱਲੋਂ ਅਖ਼ਤਿਆਰ ਕੀਤੀ ਗਈ ਲੰਮੀ ਚੁੱਪੀ

ਅਸਲ ਵਿੱਚ ਮੌਜੂਦਾ ਪ੍ਰਸਥਿਤੀਆਂ ਨੂੰ ਸਾਬਕਾ ਉਪ ਰਾਸ਼ਟਰਪਤੀ ਜਗਦੀਪ ਧਨਖੜ ਨਾਲ ਜੁੜੇ ਘਟਨਾਕ੍ਰਮ ਦੇ ਪ੍ਰਿਜ਼ਮ ਤੋਂ ਵੀ ਦੇਖਣਾ ਬਣਦਾ ਹੈ। ਜਦੋਂ ਸੰਸਦ ਦਾ ਮੌਨਸੂਨ ਸੈਸ਼ਨ ਸ਼ੁਰੂ ਹੋਇਆ ਤਾਂ ਕਿਸੇ ਨੂੰ ਚਿੱਤ-ਚੇਤਾ ਵੀ ਨਹੀਂ ਸੀ ਕਿ ਦੇਸ਼ ਦੇ ਦੂਜੇ ਸਭ ਤੋਂ ਉੱਚੇ ਅਹੁਦੇ ’ਤੇ ਬਿਰਾਜਮਾਨ ਸ੍ਰੀ ਧਨਖੜ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦੇਣਗੇ ਅਤੇ ਉਹ ਵੀ ਪਹਿਲੇ ਹੀ ਦਿਨ। ਸਭ ਨੂੰ ਇਹ ਉਮੀਦ ਸੀ ਕਿ ਧਨਖੜ ਜਿਹੇ ਵਿਅਕਤੀ, ਜੋ ਆਪਣੀ ਸੰਵਾਦ ਕੌਸ਼ਲਤਾ ਨਾਲ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਵੱਡੇ ਵੱਡੇ ਆਗੂਆਂ ਨੂੰ ਬੋਲਣ ਨਹੀਂ ਸਨ ਦਿੰਦੇ, ਹੁਣ ਆਪਣੀ ਰੁਖ਼ਸਤਗੀ ਬਾਰੇ ਕੋਈ ਸੰਵਾਦ ਤਾਂ ਰਚਾਉਣਗੇ ਪਰ ਸਮੁੱਚਾ ਮੌਨਸੂਨ ਸੈਸ਼ਨ ਲੰਘ ਗਿਆ ਤੇ ਉਨ੍ਹਾਂ ਵੱਲੋਂ ਅਖ਼ਤਿਆਰ ਕੀਤੀ ਗਈ ਲੰਮੀ ਚੁੱਪੀ ਨਹੀਂ ਟੁੱਟੀ। ਨਾ ਹੀ ਉਨ੍ਹਾਂ ਬਾਰੇ ਕਿਸੇ ਨੂੰ ਇਹ ਪਤਾ ਲੱਗਿਆ ਕਿ ਉਹ ਇਸ ਵੇਲੇ ਕਿੱਥੇ ਹਨ। ਕਪਿਲ ਸਿੱਬਲ ਜਿਹੇ ਉੱਘੇ ਵਕੀਲ ਨੇ ਤਾਂ ਉਨ੍ਹਾਂ ਦਾ ਥਹੁ-ਪਤਾ ਲਾਉਣ ਲਈ ਹੈਬੀਅਸ ਕਾਰਪਸ ਪਟੀਸ਼ਨ ਦਾਖ਼ਲ ਕਰਨ ਦੀ ਗੱਲ ਵੀ ਆਖੀ। ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਵੀ ਉਨ੍ਹਾਂ ਦੀ ਗੁੰਮਸ਼ੁਦਗੀ ’ਤੇ ਫ਼ ?ਕਰ ਜਤਾਇਆ। ਸਾਡੇ ਇਨ੍ਹਾਂ ਸਮਿਆਂ ਬਾਰੇ ਕਿਹਾ ਜਾਂਦਾ ਹੈ ਕਿ ਜ਼ਮੀਨ ਦੇ ਨਾਲ ਨਾਲ ਆਸਮਾਨ ਨੂੰ ਵੀ ਅੱਖ ਲੱਗੀ ਹੋਈ ਹੈ ਤੇ ਉਸ ਅੱਖ ਤੋਂ ਕੁਝ ਵੀ ਛੁਪਿਆ ਹੋਇਆ ਨਹੀਂ ਰਹਿ ਸਕਦਾ। ਪਰ ਖੁੱਲ੍ਹ ਕੇ ਬੋਲਣ ਵਾਲੇ ਅਤੇ ਹਮੇਸ਼ਾ ਸੁਰਖ਼ੀਆਂ ਬਟੋਰਨ ਵਾਲੇ ਧਨਖੜ ਨੂੰ ਅਜਿਹੀ ਕੋਈ ਅੱਖ ਨਾ ਵੇਖ ਸਕੀ ਕਿ ਉਹ ਕਿੱਥੇ ਹਨ ਤੇ ਕੀ ਕਰ ਰਹੇ ਹਨ ? ਕੀ ਇਹ ਸਭ ਸਾਡੇ ਲਈ ਹੈਰਾਨੀ ਦੀ ਗੱਲ ਨਹੀਂ ? ਉਨ੍ਹਾਂ ਬਾਰੇ ਲਗਾਤਾਰ ਪਏ ਰੌਲੇ ਮਗਰੋਂ ਅਚਾਨਕ ਹੀ 22 ਅਗਸਤ ਨੂੰ ਖ਼ਬਰ ਆਈ ਕਿ ਸਾਬਕਾ ਉਪ ਰਾਸ਼ਟਰਪਤੀ ਜਗਦੀਪ ਧਨਖੜ ਅੱਜ-ਕੱਲ੍ਹ ਪਰਿਵਾਰ ਨਾਲ ਸਮਾਂ ਬਿਤਾ ਰਹੇ ਹਨ, ਟੇਬਲ ਟੈਨਿਸ ਖੇਡਦੇ ਹਨ ਅਤੇ ਯੋਗ ਕਰਦੇ ਹਨ। ਇਹ ਗੱਲ ਵੀ ਦਿਲਚਸਪੀ ਵਾਲੀ ਹੈ ਕਿ ਏਨਾ ਖੁੱਲ੍ਹ ਕੇ ਬੋਲਣ ਵਾਲੇ ਧਨਖੜ ਦੇ ਦਿਨ ਭਰ ਦੇ ਇਨ੍ਹਾਂ ਰੁਝੇਵਿਆਂ ਬਾਰੇ ਵੀ ਉਨ੍ਹਾਂ ਆਪਣੇ ਮੂੰਹੋਂ ਕੁਝ ਨਹੀਂ ਦੱਸਿਆ। ਇਹ ਖ਼ਬਰ ਵੀ ਉਨ੍ਹਾਂ ਦੇ ਰੋਜ਼ਾਨਾ ਕਾਰ-ਵਿਹਾਰ ਬਾਰੇ ਜਾਣਕਾਰੀ ਰੱਖਣ ਵਾਲੇ ਵਿਅਕਤੀਆਂ ਦੇ ਹਵਾਲੇ ਨਾਲ ਆਈ ਹੈ। ਜਾਪਦਾ ਹੈ ਜਿਵੇਂ ਉਨ੍ਹਾਂ ਖ਼ਾਮੋਸ਼ ਰਹਿਣ ਦਾ ਪ੍ਰਣ ਹੀ ਲੈ ਲਿਆ ਹੋਵੇ। ਸਭ ਤੋਂ ਦਿਲਚਸਪ ਗੱਲ ਇਹ ਹੈ ਕਿ ਇਸ ਖ਼ਬਰ ’ਚ ਉਨ੍ਹਾਂ ਕਾਰਨਾਂ ਦਾ ਕਿਧਰੇ ਦੂਰ ਦੂਰ ਤੱਕ ਕੋਈ ਜ਼ਿਕਰ ਨਹੀਂ ਕਿ ਉਨ੍ਹਾਂ ਇਸ ਅਹੁਦੇ ਤੋਂ ਤੱਟ-ਫੱਟ ਅਸਤੀਫ਼ਾ ਕਿਉਂ ਦਿੱਤਾ। ਹਾਲਾਂਕਿ, ਦੇਸ਼ ਨੂੰ ਇਸ ਗੱਲ ਦੀ ਜਾਣਕਾਰੀ ਜ਼ਰੂਰ ਦਿੱਤੀ ਗਈ ਹੈ ਕਿ ਉਨ੍ਹਾਂ ਕਦੋਂ ਤੋਂ ਟੇਬਲ ਟੈਨਿਸ ਖੇਡਣਾ ਸ਼ੁਰੂ ਕੀਤਾ। ਜੇ ਇਸ ਖ਼ਬਰ ’ਤੇ ਤੁਹਾਡੀ ਨਜ਼ਰ ਨਹੀਂ ਗਈ ਤਾਂ ਚਲੋ ਤੁਹਾਨੂੰ ਦੱਸ ਦਿੰਦੇ ਹਾਂ ਕਿ ਜਿਸ ਵੇਲੇ ਉਹ ਪੱਛਮੀ ਬੰਗਾਲ ਦੇ ਰਾਜਪਾਲ ਸਨ, ਉਸ ਵੇਲੇ ਉਨ੍ਹਾਂ ਟੇਬਲ ਟੈਨਿਸ ਖੇਡਣਾ ਸ਼ੁਰੂ ਕੀਤਾ ਸੀ ਅਤੇ ਉਹ ਆਪਣੇ ‘ਸ਼ੁਭਚਿੰਤਕਾਂ’ ਅਤੇ ਸਟਾਫ਼ ਦੇ ਮੈਂਬਰਾਂ ਨਾਲ ਘਰ ’ਚ ਹੀ ਟੇਬਲ ਟੈਨਿਸ ਖੇਡਦੇ ਹਨ। ਖ਼ੈਰ, ਉਨ੍ਹਾਂ ਵੱਲੋਂ ਖੇਡ, ਬਾਕੀ ਖਿਡਾਰੀਆਂ ਅਤੇ ਖੇਡ ਦੇ ਮੈਦਾਨ ਦੀ ਇਹ ਚੋਣ ਸਮਿਆਂ ਦੀ ਉਲਝੀ ਹੋਈ ਤਾਣੀ ਦੇ ਹੀ ਲਖਾਇਕ ਹਨ।

ਕੇਂਦਰ ਦੀ ਛੱਡੋ, ਪੰਜਾਬ ਦੇ ਹਾਲਾਤ ਦੀ ਵੀ ਗੱਲ ਕਰ ਲੈਂਦੇ ਹਾਂ। ਸੂਬੇ ’ਚ ਹੜ੍ਹਾਂ ਨੇ ਤਬਾਹੀ ਲਿਆਂਦੀ ਹੋਈ ਹੈ; ਹਜ਼ਾਰਾਂ ਏਕੜ ਫ਼ਸਲ ਤਬਾਹ ਹੋ ਗਈ ਹੈ। ਲੋਕ ਆਪਣੇ ਮਕਾਨਾਂ ਦੀਆਂ ਛੱਤਾਂ ਉੱਪਰ ਦਿਨ ਕੱਟਣ ਲਈ ਮਜਬੂਰ ਹਨ। ਪਹਿਲਾਂ ਤਾਂ ਛੱਤਾਂ ਚੋਂਦੀਆਂ ਸਨ ਪਰ ਹੁਣ ਇਨ੍ਹਾਂ ਉੱਤੇ ਆਸਮਾਨ ਦੀ ਛੱਤ ਚੋਅ ਰਹੀ ਹੈ। ਸਰਕਾਰ ਨੇ ਸੰਤਰੀਆਂ ਤੋਂ ਲੈ ਕੇ ਮੰਤਰੀਆਂ ਤੱਕ ਨੂੰ ਸਥਿਤੀ ਦੇ ‘ਜਾਇਜ਼ੇ’ ਲਈ ਭਜਾਇਆ ਹੋਇਆ ਹੈ। ਮੁੱਖ ਮੰਤਰੀ ਵੱਲੋਂ ਖ਼ੁਦ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ ਜਾ ਰਿਹਾ ਹੈ। ਪਰ ਬਹੁਤੇ ਥਾਈਂ ਪਿੰਡਾਂ ਦੇ ਲੋਕਾਂ ਨੂੰ ਖ਼ੁਦ ਹੀ ਅਜਿਹੇ ਹੀਲੇ ਕਰਨੇ ਪੈ ਰਹੇ ਹਨ ਕਿ ਹੋਰ ਬੰਨ੍ਹ ਨਾ ਟੁੱਟਣ। ਇਨ੍ਹਾਂ ਸਾਰੇ ਮਸਲਿਆਂ ’ਤੇ ਗ਼ੌਰ ਕਰਨਾ ਅਤੇ ਇਨ੍ਹਾਂ ਦੇ ਹੱਲ ਲੱਭਣਾ ਆਖ਼ਰ ਕਿਸ ਦੀ ਜ਼ਿੰਮੇਵਾਰੀ ਹੈ ? ਇਹ ਭਾਣਾ ਕੁਝ ਸਾਲਾਂ ਦੇ ਵਕਫ਼ੇ ਬਾਅਦ ਵਾਰ ਵਾਰ ਵਾਪਰਦਾ ਹੈ, ਫਿਰ ਕੁਝ ਐਲਾਨ ਹੁੰਦੇ ਹਨ, ਗਿਰਦਾਵਰੀ ਕਰਵਾਉਣ ਦੇ ਹੁਕਮ ਹੁੰਦੇ ਹਨ, ਰਾਹਤ ਸਮੱਗਰੀ ਵੰਡਣ ਦੀਆਂ ਤਸਵੀਰਾਂ ਛਪਦੀਆਂ ਹਨ। ਇੰਨੇ ’ਚ ਬਰਸਾਤ ਲੰਘ ਜਾਂਦੀ ਹੈ ਅਤੇ ਸੱਤਾ ਵੀ ਭੁੱਲ ਜਾਂਦੀ ਹੈ ਕਿ ਸਿਰਫ਼ ਰਾਹਤ ਸਮੱਗਰੀ ਨਹੀਂ, ਇਸ ਲਈ ਲੰਮੇ ਸਮੇਂ ਦੀ ਯੋਜਨਾ ਦਰਕਾਰ ਹੈ। ਕੀ ਕੀਤਾ ਜਾਏ ? ਅਸੀਂ ਉਲਝੇ ਹੀ ਅਜਿਹੇ ਸਮਿਆਂ ’ਚ ਹਾਂ।

ਇਹ ਸ਼ਾਸਕ ਤੇ ਸਿਆਸੀ ਪਾਰਟੀਆਂ ਹੀ ਹਨ ਜੋ ਲੋਕਾਂ ਨੂੰ ਕਈ ਤਰ੍ਹਾਂ ਦੇ ਸਬਜ਼ਬਾਗ ਦਿਖਾਉਂਦੇ ਹਨ। ਤਰੱਕੀ, ਬਦਲਾਅ ਤੇ ਵਿਕਾਸ ਦੇ ਦਾਅਵੇ ਕਰਦੇ ਹਨ ਪਰ ਅਸਲ ’ਚ ਅਜਿਹਾ ਕੁਝ ਵੀ ਨਹੀਂ ਹੁੰਦਾ। ਸਾਡੇ ਦੇਸ਼ ਦੀ ਜਮਹੂਰੀਅਤ ਲੰਮਾ ਪੈਂਡਾ ਤੈਅ ਕਰ ਚੁੱਕੀ ਹੈ ਪਰ ਹਾਲੇ ਵੀ ਲੋਕਾਂ ਦੇ ਬੁਨਿਆਦੀ ਮਸਲੇ ਹੱਲ ਨਹੀਂ ਹੋਏ। ਇਸ ਦੇ ਬਾਵਜੂਦ ਲੋਕ ਸਿਆਸੀ ਪਾਰਟੀਆਂ ਦੇ ਭਰਮ ਜਾਲ ’ਚ ਉਲਝ ਜਾਂਦੇ ਹਨ। ਵੱਡੇ ਸਿਆਸੀ ਅਹੁਦਿਆਂ ’ਤੇ ਬਿਰਾਜਮਾਨ ਹੋਣ ?ਵਾਲੇ ਅਕਸਰ ਹੀ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਜਾਂਦੇ ਹਨ। ਲੋਕ ਉਨ੍ਹਾਂ ਤੋਂ ਸਵਾਲ ਪੁੱਛਣਾ ਤਾਂ ਦੂਰ, ਉਨ੍ਹਾਂ ਨੂੰ ਆਪਣਾ ਦੁੱਖ ਦਰਦ ਦੱਸਣ ਲਈ ਵੀ ਤਰਸ ਜਾਂਦੇ ਹਨ। ਇਹੋ ਸਥਿਤੀ

ਹੁਣ ਬਣੀ ਹੋਈ ਹੈ। ਦੁੱਖ ਦੀ ਘੜੀ ’ਚ ਲੋਕਾਂ ਨੂੰ ਸਰਕਾਰੀ ਮਦਦ ਦੀ ਆਸ ਹੁੰਦੀ ਹੈ ਪਰ ਮਦਦ ਦੀ ਉਡੀਕ ਲੰਮੀ ਹੋ ਜਾਵੇ ਤਾਂ ਉਨ੍ਹਾਂ ਨੂੰ ਆਪ ਹੀ ਹੀਲੇ ਵਸੀਲੇ ਕਰਨੇ ਪੈਂਦੇ ਹਨ। ਹਰ ਵਾਰ ਲੋਕ ਇਹ ਉਮੀਦ ਕਰਦੇ ਹਨ ਕਿ ਸਮਾਂ ਬਦਲ ਜਾਵੇਗਾ। ਇਸ ’ਚ ਕੋਈ ਸ਼ੱਕ ਨਹੀਂ ਕਿ ਸਮਾਂ ਤਾਂ ਇੱਕ ਨਾ ਇੱਕ ਦਿਨ ਬਦਲ ਹੀ ਜਾਵੇਗਾ ਪਰ ਵੱਡਾ ਸਵਾਲ ਇਹ ਹੈ ਕਿ ਕੀ ਇਹ ਹਾਲਾਤ ਵੀ ਬਦਲਣਗੇ ?

## ਸਮਿਆਂ ਦੀ ਤਾਣੀ ’ਚ ਉਲਝਿਆ ਵਰਤਮਾਨ

ਸਿਆਸੀ ਤੌਰ ’ਤੇ ਅਸੀਂ ਬੜੇ ਹੀ ਅਣਕਿਆਸੇ ਸਮਿਆਂ ਵਿੱਚੋਂ ਲੰਘ ਰਹੇ ਹਾਂ; ਅਜਿਹੇ ਸਮਿਆਂ ’ਚੋਂ ਜਦੋਂ ਸਾਧਾਰਨ ਮੁੱਦੇ ਵੀ ਉਲਝੇ ਹੋਏ ਨਜ਼ਰ ਆ ਰਹੇ ਹਨ। ਭਾਵੇਂ ਇਹ ਕਿਸੇ ਵੱਡੀ ਉਥਲ-ਪੁਥਲ ਦਾ ਸਮਾਂ ਨਹੀਂ ਪਰ ਫਿਰ ਵੀ ਕਈ ਕੁਝ ਆਪਸ ਵਿੱਚ ਟਕਰਾਉਂਦਾ ਅਤੇ ਉਲਝਦਾ ਨਜ਼ਰ ਆ ਰਿਹਾ ਹੈ। ਦੇਸ਼ ਵਿੱਚ ਲਗਾਤਾਰ ਬਦਲ ਰਹੀਆਂ ਪ੍ਰਸਥਿਤੀਆਂ ਦੇ ਮੱਦੇਨਜ਼ਰ ਕਦੇ ਕਦੇ ਇਹ ਸਵਾਲ ਉੱਭਰਦਾ ਹੈ ਕਿ ਕੀ ਕੇਂਦਰ ਵਿਚਲੀ ਸੱਤਾ ਪਹਿਲਾਂ ਵਾਂਗ ਪੱਕੇ ਪੈਰੀਂ ਹੈ ? ਲਗਾਤਾਰ ਤੀਜੀ ਵਾਰ ਸੱਤਾ ’ਤੇ ਕਾਬਜ਼ ਹੋਣ ਵਾਲੀ ਇਹ ਐੱਨ.ਡੀ.ਏ. ਸਰਕਾਰ, ਜਿਸ ਵਿੱਚ ਪਿਛਲੇ ਦੋ ਵਾਰ ਭਾਜਪਾ ਕੋਲ ਆਪਣੇ ਬਲਬੂਤੇ ’ਤੇ ਬਹੁਮਤ ਸੀ, ਇਸ ਵਾਰ ਸਹਿਯੋਗੀ ਦਲਾਂ, ਖ਼ਾਸ ਕਰ ਕੇ ਨਿਤੀਸ਼ ਕੁਮਾਰ ਦੀ ਜੇ.ਡੀ.ਯੂ. ਅਤੇ ਚੰਦਰਬਾਬੂ ਨਾਇਡੂ ਦੀ ਤੇਲਗੂ ਦੇਸਮ ਪਾਰਟੀ (ਟੀ.ਡੀ.ਪੀ.) ’ਤੇ ਨਿਰਭਰ ਹੈ। ਇਸ ਸਰਕਾਰ ਬਾਰੇ ਕਈ ਤਰ੍ਹਾਂ ਦੀਆਂ ਸਰਗੋਸ਼ੀਆਂ ਹਵਾਵਾਂ ਵਿੱਚ ਹਨ, ਜਿਨ੍ਹਾਂ ਵਿੱਚ ਚੋਣ ਕਮਿਸ਼ਨ ਵੱਲੋਂ ਬਿਹਾਰ ’ਚ ਕੀਤੀ ਜਾਣ ਵਾਲੀ ਵਿਸ਼ੇਸ਼ ਵਿਆਪਕ ਗਣਨਾ (ਐੱਸ.ਆਈ.ਆਰ.) ਖ਼ਾਸ ਹੈ। ਜਦੋਂ ਸੁਪਰੀਮ ਕੋਰਟ ਨੇ ਪਹਿਲਾਂ ਇਸ ਸਮੁੱਚੇ ਅਮਲ ਨੂੰ ਸਹੀ ਕਰਾਰ ਦਿੱਤਾ, ਉਦੋਂ ਇੱਕ ਵਾਰ ਲੱਗਿਆ ਕਿ ਸੁਪਰੀਮ ਕੋਰਟ ਤੇ ਕੇਂਦਰ ਦੀ ਸੱਤਾ ਦੇ ਸਬੰਧ ਸੁਖਾਵੇਂ ਹਨ। ਉਸ ਵੇਲੇ ਸੁਪਰੀਮ ਕੋਰਟ ਨੇ ਚੋਣ ਕਮਿਸ਼ਨ ਨੂੰ ਇਹ ਸੁਝਾਅ ਵੀ ਦਿੱਤਾ ਕਿ ਉਨ੍ਹਾਂ ਵਿਅਕਤੀਆਂ ਦੇ ਨਾਂ ਵੋਟਰ ਸੂਚੀ ਵਿੱਚ ਸ਼ਾਮਲ ਕੀਤੇ ਜਾਣ ਜਿਨ੍ਹਾਂ ਕੋਲ ਵੋਟਰ ਕਾਰਡ ਅਤੇ ਆਧਾਰ ਕਾਰਡ ਹਨ। ਉਦੋਂ ਕਮਿਸ਼ਨ ਨੇ ਅਦਾਲਤ ਦੇ ਇਸ ਸੁਝਾਅ ਨੂੰ ਮੰਨਣ ਤੋਂ ਨਾਂਹ ਕਰ ਦਿੱਤੀ ਅਤੇ ਨਾਲ ਹੀ ਕਿਹਾ ਕਿ ਉਹ ਵੋਟਰ ਸੂਚੀ ਵਿੱਚੋਂ ਕੱਟੇ ਨਾਵਾਂ ਬਾਰੇ ਜਾਣਕਾਰੀ ਦੇਣ ਲਈ ਪਾਬੰਦ ਨਹੀਂ ਕਿਉਂਕਿ ਉਹ ਖ਼ੁਦ ਇੱਕ ਸੰਵਿਧਾਨਕ ਸੰਸਥਾ ਹੈ। ਇਸ ਮਗਰੋਂ ਚੋਣ ਕਮਿਸ਼ਨ ਤੇਜ਼ੀ ਨਾਲ ਐੱਸ.ਆਈ.ਆਰ. ਦੀ ਪ੍ਰਕਿਰਿਆ ਨੇਪਰੇ ਚਾੜ੍ਹਨ ਦੇ ਰਾਹ ਪੈ ਗਿਆ। ਵਿਰੋਧੀ ਧਿਰ ਵੱਲੋਂ ਲਗਾਤਾਰ ਦੋਸ਼ ਲਾਇਆ ਜਾ ਰਿਹਾ ਸੀ ਕਿ ਚੋਣ ਕਮਿਸ਼ਨ ਇਹ ਵਿਸ਼ੇਸ਼ ਸੂਚੀ ਬਿਹਾਰ ਵਿਧਾਨ ਸਭਾ ਚੋਣਾਂ ’ਚ ਸੱਤਾਧਾਰੀ ਧਿਰ ਦੇ ਹੱਕ ’ਚ ਪੱਲੜਾ ਝੁਕਾਉਣ ਲਈ ਤਿਆਰ ਕਰ ਰਿਹਾ ਹੈ ਕਿਉਂਕਿ ਚੋਣ ਕਮਿਸ਼ਨ ਨੇ ਸੂਚੀ ਵਿੱਚੋਂ ਕੱਟੀਆਂ 65 ਲੱਖ ਵੋਟਾਂ ਬਾਰੇ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਇਸ ਉਪਰੰਤ ਜਦੋਂ ਸੁਪਰੀਮ ਕੋਰਟ ਨੇ ਵੋਟਰਾਂ ਦੇ ਵੇਰਵੇ ਅਤੇ ਉਨ੍ਹਾਂ ਦੇ ਨਾਂ ਕੱਟੇ ਜਾਣ ਦੇ ਕਾਰਨ ਜਨਤਕ ਕਰਨ ਲਈ ਕਿਹਾ ਤਾਂ ਲੱਗਿਆ ਕਿ ਅਦਾਲਤ ਤੇ ਸਰਕਾਰ ਵਿਚਾਲੇ ਤਣਾਅ ਹੋਰ ਵਧ ਸਕਦਾ ਹੈ।

ਪਾਰਲੀਮੈਂਟ ਦਾ ਮੌਨਸੂਨ ਸੈਸ਼ਨ ਵੀ ਕਾਫ਼ੀ ਹੰਗਾਮਾ ਭਰਪੂਰ ਰਿਹਾ ਅਤੇ ਤਣਾਅ ਭਰੇ ਮਾਹੌਲ ’ਚ ਹੀ ਸਮਾਪਤ ਹੋ ਗਿਆ। ਸਰਕਾਰ ਨੇ ਆਪਣੀ ਮਰਜ਼ੀ ਦੇ ਬਹੁਤ ਸਾਰੇ ਬਿੱਲ ਭਾਵੇਂ ਪਾਸ ਕਰਵਾ ਲਏ ਪਰ ਵਿਰੋਧੀ ਧਿਰ ਵੀ ਐੱਸ.ਆਈ.ਆਰ. ਦੇ ਮੁੱਦੇ ਨੂੰ ‘ਵੋਟ ਚੋਰੀ’ ਦੇ ਮੁੱਦੇ ਵਜੋਂ ਉਭਾਰ ਕੇ ਆਪਣਾ ਬਿਰਤਾਂਤ ਸਿਰਜਣ ਵਿੱਚ ਕਾਮਯਾਬ ਰਹੀ।

# ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ, ਸ. ਲਾਲਜੀਤ ਸਿੰਘ ਭੁੱਲਰ ਅਤੇ ਸ੍ਰੀ ਹਰਭਜਨ ਸਿੰਘ ਈਟੀਓ ਨੇ ਵਰਦੇ ਮੀਂਹ ਵਿੱਚ ਹਰੀਕੇ ਹਥਾੜ ਖੇਤਰ ਅਤੇ ਪਿੰਡ ਮਰੜ ਦਾ ਕੀਤਾ ਦੌਰਾ

**ਤਰਨ ਤਾਰਨ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਬਿਆਸ ਸਤਲੁਜ ਦਰਿਆਵਾਂ ਦੇ ਸੰਗਮ ਹਰੀਕੇ ਹੈੱਡ ਵਰਕਸ ਤੋਂ ਡਾਊਨ ਸਟਰੀਮ ਨੂੰ ਛੱਡੇ ਪਾਣੀ ਕਾਰਨ ਹਰੀਕੇ ਹਥਾੜ ਖੇਤਰ ਵਿੱਚ ਭਾਰੀ ਨੁਕਸਾਨ ਹੋਇਆ ਹੈ। ਇਸ ਹੜ੍ਹ ਪ੍ਰਭਾਵਿਤ ਇਲਾਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਲਈ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ, ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਅਤੇ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈਟੀਓ ਹਰੀਕੇ ਹਥਾੜ ਖੇਤਰ ਵਿੱਚ ਪੁੱਜੇ। ਵਰਦੇ ਮੀਂਹ ਵਿੱਚ ਕੈਬਨਿਟ ਮੰਤਰੀਆਂ ਨੇ ਸਤਲੁਜ ਦਰਿਆ ਦੇ ਨਾਲ ਲੱਗਦੇ ਧੁੱਸੀ ਬੰਨ੍ਹ ਤੇ ਪੈਂਦੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ।

ਇਸ ਉਪਰੰਤ ਕੈਬਨਿਟ ਮੰਤਰੀ ਕਸਬਾ ਹਰੀਕੇ ਪੱਤਣ ਨਜ਼ਦੀਕ ਬਿਆਸ ਦਰਿਆ ਕਿਨਾਰੇ ਸਥਿਤ ਪਿੰਡ ਮਰੜ ਵਿਖੇ ਪੁੱਜੇ ਜਿਥੇ ਬੀਤੀ ਰਾਤ ਦਰਿਆ ਬਿਆਸ ਦੇ ਤੇਜ਼ ਵਹਾਅ ਕਾਰਨ ਵੱਡੀ ਢਾਹ ਲੱਗ ਗਈ ਅਤੇ ਪਿੰਡ ਮਰੜ ਨੂੰ ਵੱਡਾ ਖਤਰਾ ਪੈਦਾ ਹੋ ਗਿਆ ਸੀ। ਇਸ ਮੌਕੇ ਕੈਬਨਿਟ ਮੰਤਰੀਆਂ ਨੇ ਪਿੰਡ ਮਰੜ ਵਿਖੇ ਢਾਹ ਨੂੰ ਰੋਕਣ ਲਈ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ ਅਤੇ ਢਾਹ ਨੂੰ ਰੋਕਣ ਲਈ ਚੱਲ ਰਹੇ ਕੰਮ ਵਿੱਚ ਖੁਦ ਵੀ ਮਿੱਟੀ ਦੀਆਂ ਬੋਰੀਆਂ ਸੁੱਟ ਕੇ ਆਪਣਾ ਯੋਗਦਾਨ ਪਾਇਆ। ਇਸ ਮੌਕੇ ਪਿੰਡ ਮਰੜ ਦਾ ਕਿਸਾਨ ਨਿਸ਼ਾਨ ਸਿੰਘ, ਜਿਸ ਦੀ ਜ਼ਮੀਨ ਦਰਿਆ ਰੋੜ ਕੇ ਲੈ ਗਿਆ ਨੂੰ ਜਦ ਕੈਬਨਿਟ ਮੰਤਰੀ ਮਿਲੇ ਤਾਂ ਉਹ ਭਾਵੁਕ ਹੋ ਗਿਆ ਕਿ ਮੇਰੀ ਤਾਂ ਥੋੜੀ ਜਿਹੀ ਜ਼ਮੀਨ ਸੀ, ਉਹ ਵੀ ਦਰਿਆ ਦਾ ਪਾਣੀ ਵਹਾਅ ਕੇ ਲੈ ਗਿਆ ਨੂੰ ਮੰਤਰੀਆਂ ਨੇ ਹੌਸਲਾ ਦਿੱਤਾ ਕਿ ਪੰਜਾਬ ਸਰਕਾਰ ਇਸ ਮੁਸ਼ਕਿਲ ਘੜੀ ਵਿੱਚ ਉਨ੍ਹਾਂ ਦੇ ਨਾਲ ਖੜੀ ਹੈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ, ਸ੍ਰੀ ਲਾਲਜੀਤ ਭੁੱਲਰ ਅਤੇ ਸ੍ਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਜਿੰਨੇ ਮੀਹ ਇਸ ਵਾਰੀ ਪਏ ਨੇ, ਇਸ ਨੇ ਸਾਰੇ ਰਿਕਾਰਡ ਤੋੜ ਦਿੱਤੇ ਨੇ, ਜਿੱਥੇ ਪੰਜਾਬ ਦੇ ਵਿੱਚ ਭਾਰੀ ਬਾਰਿਸ਼ ਹੋਈ ਹੈ, ਉੱਥੇ ਹੀ ਪਹਾੜੀ ਇਲਾਕਿਆਂ ਵਿੱਚ ਭਾਰੀ ਬਾਰਿਸ਼ ਕਰਕੇ ਲੈਂਡ ਸਲਾਈਡਸ ਹੋ ਰਹੀਆਂ ਨੇ ਅਤੇ ਬੱਦਲ ਫਟ ਰਹੇ ਨੇ, ਉਹਦੇ ਕਰਕੇ ਵੀ ਪਾਣੀ ਪੰਜਾਬ ਦੇ ਵਿੱਚ ਆ ਰਿਹਾ ਹੈ ਉਹਨਾਂ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਹਾਲਾਤ ਗੰਭੀਰ ਬਣੇ ਹੋਏ ਹਨ, ਪਰ ਪਹਿਲੇ ਦਿਨ ਤੋਂ ਹੀ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਦੀ ਸਰਕਾਰ ਅਤੇ ਸਾਰੀ ਕੈਬਨਿਟ ਲੋਕਾਂ ਦੇ ਨਾਲ ਮੋਢੇ ਦੇ ਨਾਲ ਮੋਢਾ ਜੋੜ ਕੇ ਉਹਨਾਂ ਦੀ ਸਹਾਇਤਾ ਕਰਨ ਦੇ ਲਈ ਬਚਾਅ ਕਾਰਜਾਂ ਵਿੱਚ ਲੱਗੀ ਹੋਈ ਹੈ। ਉਹਨਾਂ ਕਿਹਾ ਕਿ ਭਾਵੇਂ ਹਾਲਾਤ ਗੰਭੀਰ ਬਣੇ ਹੋਏ ਨੇ, ਪਰ ਇੱਕ ਗੱਲ ਦਾ ਵਿਸ਼ਵਾਸ ਦਿਵਾਉਣਾ ਚਾਹੁੰਦੇ ਹਾਂ ਕਿ ਸਰਕਾਰ ਦਿਨ ਰਾਤ ਤੁਹਾਡੇ ਨਾਲ ਖੜੀ ਹੈ।

ਉਹਨਾਂ ਕਿਹਾ ਕਿ ਕਿਸਾਨੀ ਦਾ ਜਿੰਨਾ ਨੁਕਸਾਨ ਹੋ ਰਿਹਾ ਉਹਦਾ ਬਣਦਾ ਮੁਆਵਜਾ ਵੀ ਦਿੱਤਾ ਜਾਵੇਗਾ। ਇਸ ਮੌਕੇ ਐਸ ਡੀ ਐਮ ਪੱਟੀ ਪ੍ਰੀਤਇੰਦਰ ਸਿੰਘ, ਡੀਐਸਪੀ ਕਮਲਜੀਤ ਸਿੰਘ ਔਲਖ, ਡੀਐਸਪੀ ਪੱਟੀ ਲਵਕੇਸ਼, ਐਸਐਚਓ ਹਰੀਕੇ ਹਰਪ੍ਰੀਤ ਸਿੰਘ, ਚੇਅਰਮੈਨ ਦਿਲਬਾਗ ਸਿੰਘ ਸੰਧੂ, ਸਰਪੰਚ ਮੇਜਰ ਸਿੰਘ ਉਰਫ ਬੋਹੜ ਸਿੰਘ ਮਰੜ, ਨਿਸ਼ਾਨ ਸਿੰਘ ਬੁੱਟਰ, ਦਿਲਬਾਗ ਸਿੰਘ ਮਰੜ ਆਦਿ ਹਾਜ਼ਰ ਸਨ।

# ਪਿੰਡ ਪੱਸੀ ਬੇਟ ਵਿਚ ਸਮੇਂ ਸਿਰ ਕਾਰਵਾਈ ਕਰਕੇ ਧੁੱਸੀ ਬੰਨ੍ਹ ਨੂੰ ਕੀਤਾ ਸੁਰੱਖਿਅਤ : ਵਿਧਾਇਕ ਘੁੰਮਣ



**ਹੁਸ਼ਿਆਰਪੁਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਸੂਹਾ ਦੇ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਕਿਹਾ ਕਿ ਦਸੂਹਾ ਦੇ ਪਿੰਡ ਪੱਸੀ ਬੇਟ ਵਿਚ ਮੀਂਹ ਕਾਰਨ ਧੁੱਸੀ ਬੰਨ੍ਹ ਨੂੰ ਕੁਝ ਨੁਕਸਾਨ ਜ਼ਰੂਰ ਹੋਇਆ ਸੀ, ਪਰੰਤੂ ਪ੍ਰਸ਼ਾਸਨ ਅਤੇ ਪਿੰਡ ਵਾਸੀਆਂ ਦੇ ਸਰਗਰਮ ਸਹਿਯੋਗ ਨਾਲ ਬੰਨ੍ਹ ਨੂੰ ਸੁਰੱਖਿਅਤ ਬਣਾਉਣ ਲਈ ਸਮੇਂ ਸਿਰ ਕਾਰਵਾਈ ਕੀਤੀ ਗਈ। ਉਨ੍ਹਾਂ ਨੇ ਰਾਧਾ ਸਵਾਮੀ ਸਤਿਸੰਗ ਘਰ, ਭੂਰੀ ਵਾਲੇ ਬਾਬਾ ਜੀ ਦੀ ਸੰਗਤ, ਸਮਾਜਿਕ ਸੰਗਠਨਾਂ, ਪਿੰਡ ਵਾਸੀਆਂ ਅਤੇ ਨੌਜਵਾਨਾਂ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ, ਜਿਨ੍ਹਾਂ ਨੇ ਦਿਨ-ਰਾਤ ਮਿਹਨਤ ਕਰਕੇ ਸੰਭਾਵੀ ਖ਼ਤਰੇ ਨੂੰ ਟਾਲਿਆ। ਵਿਧਾਇਕ ਨੇ ਸਪੱਸ਼ਟ ਕੀਤਾ ਕਿ ਇਸ ਸਮੇਂ ਕਿਸੇ ਵੀ ਤਰ੍ਹਾਂ ਦਾ ਕੋਈ ਖ਼ਤਰਾ ਨਹੀਂ ਹੈ ਅਤੇ ਲੋਕਾਂ ਨੂੰ ਅਫਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਵਿਧਾਇਕ ਘੁੰਮਣ ਨੇ ਕਿਹਾ ਕਿ ਉਹ ਹਰ ਸਮੇਂ ਆਪਣੇ ਇਲਾਕੇ ਦੇ ਲੋਕਾਂ ਦੇ ਨਾਲ ਖੜ੍ਹੇ ਹਨ ਅਤੇ ਉਨ੍ਹਾਂ ਦੀ ਸੁਰੱਖਿਆ ਅਤੇ ਮਦਦ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਅਤੇ ਸਰਕਾਰ ਸਥਿਤੀ ’ਤੇ ਲਗਾਤਾਰ ਨਜ਼ਰ ਰੱਖ ਰਹੀ ਹੈ।

# ਹੜ੍ਹਾਂ ਸਬੰਧੀ ਜਾਣਕਾਰੀ ਲਈ ਕੰਟਰੋਲ ਰੂਮ ਦੇ ਨੰਬਰ 01874-266376 ’ਤੇ ਕੀਤਾ ਜਾ ਸਕਦਾ ਹੈ ਸੰਪਰਕ



**ਗੁਰਦਾਸਪੁਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜ ਦਿਨ-ਰਾਤ ਜਾਰੀ ਹਨ। ਰਾਵੀ ਦਰਿਆ ਦੇ ਹੜ੍ਹ ਕਾਰਨ ਜ਼ਿਲ੍ਹਾ ਗੁਰਦਾਸਪੁਰ ਦੇ 324 ਪਿੰਡਾਂ ਦੇ 145000 ਦੇ ਕਰੀਬ ਵਿਅਕਤੀ ਪ੍ਰਭਾਵਿਤ ਹੋਏ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਬੀਤੀ ਸ਼ਾਮ ਤੱਕ 5500 ਤੋਂ ਵੱਧ ਵਿਅਕਤੀਆਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਲੋਕਾਂ ਲਈ ਜ਼ਿਲ੍ਹੇ ਅੰਦਰ 25 ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ ਜਿਨ੍ਹਾਂ ਵਿੱਚੋਂ 15 ਐਕਟਿਵ ਹਨ। ਇਨ੍ਹਾਂ ਕੈਂਪਾਂ ਵਿੱਚ ਖਾਣੇ ਤੋਂ ਇਲਾਵਾ ਸੌਣ ਲਈ ਗੱਦੇ, ਸੁੱਕਾ ਰਾਸ਼ਨ, ਬਿਸਕੁਟ ਅਤੇ ਛੋਟੇ ਬੱਚਿਆਂ ਦੇ ਲਈ ਦੁੱਧ ਤੋਂ ਇਲਾਵਾ ਮੁੱਢਲੀ ਸਹਾਇਤਾ ਮੁਹੱਈਆ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਦੀ ਸਹਾਇਤਾ ਲਈ ਐਂਬੂਲੈਂਸ ਵੀ ਤੈਨਾਤ ਕੀਤੀਆਂ ਗਈਆਂ ਹਨ ਅਤੇ ਨਾਲ ਹੀ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਲਈ ਮੁਫ਼ਤ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਐੱਨ.ਡੀ.ਆਰ.ਐੱਫ. ਦੀਆਂ 6 ਟੀਮਾਂ, ਭਾਰਤੀ ਫ਼ੌਜ ਦੀਆਂ 3 ਟੀਮਾਂ ਅਤੇ ਬੀ.ਐੱਸ.ਐੱਫ. ਦੀ 1 ਟੀਮ ਰਾਹਤ ਕਾਰਜਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰ ਰਹੀਆਂ ਹਨ। ਇਨ੍ਹਾਂ ਟੀਮਾਂ ਵੱਲੋਂ ਕਿਸ਼ਤੀਆਂ ਅਤੇ ਹੋਰ ਸਾਧਨਾਂ ਰਾਹੀਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਫਸੇ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਸੁਰੱਖਿਅਤ ਟਿਕਾਣਿਆ ਤੇ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 5000 ਤੋਂ ਵੱਧ ਰਾਹਤ ਸਮਗਰੀ ਦੀਆਂ ਕਿੱਟਾਂ ਹੜ੍ਹ ਪ੍ਰਭਾਵਿਤ ਵਿਅਕਤੀਆਂ ਤੱਕ ਪਹੁੰਚਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਰਾਹਤ ਸਮਗਰੀ ਦੀ ਵੰਡ ਲੋੜ ਪੈਣ ਤੱਕ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਸਹਾਇਤਾ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫੀਲਡ ਵਿੱਚੋਂ ਮਿਲ ਰਹੀਆਂ ਰੀਪੋਰਟਾਂ ਅਨੁਸਾਰ ਹੜ੍ਹਾਂ ਕਾਰਨ ਪਸ਼ੂ ਧੰਨ ਨੂੰ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਦੀ ਰੀਪੋਰਟ ਅਨੁਸਾਰ ਜ਼ਿਲ੍ਹੇ ਵਿੱਚ 300 ਦੇ ਕਰੀਬ ਪਸ਼ੂਆਂ ਦੀ ਹੜ੍ਹਾਂ ਕਾਰਨ ਮੌਤ ਹੋਈ ਹੈ। ਉਨ੍ਹਾਂ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਵਿਸ਼ੇਸ਼ ਟੀਮਾਂ ਬਣਾ ਕੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜਾ ਕੇ ਪਸ਼ੂਆਂ ਨੂੰ ਬਚਾਇਆ ਜਾ ਰਿਹਾ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਸ਼ੂਆਂ ਨੂੰ ਚਾਰਾ ਦਿੱਤਾ ਜਾ ਰਿਹਾ ਹੈ ਅਤੇ ਨਾਲ ਹੀ ਵੈਨਟਨਰੀ ਡਾਕਟਰਾਂ ਵੱਲੋਂ ਪਸ਼ੂਆਂ ਦਾ ਇਲਾਜ ਵੀ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਘੱਟ ਹੋਇਆ ਹੈ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਵੀ ਪਾਣੀ ਲਗਾਤਾਰ ਘੱਟ ਰਿਹਾ ਹੈ। ਉਨ੍ਹਾਂ ਹੜ੍ਹ ਪ੍ਰਭਾਵਿਤ ਖੇਤਰ ਦੇ ਵਸਨੀਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬਿਲਕੁਲ ਨਾ ਘਬਰਾਉਣ, ਜ਼ਿਲ੍ਹਾ ਪ੍ਰਸ਼ਾਸਨ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਲੋੜ ਪੈਣ ‘ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮ ਦੇ ਨੰਬਰ 01874-266376 ▾ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਵਿਧਾਇਕ ਫਾਜ਼ਿਲਕਾ ਰਾਹਤ ਸਮੱਗਰੀ ਦਾ ਨਿਰੀਖਣ ਕਰਨ ਲਈ ਮੰਡੀ ਲਾਧੂਕਾ ਦੇ ਰਾਹਤ ਕੈਂਪ ਵਿੱਚ ਪਹੁੰਚੇ



**ਫਾਜ਼ਿਲਕਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ੍ਰੀ. ਨਰਿੰਦਰਪਾਲ ਸਿੰਘ ਸਵਨਾ ਜਿੱਥੇ ਹਲਕੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਭਰੇ ਪਾਣੀ ਵਿੱਚ ਉਤਰ ਕੇ ਲੋਕਾਂ ਦਾ ਹਾਲ ਚਾਲ ਜਾਣ ਕੇ ਰਾਹਤ ਸਮੱਗਰੀ ਦੀ ਵੰਡ ਕਰ ਰਹੇ ਹਨ ਉੱਥੇ ਹੀ ਦੂਜੇ ਪਾਸੇ ਉਹ ਰਾਹਤ ਕਾਰਜਾਂ ਵਿੱਚ ਪਹੁੰਚ ਕੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮਿਲ ਰਹੀਆਂ ਸਾਰੀਆਂ ਸੁਵਿਧਾਵਾਂ ਜਿਵੇਂ ਕਿ ਰਹਿਣ ਸਹਿਣ, ਖਾਣ ਪੀਣ ਤੇ ਦਵਾਈਆਂ ਆਦਿ ਦਾ ਨਿਰੀਖਣ ਵੀ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਨਾਇਬ ਤਹਿਸੀਲਦਾਰ ਮੈਡਮ ਆਰਾਧਨਾ ਅਤੇ ਪੰਚਾਇਤ ਰਾਜ ਐੱਸ.ਡੀ.ਓ ਮਨਪ੍ਰੀਤ ਵੀ ਹਾਜ਼ਰ ਸਨ।

ਇਸੇ ਤਹਿਤ ਹੀ ਅੱਜ ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਮੰਡੀ ਲਾਧੂਕਾ ਦੇ ਰਾਹਤ ਕੈਂਪ ਪਹੁੰਚੇ ਜਿੱਥੇ ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਲੋਕਾਂ ਨੂੰ ਮਿਲ ਰਹੀ ਰਾਹਤ ਸਮੱਗਰੀ ਦੀ ਜਾਂਚ ਕੀਤੀ ਤੇ ਖੁਦ ਵੀ ਲੋਕਾਂ ਨੂੰ ਰਾਸ਼ਨ ਤੇ ਦਵਾਈਆਂ ਦੀ ਵੰਡ ਕੀਤੀ। ਉਨ੍ਹਾਂ ਕਿਹਾ ਕਿ ਇਸ ਰਾਹਤ ਕੇਂਦਰ ਵਿੱਚ 100 ਤੋਂ ਵੱਧ ਹੜ੍ਹ ਪੀੜਤ ਲੋਕ ਰਹਿਣ ਆਏ। ਲੋਕਾਂ ਦੀ ਮੁਸ਼ਕਿਲ ਨੂੰ ਦੇਖਦਿਆਂ ਪੰਜਾਬ ਸਰਕਾਰ ਵੱਲੋਂ ਰਾਹਤ ਕੈਂਪਾਂ ਵਿੱਚ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਗਏ ਹਨ ਜਿਵੇਂ ਕਿ ਪਸ਼ੂਆਂ ਲਈ ਹਰੇ ਚਾਰੇ ਤੇ ਫੀਡ ਤੇ ਖਾਣ ਲਈ ਰਾਸ਼ਨ ਦੇ ਪ੍ਰਬੰਧ ਪੂਰੇ ਹਨ।

ਵਿਧਾਇਕ ਸਵਨਾ ਨੇ ਅੱਗੇ ਕਿਹਾ ਕਿ ਹੜ੍ਹ ਪ੍ਰਭਾਵਿਤ ਲੋਕਾਂ ਦੇ ਹੋਏ ਫਸਲਾਂ ਦੇ ਨੁਕਸਾਨੇ ਦੀ ਭਰਪਾਈ ਮੁਆਵਜ਼ੇ ਰਾਹੀਂ ਕੀਤੀ ਜਾਵੇਗੀ ਲੋਕ ਨਾ ਘਬਰਾਉਣ। ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਤੇ ਉਹ ਖੁਦ ਹੜ੍ਹ ਪੀੜਤ ਲੋਕਾਂ ਦੀ ਹਰ ਜ਼ਰੂਰਤਾਂ ਪੂਰੀਆਂ ਕਰਨ ਲਈ ਦਿਨ ਰਾਤ ਲੱਗੇ ਹੋਏ ਹਨ ਤਾਂ ਲੋਕਾਂ ਨੂੰ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਕਿਹਾ ਕਿ ਇਸ ਕੁਦਰਤੀ ਆਫਤ ਵਿੱਚ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਤੇ ਸਮਾਜ ਸੇਵੀ ਸੰਸਥਾਵਾਂ ਹੀ ਆਪਣਾ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੇਰੀ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਹੈ ਕਿ ਉਹ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਇਸ ਕੁਦਰਤੀ ਆਫਤ ਦੀ ਮੁਸ਼ਕਲ ਦੀ ਘੜੀ ਵਿੱਚ ਜੋ ਵੀ ਪ੍ਰਸ਼ਾਸਨਿਕ ਅਧਿਕਾਰੀ ਤੇ ਸਮਾਜ ਸੇਵੀ ਸੰਸਥਾਵਾਂ ਲੱਗੀਆਂ ਹੋਈਆਂ ਹਨ ਉਨ੍ਹਾਂ ਨੂੰ 26 ਜਨਵਰੀ ਦੇ ਗਣਤੰਤਰ ਦਿਵਸ ਮੌਕੇ ਸਨਮਾਨਿਤ ਵੀ ਕੀਤਾ ਜਾਵੇਗਾ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਵੱਲੋਂ ਆਏ ਜਾ ਰਹੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ।

# ਵਿਧਾਇਕ ਸ੍ਰੀ ਮਨਜਿੰਦਰ ਸਿੰਘ ਲਾਲਪੁਰਾ ਨੇ ਪਿੰਡ ਚੰਬਾ ਕਲਾਂ ਵਿਖੇ ਪ੍ਰਭਾਵਿਤ ਪਰਿਵਾਰਾਂ ਨੂੰ ਪ੍ਰਦਾਨ ਕੀਤੀ ਲੋੜੀਦੀ ਰਾਹਤ ਸਮੱਗਰੀ

**ਖਡੂਰ ਸਾਹਿਬ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਹਲਕਾ ਵਿਧਾਇਕ ਖਡੂਰ ਸਾਹਿਬ ਸ੍ਰੀ ਮਨਜਿੰਦਰ ਸਿੰਘ ਲਾਲਪੁਰਾ ਨੇ ਅੱਜ ਪਿੰਡ ਚੰਬਾ ਕਲਾਂ ਵਿਖੇ ਹਾਲ ਹੀ ਵਿੱਚ ਦਰਿਆ ਬਿਆਸ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਦਰਿਆਈ ਪਾਣੀ ਨਾਲ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਪਹੁੰਚਾਉਣ ਲਈ ਲੋੜੀਦੀ ਰਾਹਤ ਸਮੱਗਰੀ ਪ੍ਰਦਾਨ ਕੀਤੀ।

ਵਿਧਾਇਕ ਲਾਲਪੁਰਾ ਅਤੇ ਸਮੂਹ ਟੀਮ ਵੱਲੋਂ ਪੀੜਤ ਪਰਿਵਾਰਾਂ ਵਾਸਤੇ ਰਾਸ਼ਨ ਕਿੱਟਾਂ ਅਤੇ ਪਸ਼ੂਆਂ ਲਈ ਚਾਰਾ ਵੀ ਦਿੱਤਾ ਗਿਆ, ਜਿਸ ਨਾਲ ਪਿੰਡ ਵਾਸੀਆਂ ਨੂੰ ਭਾਰੀ ਰਾਹਤ ਮਿਲੀ ਹੈ।

ਪੰਜਾਬ ਵਿੱਚ ਭਾਰੀ ਬਾਰਿਸ਼ ਕਾਰਨ ਹੋਏ ਹੜ੍ਹਾਂ ਨੇ ਖਡੂਰ ਸਾਹਿਬ ਹਲਕੇ ਦੇ ਕਈ ਪਿੰਡਾਂ ਨੂੰ ਪ੍ਰਭਾਵਿਤ ਕੀਤਾ ਹੈ। ਇਸ ਹਾਲਾਤ ਵਿੱਚ ਆਪ ਪਾਰਟੀ ਨੇ ਆਪਣੀ ਸਹਾਇਤਾ ਨੂੰ ਤੇਜ਼ ਕੀਤਾ ਹੈ ਅਤੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਖੁਦ ਪਿੰਡ ਵਿੱਚ ਪਹੁੰਚ ਕੇ ਪੀੜਤਾਂ ਨਾਲ ਮੀਟਿੰਗ ਕੀਤੀ।

ਉਨ੍ਹਾਂ ਨੇ ਕਿਹਾ ਕਿ ਆਪ ਸਰਕਾਰ ਅਤੇ ਪਾਰਟੀ ਹਮੇਸ਼ਾ ਆਮ ਆਦਮੀ ਦੇ ਪੱਖ ਵਿੱਚ ਖੜ੍ਹੀ ਰਹਿੰਦੀ ਹੈ ਅਤੇ ਹੜ੍ਹ ਪੀੜਤਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ। ਰਾਸ਼ਨ ਵਿੱਚ ਖੰਡ, ਚਾਹ ਪੱਤੀ, ਆਲੂ, ਤੇਲ ਅਤੇ ਹੋਰ ਜ਼ਰੂਰੀ ਵਸਤਾਂ ਸ਼ਾਮਲ ਸਨ, ਜਦਕਿ ਪਸ਼ੂਆਂ ਲਈ ਚਾਰੇ ਨੂੰ ਪਿੰਡ ਚੰਬਾ ਕਲਾਂ ਵਿੱਚ ਪਹੁੰਚਾ ਕੇ ਪਸ਼ੂ ਪਾਲਕਾਂ ਨੂੰ ਵੀ ਰਾਹਤ ਦਿੱਤੀ ਹੈ।

ਵਿਧਾਇਕ ਲਾਲਪੁਰਾ ਨੇ ਕਿਹਾ, ÷ਹੜ੍ਹ ਵਰਗੀਆਂ ਕੁਦਰਤੀ ਆਫ਼ਤਾਂ ਵਿੱਚ ਲੋਕਾਂ ਨੂੰ ਤੁਰੰਤ ਮਦਦ ਦੀ ਲੋੜ ਹੁੰਦੀ ਹੈ। ਆਪ ਪਾਰਟੀ ਨੇ ਹਮੇਸ਼ਾ ਆਪਣੇ ਵਾਅਦਿਆਂ ਅਨੁਸਾਰ ਆਮ ਆਦਮੀ ਦੀ ਸੇਵਾ ਕੀਤੀ ਹੈ ਅਤੇ ਅੱਜ ਵੀ ਅਸੀਂ ਪੀੜਤ ਪਰਿਵਾਰਾਂ ਨਾਲ ਹੀ ਖੜ੍ਹੇ ਹਾਂ। ਪੰਜਾਬ ਸਰਕਾਰ ਵੱਲੋਂ ਵੀ ਹੜ੍ਹ ਰਾਹਤ ਲਈ ਵਿਸ਼ੇਸ਼ ਪੈਕੇਜ ਐਲਾਨ ਕੀਤੇ ਜਾਣਗੇ।÷ ਇਸ ਮੌਕੇ ਤੇ ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਅਤੇ ਆਪ ਪਾਰਟੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਅਜਿਹੀ ਸਹਾਇਤਾ ਨੇ ਉਨ੍ਹਾਂ ਨੂੰ ਮੁਸ਼ਕਲ ਸਮੇਂ ਵਿੱਚ ਹੌਸਲਾ ਦਿੱਤਾ ਹੈ।

ਆਮ ਆਦਮੀ ਪਾਰਟੀ ਨੇ ਸਾਰੇ ਪੀੜਤਾਂ ਨੂੰ ਭਰੋਸਾ ਦਿਵਾਇਆ ਹੈ ਕਿ ਹੜ੍ਹਾਂ ਤੋਂ ਨੁਕਸਾਨ ਦੀ ਪੂਰੀ ਭਰਪਾਈ ਕੀਤੀ ਜਾਵੇਗੀ ਅਤੇ ਭਵਿੱਖ ਵਿੱਚ ਅਜਿਹੀਆਂ ਆਫ਼ਤਾਂ ਤੋਂ ਬਚਾਅ ਲਈ ਵੀ ਕੰਮ ਕੀਤਾ ਜਾਵੇਗਾ।

ਇਸ ਸਮੇਂ ਉਨਾਂ ਦੇ ਨਾਲ ਚੇਅਰਮੈਨ ਰਜਿੰਦਰ ਸਿੰਘ ਉਸਮਾ, ਚੇਅਰਮੈਨ ਕੁਲਦੀਪ ਸਿੰਘ ਮੰਡੀ ਬੋਰਡ ਤਰਨ ਤਾਰਨ, ਚੇਅਰਮੈਨ ਗੁਰਦੇਵ ਸਿੰਘ ਲਾਖਣਾ, ਰੁਪਿੰਦਰ ਕੌਰ ਸੰਧੂ, ਚੇਅਰਮੈਨ ਬਰਿੰਦਰ ਕੁਮਾਰ ਜੀ, ਚੇਅਰਮੈਨ ਹਰਜੀਤ ਸਿੰਘ ਸੰਧੂ, ਚੇਅਰਮੈਨ ਅਮਿੰਦਰ ਸਿੰਘ ਐਮੀ, ਰਜਿੰਦਰ ਸਿੰਘ ਪੰਨੂ ਰੂੜੇ ਆਸਲ ਅਤੇ ਹਲਕਾ ਤਰਨ ਤਾਰਨ ਦੀ ਆਮ ਆਦਮੀ ਪਾਰਟੀ ਦੀ ਸਾਰੀ ਟੀਮ ਉਸ ਸਮੇਂ ਹਾਜ਼ਰ ਸੀ।

# ਹੜ੍ਹਾਂ ’ਚ ਘਿਰੇ ਸਰਹੱਦੀ ਪਿੰਡ ਵਾਸੀਆਂ ਲਈ ਫ਼ਰਿਸ਼ਤਾ ਬਣਿਆ ਸਿਹਤ ਵਿਭਾਗ

**ਫਾਜ਼ਿਲਕਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤ ਪਾਕ ਕੌਮਾਂਤਰੀ ਸਰਹੱਦ ਤੇ ਸਤਲੁਜ ਦਰਿਆ ਨਾਲ ਲੱਗਦੇ ਪਿੰਡ ਮੋਹਰ ਜਮਸ਼ੇਰ ਦੀ ਨਿਰਮਲਾ ਰਾਣੀ ਲਈ ਸਿਹਤ ਵਿਭਾਗ ਫ਼ਰਿਸ਼ਤਾ ਬਣ ਕੇ ਸਾਹਮਣੇ ਆਇਆ ਹੈ। ਉਨ੍ਹਾਂ ਨੇ ਕਦੇ ਸੁਫ਼ਨੇ ਵਿੱਚ ਵੀ ਨਹੀਂ ਸੋਚਿਆ ਸੀ ਕਿ ਉਹ ਹੜ ਆਲੇ ਭਿਆਨਕ ਹਲਾਤਾਂ ਵਿੱਚ ਆਪਣੇ ਬੱਚੇ ਨੂੰ ਜਨਮ ਦੇਵੇਗੀ। ਸਰਹੱਦਾਂ ਤੇ ਵਸੇ ਹੋਣ ਕਾਰਨ ਕਦੇ ਜੰਗ ਅਤੇ ਕਦੇ ਹੜ੍ਹ ਵਰਗਿਆਂ ਕੁਦਰਤੀ ਕਰੋਪੀਆ ਦਾ ਸਾਹਮਣਾ ਕਰਨ ਵਾਲੇ ਇੱਥੋ ਦੇ ਲੋਕਾਂ ਨੂੰ ਇਕ ਵਾਰ ਫਿਰ ਸਤਲੁਜ ਦਰਿਆ ਦੀ ਮਾਰ ਕਰਕੇ ਕਈ ਏਕੜ ਫ਼ਸਲ ਬਰਬਾਦ ਹੋਣ ਕਰਕੇ ਆਰਥਿੱਕ ਪੱਖੋਂ ਵੀ ਹੋਲੇ ਹੋ ਗਏ ਹਨ। ਇਸ ਔਖੀ ਘੜੀ ਵਿਚ ਸਿਹਤ ਵਿਭਾਗ ਵਲੋ ਸਪੈਸ਼ਲ ਮੈਡੀਕਲ ਕੈਂਪਾਂ ਰਾਹੀਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਨੇ ਪਰਿਵਾਰਾ ਨੂੰ ਮਰਹਮ ਲਾਉਣ ਦਾ ਕੰਮ ਕੀਤਾ ਹੈ ਤਾਂਕਿ ਉਹਨਾਂ ਦਾ ਦੁੱਖ ਘੱਟ ਹੋ ਸਕੇ ਅਤੇ ਵਿਭਾਗ ਦੇ ਅਧਿਕਾਰੀਆ ਤੋ ਲੈ ਕੇ ਸਟਾਫ ਤੱਕ ਪਰਿਵਾਰਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਇਸ ਮੁਸਕਿਲ ਘੜੀ ਵਿਚ ਸਮੇ ਦਾ ਹਾਣੀ ਬਣੇ ਹੋਏ ਹਨ।

ਸਿਵਲ ਸਰਜਨ ਡਾ ਰਾਜ ਕੁਮਾਰ ਅਤੇ ਸਹਾਇਕ ਸਿਵਿਲ ਸਰਜਨ ਡਾਕਟਰ ਰੋਹਿਤ ਗੋਇਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਵਲੋ ਸਿਹਤ ਵਿਭਾਗ ਨੂੰ ਹੜ੍ਹ ਪੀੜਤਾ ਲਈ ਹਰ ਸੰਭਵ ਮਦਦ ਦੇਣ ਅਤੇ ਗਰਭਵਤੀ ਮਹਿਲਾਵਾਂ ਨੂੰ ਮੁਸਕਿਲ ਹਲਾਤਾ ਚੋ ਬਾਹਰ ਕੱਢ ਸੁਰੱਖਿਅਤ ਸਿਹਤ ਕੇਂਦਰ ਵਿੱਚ ਦਾਖਿਲ ਕਰਵਾ ਉਹਨਾਂ ਦਾ ਜਣੇਪਾ ਕਰਵਾਉਣ ਦੇ ਹੁਕਮ ਦਿੱਤੇ ਗਏ ਸਨ ਅਤੇ ਇਹਨਾਂ ਹੁਕਮਾਂ ਦੀ ਪਾਲਣਾ ਕਰਦਿਆਂ ਸਿਹਤ ਵਿਭਾਗ ਵੱਲੋਂ ਪਿੰਡ ਮੋਹਰ ਜਮਸ਼ੇਰ ਦੀ ਨਿਰਮਲਾ ਰਾਣੀ ਅਤੇ ਕੈਲਾਸ਼ ਕੌਰ ਗਰਭਵਤੀ ਮਹਿਲਾਵਾਂ ਨੂੰ ਸਿਹਤ ਵਿਭਾਗ ਵੱਲੋਂ ਰੇਸਕਿਊ ਕਰਕੇ ਸਿਵਲ ਹਸਪਤਾਲ ਦਾਖਿਲ ਕਰਵਾਇਆ ਜਿਥੇ ਨਿਰਮਲਾ ਰਾਣੀ ਦੀ ਸੁਰੱਖਿਅਤ ਜਣੇਪਾ ਕਰਵਾਇਆ ਗਿਆ ਅਤੇ ਕੈਲਾਸ਼ ਕੌਰ ਰਿਲੀਫ਼ ਕੈਂਪ ਮੌਜਮ ਵਿਖੇ ਹੈ ਜਿਥੇ ਉਸਦੀ ਇਸ ਹਫਤੇ ਜਣੇਪਾ ਹੋਣ ਦੀ ਸੰਭਾਵਨਾ ਹੈ ਜਿਸ ਲਈ ਆਸ਼ਾ ਵਰਕਰ ਅਤੇ ਏ ਐਨ ਐਮ ਉਸਦੇ ਨਾਲ ਹੈ ਜਿਸਦਾ ਫਾਜ਼ਿਲਕਾ ਸਿਵਿਲ ਹਸਪਤਾਲ ਵਿਖੇ ਇਲਾਜ ਚੱਲ ਰਿਹਾ ਹੈ.

ਨਿਰਮਲਾ ਰਾਣੀ ਨੇ ਦੱਸਿਆ ਕਿ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਇਸ ਗੱਲ ਦੀ ਚਿੰਤਾ ਸੀ ਕਿ ਉਹਨਾਂ ਨੂੰ ਜਣੇਪਾ ਸੇਵਾਵਾਂ ਇਹਨਾ ਹਲਾਤਾ ਵਿੱਚ ਕਿਵੇ ਮਿਲਣਗੀਆਂ, ਜਾਂ ਉਹ ਡਾਕਟਰਾਂ, ਨਰਸਾਂ ਦੀ ਮੁਹਾਰਤ ਕਿਵੇਂ ਲੈਣਗੇ, ਲੋੜੀਂਦੀਆਂ ਦਵਾਈਆਂ ਤੱਕ ਕਿਵੇਂ ਪਹੁੰਚ ਕਰਨਗੇ ਪਰ ਜ਼ਿਲਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੀ ਮਦਦ ਨਾਲ, ਸਹਾਇਤਾ ਆਉਣੀ ਸ਼ੁਰੂ ਹੋ ਗਈ, ਜਿਸ ਨਾਲ ਸਾਨੂੰ ਜੀਵਨ ਦੀ ਉਮੀਦ ਦੀ ਕਿਰਨ ਮਿਲੀ।

ਉਹਨਾਂ ਕਿਹਾ ਕਿ ਹੜ੍ਹ ਤੋਂ ਪਹਿਲਾਂ ਉਹ ਆਪਣੇ ਪਿੰਡ ਵਿੱਚ ਏ ਐਨ ਸੀ ਜਾਂਚ, ਟੀਕਾਕਰਨ ਲਈ ਕੈਂਪ ਵਿੱਚ ਜਾਂਦੇ ਸਨ ਪਰ ਹੜ੍ਹਾਂ ਨੇ ਸਭ ਕੁਝ ਬਦਲ ਦਿੱਤਾ। ਸਿਹਤ ਵਿਭਾਗ ਨੇ ਉਹਨਾਂ ਦੀ ਪੂਰੀ ਸਾਰ ਲਈ ਹੈ।

ਸੀਨੀਅਰ ਮੈਡੀਕਲ ਅਫਸਰ ਡਾਕਟਰ ਰਿੰਕੂ ਚਾਵਲਾ ਨੇ ਦੱਸਿਆ ਕਿ ਸਿਹਤ ਮੰਤਰੀ ਡਾ ਬਲਬੀਰ ਸਿੰਘ ਦੀਆਂ ਹਿਦਾਇਤਾਂ ਮੁਤਾਬਕ ਜੇਕਰ ਕੋਈ ਵੀ ਗਰਭਵਤੀ ਮਹਿਲਾ ਹਸਪਤਾਲ ਵਿਚ ਆ ਕੇ ਰਹਿਣਾ ਚਾਹੇ ਤਾਂ ਉਹਨਾਂ ਨੂੰ ਘਰ ਵਰਗਾ ਮਹੌਲ ਅਤੇ ਖਾਣ ਪੀਣ ਦਾ ਧਿਆਨ ਰੱਖਣ ਦੇ ਨਾਲ ਨਾਲ ਪੂਰੀ ਸਿਹਤ ਸਹੂਲਤ ਦਿੱਤੀ ਜਾਵੇਗੀ।

ਸਮਾਜ ਸੇਵੀ ਵਿਪੁਲ ਕੁਮਾਰ ਨੇ ਦੱਸਿਆ ਕਿ ਸਿਹਤ ਵਿਭਾਗ ਵਲੋ ਅੱਜ ਗੁਲਾਬ ਭੈਣੀ ਤੋਂ ਇੱਕ ਗਰਭਵਤੀ ਮਹਿਲਾ ਕੈਲਾਸ਼ ਕੌਰ ਨੂੰ ਵੀ ਰੇਸਕਿਉ ਕਰ ਕੇ ਲਿਆਂਦਾ ਗਿਅ

ਾ ਉਸ ਦਾ ਮੈਡੀਕਲ ਚੈੱਕਅਪ ਕਰਵਾਇਆ ਗਿਆ. ਉਹਨਾਂ ਦੱਸਿਆ ਕਿ ਪਿਛਲੇ ਇਕ ਹਫਤੇ ਤੋਂ ਵਿਭਾਗ ਵਲੋ ਪਿੰਡਾਂ ਵਿਚ ਐਂਬੂਲੈਂਸ ਰਾਹੀਂ 10 ਦੇ ਕਰੀਬ ਲੋਕ ਜਿਸ ਵਿਚ ਇਕ ਬਿਜਲੀ ਦੇ ਕਰੰਟ ਇਕ ਬੱਚਾ ਪਾਣੀ ਵਿਚ ਡੁੱਬਣ ਅਤੇ ਇਕ ਬਜ਼ੁਰਗ ਮਾਤਾ ਅਤੇ ਬਾਬਾ ਜੀ ਨੂੰ ਸੁਰੱਖਿਅਤ ਸਿਵਿਲ ਹਸਪਤਾਲ ਵਿਚ ਦਾਖਲ ਕਰਵਾਈਆ ਗਿਆ ਜਿਨਾਂ ਦੀ ਹਾਲਤ ਖਤਰੇ ਤੋਂ ਬਾਹਰ ਹੈ।

# ਡਾ. ਰਾਜ ਨੇ ਧੁੱਸੀ ਅਤੇ ਕੁੱਕੜਾਂ ਬੰਨ੍ਹ ਦੀ ਮੁਰੰਮਤ ਅਤੇ ਹੜ੍ਹ ਰਾਹਤ ਲਈ ਐਮ.ਪੀ ਲੈਡ ਫੰਡ ਵਿਚੋਂ 50 ਲੱਖ ਰੁਪਏ ਅਲਾਟ ਕੀਤੇ

**ਹੁਸ਼ਿਆਰਪੁਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ’ਚ ਹਾਲ ਹੀ ਵਿਚ ਆਏ ਹੜ੍ਹਾਂ – ਖਾਸ ਕਰਕੇ ਹੁਸ਼ਿਆਰਪੁਰ ਸੰਸਦੀ ਹਲਕੇ ਵਿਚ ਹੋਏ ਵਿਆਪਕ ਨੁਕਸਾਨ ਨੂੰ ਧਿਆਨ ਵਿਚ ਰੱਖਦਿਆਂ, ਆਫ਼ਤ ਪ੍ਰਬੰਧਨ ਅਤੇ ਪੁਨਰਵਾਸ ਯਤਨਾਂ ਵਿਚ ਯੋਗਦਾਨ ਪਾਉਣ ਲਈ ਇਕ ਸਰਗਰਮ ਕਦਮ ਚੁੱਕਦੇ ਹੋਏ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਹੜ੍ਹ ਰਾਹਤ ਅਤੇ ਪੁਨਰਵਾਸ ਕਾਰਜਾਂ ਲਈ ਐਮ.ਪੀ ਲੈਡ ਫੰਡ ਵਿਚੋਂ 50 ਲੱਖ ਰੁਪਏ ਹੁਸ਼ਿਆਰਪੁਰ ਪ੍ਰਸ਼ਾਸਨ ਨੂੰ ਜਾਰੀ ਕੀਤੇ ਹਨ। ਜ਼ਿਕਰਯੋਗ ਹੈ ਕਿ ਭਾਰੀ ਮੀਂਹ ਦੇ ਨਾਲ ਹੀ ਹਲਕੇ ਦੇ ਛੋਟੇ ਡੈਮਾਂ ਵਿਚ ਆਏ ਵਾਧੂ ਪਾਣੀ ਕਾਰਨ ਮੁਕੇਰੀਆਂ, ਟਾਂਡਾ, ਚੱਬੇਵਾਲ, ਹੁਸ਼ਿਆਰਪੁਰ ਅਤੇ ਹਰਗੋਬਿੰਦਪੁਰ ਦੇ ਬਹੁਤ ਸਾਰੇ ਖੇਤਰ ਹੜ੍ਹਾਂ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਹਨ।

ਤੁਰੰਤ ਪੁਨਰਵਾਸ ਯਤਨਾਂ ਵਿਚ ਸਹਾਇਤਾ ਲਈ 50 ਲੱਖ ਰੁਪਏ ਦੇ ਵਿਸ਼ੇਸ਼ ਫੰਡ ਦਾ ਚੈੱਕ ਐਮ.ਪੀ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਨੂੰ ਜਾਰੀ ਕੀਤਾ ਗਿਆ ਹੈ।

ਇਸ ਫੰਡ ਦਾ ਇਕ ਵੱਡਾ ਹਿੱਸਾ ਮੁਕੇਰੀਆਂ ਵਿਧਾਨ ਸਭਾ ਹਲਕੇ ਵਿਚ ਧੁੱਸੀ ਬੰਨ੍ਹ ਅਤੇ ਚੱਬੇਵਾਲ ਵਿਧਾਨ ਸਭਾ ਹਲਕੇ ਵਿਚ ਕੁੱਕੜਾਂ ਬੰਨ੍ਹ ਦੀ ਮਜ਼ਬੂਤੀ ਅਤੇ ਮੁਰੰਮਤ ਵੱਲ ਸੇਧਿਤ ਕੀਤਾ ਜਾਵੇਗਾ, ਜੋ ਹਾਲ ਹੀ ਵਿਚ ਆਏ ਹੜ੍ਹਾਂ ਦੌਰਾਨ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ।

ਧੁੱਸੀ ਬੰਨ੍ਹ ਦੀ ਤੁਰੰਤ ਮੁਰੰਮਤ ਬਹੁਤ ਮਹੱਤਵਪੂਰਨ ਹੈ ਅਤੇ ਹੜ੍ਹ ਨਿਯੰਤਰਣ ਅਤੇ ਨੇੜਲੇ ਪਿੰਡਾਂ ਦੀ ਰੱਖਿਆ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਸਹਾਇਕ ਕਮਿਸ਼ਨਰ ਓਇਸ਼ੀ ਮੰਡਲ ਵੀ ਇਸ ਮੌਕੇ ਮੌਜੂਦ ਸਨ।

ਲੋਕ ਸਭਾ ਮੈਂਬਰ ਨੇ ਕਿਹਾ ਕਿ ਇਹ ਵਿੱਤੀ ਸਹਾਇਤਾ ਸੰਕਟ ਦੇ ਸਮੇਂ ਖੇਤਰ ਦੇ ਲੋਕਾਂ ਦੀ ਸਹਾਇਤਾ ਕਰਨ ਦੀ ਉਨ੍ਹਾਂ ਦੀ ਨਿਰੰਤਰ ਵਚਨਬੱਧਤਾ ਦਾ ਹਿੱਸਾ ਹੈ। ÷ਮੇਰੇ ਹਲਕਾ ਨਿਵਾਸੀਆਂ ਦੀ ਸੁਰੱਖਿਆ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਹੋਰ ਹੜ੍ਹਾਂ ਨੂੰ ਰੋਕਣ ਅਤੇ ਜਾਨ-ਮਾਲ ਦੀ ਰੱਖਿਆ ਲਈ ਧੁੱਸੀ ਡੈਮ ਦੇ ਬੰਨ੍ਹ ਨੂੰ ਤੁਰੰਤ ਮਜ਼ਬੂਤ ਕੀਤਾ ਜਾਣਾ ਚਾਹੀਦਾ ਹੇ।

# ਜ਼ਿਲ੍ਹਾ ਪ੍ਰਸ਼ਾਸਨ ਨੇ ਹੜ੍ਹਾਂ ਵਿੱਚੋਂ ਛੋਟੇ ਬੱਚਿਆਂ ਅਤੇ ਬਿਮਾਰਾਂ ਨੂੰ ਸੁਰੱਖਿਅਤ ਬਾਹਰ ਕੱਢਿਆ

**ਗੁਰਦਾਸਪੁਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਕੀਤੇ ਜਾ ਰਹੇ ਰਾਹਤ ਤੇ ਬਚਾਅ ਕਾਰਜਾਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਹੜ੍ਹਾਂ ਦੇ ਪਾਣੀ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਡਾ. ਅਦਿੱਤਯ ਸ਼ਰਮਾ ਨੇ ਦੱਸਿਆ ਕਿ ਸਾਨੂੰ ਪਿੰਡ ਹਵੇਲੀ ਕਲਾਂ ▾ਚੋਂ ਇੱਕ ਰੈਸਕਿਊ ਦੀ ਕਾਲ ਆਈ ਸੀ ਕਿ ਇਸ ਪਿੰਡ ਵਿੱਚ ਇੱਕ ਨਵ-ਜਨਮਿਆਂ ਬੱਚਾ ਅਤੇ ਉਸਦੀ ਮਾਂ ਆਪਣੇ ਘਰ ਪਾਣੀ ਵਿੱਚ ਘਿਰੇ ਹੋਏ ਹਨ। ਉਨ੍ਹਾਂ ਕਿਹਾ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਕਿਸ਼ਤੀ ਰਾਹੀਂ ਉਸ ਪਿੰਡ ਤੱਕ ਪਹੁੰਚ ਕਰਕੇ ਨਵ-ਜਨਮੇ ਬੱਚੇ ਅਤੇ ਉਸਦੀ ਮਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆਂਦਾਐੱਸ.ਡੀ.ਐੱਮ. ਸ੍ਰੀ ਆਦਿੱਤਯ ਸ਼ਰਮਾ ਨੇ ਦੱਸਿਆ ਕਿ ਇਸੇ ਤਰ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਨੇ ਬਹਿਲੋਲਪੁਰ ਤੋਂ ਵੀ ਇੱਕ ਹੋਰ ਨੰਨ੍ਹੀ ਬੱਚੀ ਨੂੰ ਰੈਸਕਿਊ ਕੀਤਾ ਗਿਆ ਹੈ।

# ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਬੇਜ਼ੁਬਾਨਾ ਦੀ ਸੰਭਾਲ ਕਰਨ ਦੇ ਨਾਲ-ਨਾਲ ਖੁਰਾਕ ਦਾ ਰੱਖ ਰਿਹੈ ਵਿਸ਼ੇਸ਼ ਧਿਆਨ

## ਫੀਡ, ਹਰਾ ਚਾਰਾ ਅਤੇ ਮੱਕੀ ਦੇ ਆਚਾਰ ਦੀ ਕੀਤੀ ਜਾ ਰਹੀ ਹੈ ਵੰਡ, ਲੋੜ ਅਨੁਸਾਰ ਟੀਕਾਕਰਨ ਵੀ ਜਾਰੀ



**ਫਾਜ਼ਿਲਕਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ-ਨਿਰਦੇਸ਼ਾ ਹੇਠ ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਮਨੁਖਾਂ ਦੇ ਨਾਲ-ਨਾਲ ਬੇਜੁਬਾਨਾ ਦੀ ਸੰਭਾਲ ਕਰਨ ਦੇ ਨਾਲ-ਨਾਲ ਖੁਰਾਕ ਦਾ ਵੀ ਵਿਸ਼ੇਸ਼ ਧਿਆਨ ਰੱਖ ਰਿਹਾ ਹੈ। ਜ਼ਿਲ੍ਹੇ ਵਿੱਚ ਅੱਠ ਰਾਹਤ ਕੈਂਪ ਕਾਰਜਸ਼ੀਲ ਹਨ ਜਿਨਾਂ ਵਿੱਚ 384 ਜਾਨਵਰ ਲਿਆਂਦੇ ਗਏ ਹਨ ਤੇ ਪਸ਼ੂ ਪਾਲਕਾਂ ਨੂੰ ਫੀਡ, ਹਰਾ ਚਾਰਾ ਅਤੇ ਮੱਕੀ ਦੇ ਅਚਾਰ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਅਧਿਕਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਸ਼ੂ ਪਾਲਕਾਂ ਦੀ ਮਦਦ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਰਾਹਤ ਕੈਂਪਾਂ ਵਿੱਚ ਆਏ ਲੋਕਾਂ ਦੇ ਦੁਧਾਰੂ ਜਾਨਵਰਾਂ ਲਈ ਮੰਗ ਮੁਤਾਬਕ ਫੀਡ, ਹਰੇ ਚਾਰੇ ਦੀ ਵੰਡ ਜਾਰੀ ਹੈ। ਇਸ ਤੋਂ ਇਲਾਵਾ ਜੋ ਪਸ਼ੂ ਪਾਲਕ ਆਪਣੇ ਪਸ਼ੂਆਂ ਸਮੇਤ ਪਿੰਡਾਂ ਵਿਚ ਹਨ ਉਨ੍ਹਾਂ ਤੱਕ ਵੀ ਲੋੜੀਂਦੀ ਰਾਹਤ ਸਮੱਗਰੀ ਪੁੱਜਦੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਫੀਡ ਚਾਰਾ ਪਹੁੰਚਾਉਣ ਤੋਂ ਬਾਅਦ ਵੀ ਜਿਵੇ ਜਿਵੇ ਲੋਕਾਂ ਵੱਲੋ ਪ੍ਰਸ਼ਾਸਨ ਤੋਂ ਮੰਗ ਕੀਤੀ ਜਾ ਰਹੀ ਹੈ ਉਸ ਨੂੰ ਵੀ ਪੂਰਾ ਕੀਤਾ ਜਾ ਰਿਹਾ ਹੈ। ਇਸੇ ਤਹਿਤ ਫਾਜ਼ਿਲਕਾ ਦੇ ਪਿੰਡ ਘੁਰਕਾ ਵਿੱਚ ਮੱਕੀ ਦਾ ਆਚਾਰ ਪਿੰਡ ਵਾਸੀਆਂ ਨੂੰ ਮੁਹਈਆ ਕਰਵਾਇਆ ਗਿਆ।

ਉਨ੍ਹਾਂ ਦੱਸਿਆ ਕਿ ਪਾਣੀ ਦੀ ਮਾਰ ਕਰਕੇ ਪਸ਼ੂਆਂ ਵਿਚ ਕੋਈ ਬਿਮਾਰੀ ਨਾ ਫੈਲੇ, ਇਸ ਕਰਕੇ ਪਸ਼ੂਆਂ ਦਾ ਟੀਕਾਕਰਨ ਵੀ ਕੀਤਾ ਜਾ ਰਿਹ ਹੈ। ਇਸ ਤੋਂ ਇਵਾ ਪਸ਼ੂ ਪਾਲਣ ਵਿਭਾਗ ਦੀਆਂ 14 ਟੀਮਾਂ ਰਾਹਤ ਕੇਂਦਰਾਂ ਤੇ ਪਿਡਾਂ ਵਿਚ ਡਿਉਟੀ *ਤੇ ਤਾਇਨਾਤ ਹਨ ਤਾਂ ਜੋ ਕਿਸੇ ਪਸ਼ੂ ਨੂੰ ਇਲਾਜ ਦੀ ਲੋੜ ਹੈ ਤਾਂ ਉਸਨੂੰ ਨਾਲੋ-ਨਾਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ।

ਫੀਡ, ਹਰਾ ਚਾਰਾ ਅਤੇ ਮੱਕੀ ਦੇ ਆਚਾਰ ਦੀ ਕੀਤੀ ਜਾ ਰਹੀ ਹੈ ਵੰਡ, ਲੋੜ ਅਨੁਸਾਰ ਟੀਕਾਕਰਨ ਵੀ ਜਾਰੀ

ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ-ਨਿਰਦੇਸ਼ਾ ਹੇਠ ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਮਨੁਖਾਂ ਦੇ ਨਾਲ-ਨਾਲ ਬੇਜੁਬਾਨਾ ਦੀ ਸੰਭਾਲ ਕਰਨ ਦੇ ਨਾਲ-ਨਾਲ ਖੁਰਾਕ ਦਾ ਵੀ ਵਿਸ਼ੇਸ਼ ਧਿਆਨ ਰੱਖ ਰਿਹਾ ਹੈ। ਜ਼ਿਲ੍ਹੇ ਵਿੱਚ ਅੱਠ ਰਾਹਤ ਕੈਂਪ ਕਾਰਜਸ਼ੀਲ ਹਨ ਜਿਨਾਂ ਵਿੱਚ 384 ਜਾਨਵਰ ਲਿਆਂਦੇ ਗਏ ਹਨ ਤੇ ਪਸ਼ੂ ਪਾਲਕਾਂ ਨੂੰ ਫੀਡ, ਹਰਾ ਚਾਰਾ ਅਤੇ ਮੱਕੀ ਦੇ ਅਚਾਰ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਅਧਿਕਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਸ਼ੂ ਪਾਲਕਾਂ ਦੀ ਮਦਦ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਰਾਹਤ ਕੈਂਪਾਂ ਵਿੱਚ ਆਏ ਲੋਕਾਂ ਦੇ ਦੁਧਾਰੂ ਜਾਨਵਰਾਂ ਲਈ ਮੰਗ ਮੁਤਾਬਕ ਫੀਡ, ਹਰੇ ਚਾਰੇ ਦੀ ਵੰਡ ਜਾਰੀ ਹੈ। ਇਸ ਤੋਂ ਇਲਾਵਾ ਜੋ ਪਸ਼ੂ ਪਾਲਕ ਆਪਣੇ ਪਸ਼ੂਆਂ ਸਮੇਤ ਪਿੰਡਾਂ ਵਿਚ ਹਨ ਉਨ੍ਹਾਂ ਤੱਕ ਵੀ ਲੋੜੀਂਦੀ ਰਾਹਤ ਸਮੱਗਰੀ ਪੁੱਜਦੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਫੀਡ ਚਾਰਾ ਪਹੁੰਚਾਉਣ ਤੋਂ ਬਾਅਦ ਵੀ ਜਿਵੇ ਜਿਵੇ ਲੋਕਾਂ ਵੱਲੋ ਪ੍ਰਸ਼ਾਸਨ ਤੋਂ ਮੰਗ ਕੀਤੀ ਜਾ ਰਹੀ ਹੈ ਉਸ ਨੂੰ ਵੀ ਪੂਰਾ ਕੀਤਾ ਜਾ ਰਿਹਾ ਹੈ। ਇਸੇ ਤਹਿਤ ਫਾਜ਼ਿਲਕਾ ਦੇ ਪਿੰਡ ਘੁਰਕਾ ਵਿੱਚ ਮੱਕੀ ਦਾ ਆਚਾਰ ਪਿੰਡ ਵਾਸੀਆਂ ਨੂੰ ਮੁਹਈਆ ਕਰਵਾਇਆ ਗਿਆ।

ਉਨ੍ਹਾਂ ਦੱਸਿਆ ਕਿ ਪਾਣੀ ਦੀ ਮਾਰ ਕਰਕੇ ਪਸ਼ੂਆਂ ਵਿਚ ਕੋਈ ਬਿਮਾਰੀ ਨਾ ਫੈਲੇ, ਇਸ ਕਰਕੇ ਪਸ਼ੂਆਂ ਦਾ ਟੀਕਾਕਰਨ ਵੀ ਕੀਤਾ ਜਾ ਰਿਹ ਹੈ। ਇਸ ਤੋਂ ਇਵਾ ਪਸ਼ੂ ਪਾਲਣ ਵਿਭਾਗ ਦੀਆਂ 14 ਟੀਮਾਂ ਰਾਹਤ ਕੇਂਦਰਾਂ ਤੇ ਪਿਡਾਂ ਵਿਚ ਡਿਉਟੀ *ਤੇ ਤਾਇਨਾਤ ਹਨ ਤਾਂ ਜੋ ਕਿਸੇ ਪਸ਼ੂ ਨੂੰ ਇਲਾਜ ਦੀ ਲੋੜ ਹੈ ਤਾਂ ਉਸਨੂੰ ਨਾਲੋ-ਨਾਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ।

# ਵੰਦੇ ਮਾਤਰਮ ਦਲ ਦੇ ਮੰਚ ਤੇ ਹੋਵੇਗਾ ਟਿੱਪਰੀ ਮੁਕਾਬਲਾ

## ਝਾਂਕੀਆਂ, ਹੰਡੋਲੇ, ਟਿੱਪਰੀਆਂ ਨੂੰ ਦਿੱਤਾ ਜਾਵੇਗਾ ਨਗਦ ਇਨਾਮ ਜੇਤੂ ਟੀਮ ਨੂੰ ਪਹਿਲਾ ਇਨਾਮ 32 ਇੰਚੀ ਐਲ ਈ ਡੀ

**ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ਹਿਰ ਦਾ ਇਤਿਹਾਸਿਕ ਅਤੇ ਧਾਰਮਿਕ ਤਿਉਹਾਰ ਵਾਮਨ ਦੁਆਦਸੀ ਦਾ ਮੇਲਾ ਪਟਿਆਲਾ ਸ਼ਹਿਰ ਵਿੱਚ ਬੜੀ ਹੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਦੱਸ ਦਈਏ ਭਗਵਾਨ ਸ੍ਰੀ ਵਿਸ਼ਨੂ ਜੀ ਦੇ ਪੰਜਵੇਂ ਅਵਤਾਰ ਸ੍ਰੀ ਵਾਮਨ ਦੇਵਤਾ ਜੀ ਦਾ ਪੰਜਾਬ ਵਿੱਚ ਇਕਲੋਤਾ ਅਤੇ ਦੇਸ਼ ਵਿੱਚ ਦੂਸਰਾ ਮੰਦਿਰ ਪਟਿਆਲਾ ਵਿੱਚ ਸੁਸ਼ੋਭਿਤ ਹੈ। ਪੁਰਾਤਨ ਮਾਨਤਾਵਾਂ ਦੇ ਅਨੁਸਾਰ ਪਿਛਲੇ ਲੰਬੇ ਅਰਸੇ ਤੋਂ ਪਟਿਆਲਾ ਵਾਸੀ ਵਾਮਨ ਅਵਤਾਰ ਦਿਵਸ ਨੂੰ ਜਿੱਥੇ ਪਾਠ ਪੂਜਾ ਕਰ ਬੜੀ ਸ਼ਰਧਾ ਨਾਲ ਮਨਾਉਂਦੇ ਹਨ ਉਥੇ ਹੀ ਬਾਜ਼ਾਰਾਂ ਦੇ ਵਿੱਚ ਬਹੁਤ ਭਾਰੀ ਰੌਣਕਾਂ ਲੱਗਦੀਆਂ ਹਨ।



ਸ਼ਰਧਾਲੂਆਂ ਵੱਲੋਂ ਭਗਵਾਨ ਦੀਆਂ ਮਨਮੋਹਕ ਝਾਕੀਆਂ, ਹੰਡੋਲੇ ਅਤੇ ਨੌਜਵਾਨਾਂ ਵੱਲੋਂ ਇਸ ਪ੍ਰਗਟ ਦਿਵਸ ਦੀ ਖੁਸ਼ੀ ਵਿੱਚ ਟਿੱਪਰੀਆਂ ਖੇਡ ਕੇ ਖੁਸ਼ੀ ਮਨਾਈ ਜਾਂਦੀ ਹੈ। ਇਹ ਟਿੱਪਰੀਆਂ ਸ਼ਹਿਰ ਦੇ ਵੱਖ ਵੱਖ ਬਾਜ਼ਾਰਾਂ ਦੇ ਵਿੱਚੋਂ ਹੁੰਦੇ ਹੋਏ ਸ੍ਰੀ ਵਾਮਨ ਅਵਤਾਰ ਮੰਦਿਰ ਵਿੱਚ ਪਹੁੰਚ ਕੇ ਭਗਵਾਨ ਜੀ ਦੇ ਚਰਨਾਂ ਵਿੱਚ ਹਾਜ਼ਰੀ ਲਗਵਾਉਂਦੀਆਂ ਹਨ। ਇਹਨਾਂ ਸਾਰੇ ਕਲਾਕਾਰਾਂ ਅਤੇ ਸ਼ਰਧਾਲੂਆਂ ਨੂੰ ਉਤਸਾਹਿਤ ਕਰਨ ਲਈ ਲੰਬੇ ਸਮੇਂ ਤੋਂ ਵੰਦੇ ਮਾਤਰਮ ਦਲ ਮੰਦਿਰ ਦੇ ਬਾਹਰ ਸਨੌਰੀ ਅੱਡਾ ਵਿਖੇ ਇੱਕ ਵਿਸ਼ਾਲ ਮੰਚ ਦਾ ਆਯੋਜਨ ਕਰਦਾ ਹੈ। ਪਿਛਲੇ ਕੁਝ ਸਾਲਾਂ ਤੋਂ ਬੰਦ ਹੋਏ ਟਿੱਪਰੀਆਂ ਦੇ ਮੁਕਾਬਲਿਆਂ ਨੂੰ ਦੁਬਾਰਾ ਵੰਦੇ ਮਾਤਰਮ ਦਲ ਵੱਲੋਂ ਆਰੰਭਿਆ ਗਿਆ ਹੈ । ਟਿੱਪਰੀ ਦੇ ਵਾਧੇ ਲਈ ਭਗਤਾਂ ਨੂੰ ਨਗਦ ਇਨਾਮ ਰਾਸ਼ੀ ਦੇ ਕੇ ਉਤਸਾਹਿਤ ਕਰਨ ਦਾ ਉਪਰਾਲਾ ਕੀਤਾ ਗਿਆ। ਇਸ ਆਯੋਜਨ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਪਟਿਆਲਾ ਸ਼ਹਿਰ ਦੀਆਂ ਵੱਖ-ਵੱਖ ਸ਼ਖਸ਼ੀਅਤਾਂ ਨੂੰ ਮੰਚ ਤੇ ਸੱਦਾ ਦਿੱਤਾ ਜਾਂਦਾ ਹੈ। ਇਸੇ ਲੜੀ ਤਹਿਤ ਅੱਜ ਪਟਿਆਲਾ ਸ਼ਹਿਰ ਦੀਆਂ ਵੱਖ ਵੱਖ ਰਾਜਨੀਤਿਕ ਧਾਰਮਿਕ ਅਤੇ ਸਮਾਜਿਕ ਸ਼ਖਸ਼ੀਅਤ ਨੂੰ ਵੰਦੇ ਮਾਤਰਮ ਦਲ ਦੇ ਪ੍ਰਧਾਨ ਅਨੁਰਾਗ ਸ਼ਰਮਾ, ਸਪੀਚ ਸੈਕਟਰੀ ਸੁਸ਼ੀਲ ਨਈਅਰ ,ਵਾਈਸ ਪ੍ਰਧਾਨ ਵਰੁਣ ਕੌਸ਼ਲ, ਫਾਊਂਡਰ ਮੈਂਬਰ ਗੁਰਪ੍ਰੀਤ ਸਿੰਘ ਗੁਰੀ, ਯੁਵਾ ਆਗੂ ਤਨਵੀਰ ਧੀਮਾਨ ਵਿਸ਼ੇਸ਼ ਤੌਰ ਤੇ ਸੱਦਾ ਪੱਤਰ ਮੰਚ ਤੇ ਅਮੰਤ੍ਰਿਤ ਕਰਨ ਲਈ ਪਹੁੰਚੇ ਇਸ ਮੇਲੇ ਨੂੰ ਹੋਰ ਪ੍ਰਫੁੱਲਤ ਕਰਨ ਲਈ ਅਤੇ ਸ਼ਰਧਾਲੂਆਂ ਵਿੱਚ ਉਤਸ਼ਾਹ ਪੈਦਾ ਕਰਨ ਲਈ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਦੇ ਵਿੱਚ ਇਸੇ ਤਰਹਾਂ ਮੰਚ ਲੱਗਦੇ ਹਨ ਅਤੇ ਵੰਦੇ ਮਾਤਰਮ ਦਲ ਵੱਲੋਂ ਸਾਰੇ ਮੰਚ ਸੰਚਾਲਕਾਂ ਨੂੰ ਬੇਨਤੀ ਹੈ ਕਿ ਟਿੱਪਣੀਆਂ ਅਤੇ ਝਾਂਕੀਆਂ ਲੈ ਕੇ ਆ ਰਹੇ ਸ਼ਰਧਾਲੂਆਂ ਨੂੰ ਨਗਦ ਰਾਸ਼ੀ ਇਨਾਮ ਦੇ ਕੇ ਉਤਸਾਹਿਤ ਕੀਤਾ ਜਾਵੇ।

# ਹੜ੍ਹ ਪੀੜ੍ਹਤਾਂ ਲਈ ਮੁੱਖ ਮੰਤਰੀ ਰਾਹਤ ਫੰਡ ਵਿੱਚ ਇੱਕ ਦਿਨ ਦੀ ਤਨਖਾਹ ਦੇਣ ਦਾ ਫੈਸਲਾ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਆਏ ਹੜ੍ਹਾਂ ਦੇ ਪੀੜਤਾਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕਰਦੇ ਹੋਏ ਸੂਬੇ ਦੇ ਆਬਕਾਰੀ ਅਤੇ ਕਰ ਵਿਭਾਗ ਦੇ ਕਰਮਚਾਰੀਆਂ ਨੇ ਸਰਬਸੰਮਤੀ ਨਾਲ ਆਪਣੀ ਇੱਕ ਦਿਨ ਦੀ ਤਨਖਾਹ ਮੁੱਖ ਮੰਤਰੀ ਰਾਹਤ ਫੰਡ ਵਿੱਚ ਦੇਣ ਦਾ ਫੈਸਲਾ ਕੀਤਾ ਹੈ। ਸਵੈ-ਇੱਛਤ ਯੋਗਦਾਨ ਦਾ ਉਦੇਸ਼ ਰਾਜ ਭਰ ਵਿੱਚ ਰਾਹਤ ਅਤੇ ਪੁਨਰਵਾਸ ਯਤਨਾਂ ਲਈ ਵਿੱਤੀ ਸਹਾਇਤਾ ਅਤੇ ਯੋਗਦਾਨ ਪ੍ਰਦਾਨ ਕਰਨਾ ਹੈ।

ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਇਹ ਖੁਲਾਸਾ ਕਰਦਿਆਂ ਆਬਕਾਰੀ ਅਤੇ ਕਰ ਵਿਭਾਗ ਦੇ ਸਰਕਾਰੀ ਬੁਲਾਰੇ ਨੇ ਕਿਹਾ ਕਿ ਇਹ ਫੈਸਲਾ ਵਿਭਾਗ ਦੇ ਸਾਰੇ ਪੱਧਰਾਂ ਦੇ ਕਰਮਚਾਰੀਆਂ ਦੁਆਰਾ ਵਿਨਾਸ਼ਕਾਰੀ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਸਾਂਝੀ ਵਚਨਬੱਧਤਾ ਤਹਿਤ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਫੰਡ ਸਿੱਧਾ ਮੁੱਖ ਮੰਤਰੀ ਰਾਹਤ ਫੰਡ ਵਿੱਚ ਜਮ੍ਹਾ ਕੀਤੇ ਜਾਣਗੇ, ਜਿਸਦੀ ਵਰਤੋਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਭੋਜਨ, ਡਾਕਟਰੀ ਸਹਾਇਤਾ ਅਤੇ ਹੋਰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਲਈ ਕੀਤੀ ਜਾ ਰਹੀ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਸਾਡੇ ਸਾਥੀਆਂ ਨੇ ਸੰਕਟ ਦੇ ਇਸ ਸਮੇਂ ਵਿੱਚ ਆਪਣੇ ਸਾਥੀ ਨਾਗਰਿਕਾਂ ਦੀ ਮਦਦ ਕਰਨ ਲਈ ਇੱਕ ਮਜ਼ਬੂਤ ਫਰਜ਼ ਦੀ ਭਾਵਨਾ ਮਹਿਸੂਸ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਯੋਗਦਾਨ ਪੰਜਾਬ ਸਰਕਾਰ ਦੇ ਚੱਲ ਰਹੇ ਯਤਨਾਂ ਦਾ ਸਮਰਥਨ ਕਰਨ ਅਤੇ ਪੰਜਾਬ ਦੇ ਲੋਕਾਂ ਨੂੰ ਇਹ ਦੱਸਣ ਲਈ ਇੱਕ ਛੋਟਾ ਪਰ ਦਿਲੋਂ ਕੀਤਾ ਗਿਆ ਉਪਰਾਲਾ ਹੈ ਕਿ ਅਸੀਂ ਉਨ੍ਹਾਂ ਦੇ ਨਾਲ ਖੜ੍ਹੇ ਹਾਂ।

ਆਬਕਾਰੀ ਅਤੇ ਕਰ ਵਿਭਾਗ ਦੀ ਪਹਿਲਕਦਮੀ ਦੀ ਸ਼ਲਾਘਾ ਕਰਦੇ ਹੋਏ, ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਪਹਿਲਕਦਮੀ ਹੋਰ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਨੂੰ ਅੱਗੇ ਆਉਣ ਅਤੇ ਰਾਹਤ ਫੰਡ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕਰੇਗੀ।

# ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਵਿਖੇ ਭਾਰਤ ਦੇ ਸੰਪਤੀਆਂ ਦੇ ਸੰਵਿਧਾਨ: ਵਿਸ਼ਵ ਦੇ ਪ੍ਰਮੁੱਖ ਗਠਜੋੜ ਦੇ ਪ੍ਰਮੁੱਖ ਸੰਗਤ ਨਾਲ ਅੰਤਰਰਾਸ਼ਟਰੀ ਕਾਨਫਰੰਸ

**ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਇੰਡੀਆ ਦੇ ਸੰਪਤੀਆਂ ਸੰਪਤੀਆਂ ਦੇ ਸੰਵਿਧਾਨ ਵੱਲੋਂ ਪੰਜਾਬ ਦੇ ਥੀਮ 'ਤੇ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕਰ ਰਹੀ ਹੈ. ਦੁਨੀਆਂ ਦੇ ਮੁੱਖ ਸੰਸਥਾਵਾਂ ਦੀ ਤੁਲਨਾ . ਭਾਰਤ ਦਾ ਮਾਨਯੋਗ ਚੀ ਚੀਫ਼ ਜਸਟਿਸ ਇੰਡੀਅਨ ਲਾਅ ਇੰਸਟੀਚਿਊਟ, ਨਵੀਂ ਦਿੱਲੀ ਦੇ ਸਾਬਕਾ ਕਾਰਜਕਾਰੀ ਪ੍ਰਧਾਨ ਹਨ।



ਜਸਟਿਸ ਡੀਪਨਕਰ ਦੱਤਾ ਜੱਜ, ਸੁਪਰੀਮ ਕੋਰਟ ਆਫ਼ ਇੰਡੀਆ ਸੁਪਰੀਮ ਕੋਰਟ ਆਫ਼ ਐਮਵਾਰ ਕੋਰਟ ਆਫ ਇੰਡੀਆ ਮਾਨਯੋਗ ਸ੍ਰੀ ਜਸਟਿਸ ਬੰਡਲ ਜੱਜ, ਸੁਪਰੀਮ ਕੋਰਟ ਆਫ਼ ਇੰਡੀਆ ਮਾਨਯੋਗ ਸ੍ਰੀ ਜਸਟਿਸ ਬਲਕ੍ਰਿਸ਼ਨਾ ਧੱਕਲ ਜੱਜ, ਨੇਪਾਲ ਦੀ ਸੁਪਰੀਮ ਕੋਰਟ ਮਾਨਯੋਗ ਸ੍ਰੀਮਾਨ ਮਿਸਜ਼ ਮੋਹਨ ਮਿਤਰੀ ਪੀਰੀਸ ਸਾਬਕਾ ਅਦਾਲਤ ਦੇ ਸੁਪਰੀਮ ਕੋਰਟ ਦੇ ਸਾਬਕਾ ਚੀਫ਼ ਜਸਟਿਸ ਮਾਨਯੋਗ ਸ਼੍ਰੀਮਾਨ ਨਿਆਂ ਦੇ ਸ਼ੀਲ ਨਾਗੂ ਚੀਫ਼ ਜਸਟਿਸ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਚਾਂਸਲਰ, ਆਰ.ਜੀ. ਭਾਰਤ ਦਾ ਸੰਵਿਧਾਨ 26 ਜਨਵਰੀ, 1950 ਨੂੰ ਲਾਗੂ ਹੋਇਆ ਸੀ. ਇਸ 7-ਸਾਲ ਦੀ ਯਾਤਰਾ ਤੋਂ ਵੱਧ, ਇਹ ਵਿਸ਼ਵ ਦੇ ਮੋਹਰੀ ਗਠਜੋੜ ਵਿੱਚੋਂ ਇੱਕ ਵਜੋਂ ਉਭਰਿਆ ਹੈ. ਭਾਰਤ ਦੇ ਸੰਵਿਧਾਨ ਦੇ ਸੰਵਿਧਾਨ ਦੇ 75 ਸਾਲ, ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ, ਪੰਜਾਬ ਇਸ ਇੰਟਰਨੈਸ਼ਨਲ ਕਾਨਫਰੰਸ ਆਯੋਜਤ ਕਰ ਰਿਹਾ ਹੈ।

ਉਦਘਾਧੀ ਸੈਸ਼ਨ ਇਕ ਰਸਮੀ ਸ਼ੁਰੂਆਤ ਤੋਂ ਸ਼ੁਰੂ ਹੋਇਆ, ਸਰਸਵਤੀ ਵਾਂਨਾ ਅਤੇ ਦੀਵੇ ਦੀ ਰੋਸ਼ਨੀ ਨਾਲ ਚਿੰਨ੍ਹ ਬਣਾਇਆ ਗਿਆ. ਆਪਣੇ ਸਵਾਗਤ ਦੇ ਪਤੇ ਵਿਚ, ਮਾਨਵਿਕ ਸ੍ਰੀ ਨਿਆਂ ਦੀ ਸੰਖੇਪ ਨਾਗੂ, ਚੀਫ ਜਸਟਿਸ, ਪੰਜਾਬ ਹਾਈ ਕੋਰਟ ਅਤੇ ਕੁਲਾਂ ਨੂੰ ਨੈਸ਼ਨਲ ਯੂਨੀਵਰਸਿਟੀ, ਪੰਜਾਬ ਆਫ਼ ਲਾਅ ਆਫ਼ ਰਾਇੰਸ ਦਾ ਵਿਸ਼ਾ ਪੇਸ਼ ਕੀਤਾ. ਉਸਨੇ ਸੰਵਿਧਾਨ ਦੇ ਸੰਵਿਧਾਨ ਅਤੇ ਸੰਵਿਧਾਨ ਦੀ ਗੁੰਜਾਇਸ਼ ਦੀ ਮਹੱਤਤਾ ਬਾਰੇ ਗੱਲ ਕੀਤੀ. ਆਪਣੇ ਸੰਬੋਧਨ ਵਿੱਚ, ਉਸਨੇ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੇ ਪ੍ਰਮੁੱਖ ਫੈਸਲਿਆਂ ਨੂੰ ਵੀ ਕਵਰ ਕੀਤਾ।

ਸ੍ਰੀਲੰਕਾ ਦੇ ਸਾਬਕਾ ਮੁੱਖ ਮੰਤਰੀ ਦੇ ਸਾਬਕਾ ਚੀਫ਼ ਜਸਟਿਸ, ਮਾਨਵ ਪੀਟਰ ਮੋਹਨ ਮਿਤਰੀ ਪੀਰੀਇਸ, ਸ਼੍ਰੀਲੰਕਾ ਦੀ ਸੁਪਰੀਮ ਕੋਰਟ ਦੇ ਜੱਜ ਵਜੋਂ ਆਪਣੇ ਤਜ਼ਰਬਿਆਂ ਬਾਰੇ ਗੱਲਬਾਤ ਕੀਤੀ. ਉਸਨੇ ਵਕੀਲ ਵਜੋਂ ਅਤੇ ਸ਼੍ਰੀਲੰਕਾ ਦੇ ਪ੍ਰਤੀਨਿਧੀ ਵਜੋਂ ਸੰਯੁਕਤ ਰਾਸ਼ਟਰ ਨੂੰ ਵੀ ਸਲਾਹ ਦਿੱਤੀ. ਉਸਨੇ ਸ੍ਰੀਲੰਕਾ ਦੇ ਸੰਵਿਧਾਨ ਦੀਆਂ ਪ੍ਰਮੁੱਖ ਪ੍ਰਬੰਧਾਂ ਬਾਰੇ ਵੀ ਗੱਲ ਕੀਤੀ ਅਤੇ ਸ਼੍ਰੀਲੰਕਾ ਦੀ ਸੁਪਰੀਮ ਕੋਰਟ ਦੇ ਪ੍ਰਮੁੱਖ ਫੈਸਲਿਆਂ ਦਾ ਜ਼ਿਕਰ ਵੀ ਕੀਤਾ।

# ਭਾਵਪੂਰਨ ਵਿਦਾਇਗੀ ਸਮਾਰੋਹ



**ਮਲੇਰਕੋਟਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਲੇਰਕੋਟਲਾ ਪੁਲਿਸ ਵਿੱਚ ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਤੋਂ ਬਾਅਦ ਡੀ.ਐੱਸ.ਪੀ. ਕੁਲਦੀਪ ਸਿੰਘ, ਡੀ.ਐੱਸ.ਪੀ. ਦਵਿੰਦਰ ਸਿੰਘ, ਇੰਸਪੈਕਟਰ ਪਿਆਰਾ ਸਿੰਘ ਅੱਜ ਸੇਵਾਮੁਕਤ ਹੋਏ।

ਐੱਸ.ਐੱਸ.ਪੀ. ਮਾਲੇਰਕੋਟਲਾ ਅਤੇ ਐੱਸ.ਪੀ. (ਇੰਨ) ਵੱਲੋਂ ਸੇਵਾਮੁਕਤ ਅਧਿਕਾਰੀਆਂ ਨੂੰ ਸੇਵਾ ਦੌਰਾਨ ਕੀਤੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ।

ਤੁਹਾਡੀ ਨਿਸ਼ਠਾ, ਸਚਾਈ ਅਤੇ ਸਮਰਪਣ ਹਮੇਸ਼ਾ ਯਾਦ ਰਹੇਗਾ।

# ਨਸ਼ਿਆ ਵਿਰੁੱਧ ਹੋਕਾ: ਉਪਕਾਰ ਸਿੰਘ




**ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਾ ਮੁਕਤ ਭਾਰਤ ਅਭਿਆਨ ਮਨਿਸਟਰੀ ਆਫ ਸੋਸ਼ਲ ਜਸਟਿਸ × ਇਮਰੂਵਮੈਂਟ ਗੋਰਮਿੰਟ ਆਫ ਇੰਡੀਆ ਤਹਿਤ ਰੈਡ ਕਰਾਸ ਇੰਟੈਗਰੇਟਿਡ ਰੀਹੈਬਲੀਟੇਸ਼ਨ ਸੈਂਟਰ ਫਾਰ ਏਡਿਕਸ਼ ਪੰਜਾਬ ਸਕੇਤ ਹਸਪਤਾਲ ਪਟਿਆਲਾ ਵਲੋ ਨਹਿਰੂ ਪਾਰਕ ਵਿੱਚ ਨਸ਼ਿਆ ਤੋ ਅਜਾਦੀ ਲਈ ਮੁਹਿੰਮ ਸਰਕਾਰ ਵਲੋ ਚਲਾਈ ਗਈ ਹੈ।

ਸਾਨੂੰ ਸਰਕਾਰ ਦਾ ਸਾਥ ਦੇਣਾ ਚਾਹੀਦਾ ਹੈ।ਤੁਸੀ ਵੀ ਇਸ ਮੁਹਿੰਮ ਦਾ ਹਿਸਾ ਬਣ ਸਕਦੇ ਹੋ।ਇਸ ਦੇ ਮੁੱਖ ਮਹਿਮਾਨ ਉਘੇ ਸਮਾਜ ਸੇਵੀ ਉਪਕਾਰ ਸਿੰਘ ਪ੍ਰਧਾਨ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਪਟਿਆਲਾ ਸਨ ਇਸ ਮੌਕੇ ਬੋਲਦੀਆ ਕਿਹਾ ਅਸੀ ਇੱਕ ਹੋਕਾ ਦੇ ਰਹੇ ਹਾ ਨਸ਼ਿਆ 'ਤੇ ਨਕੇਲ ਏਦਾ ਆਉਣੀ ਹੈ। ਸਾਨੂੰ ਲੋੜ ਹੈ ਜਵਾਨੀ ਬਚਾਉਣ ਲਈ ਨਸ਼ਿਆ ਵਿਰੁੱਧ ਜਾਗਰੂਕ ਕਰੀਏ। ਸਰਕਾਰ ਨੇ ਨਸ਼ਾ ਛੁਡਾਊ ਸੈਂਟਰ ਖੋਲੇ ਹੋਏ ਹਨ ਨਸ਼ਿਆ ਸਬੰਧੀ ਕੋਸ਼ਲਿੰਗ ਵੀ ਕੀਤੀ ਜਾਂਦੀ ਹੈ। ਸਕੂਲਾ ਵਿੱਚ ਨਸ਼ਿਆ ਸਬੰਧੀ ਪੜਾਉਣਾ ਚਾਹੀਦਾ ਹੈ।ਪਹਿਲਾ ਪੰਜਾਬ ਦੇ ਗਬਰੂ ਛੇ,ਛੇ ਫੁਟੇ ਨੋਜਵਾਨ ਹੋਂਦੇ ਸਨ। ਪਹਿਲਵਾਨੀ ਦੇ ਅਖਾੜੇ ਫਿਰ ਤੋ ਚਾਲੂ ਕਰਨੇ ਪੈਣਗੇ।ਆਉਣ ਵਾਲੀ ਪੀੜੀ ਨੂੰ ਨਸ਼ਿਆ ਦੇ ਨੁਕਸਾਨ ਬਾਰੇ ਵਿਸਥਾਰਪੂਰਵਕ ਜਾਗਰੂਕ ਕਰੀਏ । ਇਸ ਮੌਕੇ ਤਮਾਸ਼ਾ ਆਰਟ ਥਿਏਟਰ ਗਰੁੱਪ ਵਲੋ ਇਕ ਨੁਕੜ ਨਾਟਕ ਨਸ਼ਿਆ ਵਿਰੁੱਧ ਖੇਡਿਆ ਗਿਆ ਇਸ ਦੇ ਡਾਇਰੈਕਟਰ ਤੇ ਨਿਰਦੇਸ਼ਕ ਸੰਨੀ ਸਿੱਧੂ ਸਨ ਜੋ ਦਰਸ਼ਕਾ ਵੱਲੋ ਖੂਬ ਪਸੰਦ ਕੀਤਾ ਤੇ ਸੋਂਹ ਖਾਦੀ ਅਸੀ ਨਸ਼ਾ ਨਹੀ ਕਰਾਗੇ ਤੇ ਲੋਕਾ ਨੂੰ ਵੀ ਨਸ਼ਿਆ ਵਿਰੁੱਧ ਜਾਗਰੂਕ ਕਰਗੇ।ਲਵਦੀਪ, ਪ੍ਰਭਾਸ ਪੰਡਿਤ ਦਾ ਰੋਲ ਕਾਫੀ ਪ੍ਰਭਾਵਿਤ ਕੀਤਾ ਲੋਕਾ ਨੂੰ ਇਸ ਸਮੇ ਅਮਰਜੀਤ ਕੌਰ, ਰਣਜੀਤ ਕੌਰ, ਜਸਪ੍ਰੀਤ ਸਿੰਘ ਸੰਧੂ,ਪਰਵਿੰਦਰ ਵਰਮਾ,ਗੁਰਮੀਤ ਸਿੰਘ ਰਾਜ ਕੁਮਾਰ ਪਿੰਟੂ ਗੁਰਿੰਦਰ ਪਾਲ ਸਿੰਘ ਸੰਧੂ,ਮੋਹਨ ਖੰਨਾ,ਨਰਿੰਦਰ ਕੁਮਾਰ, ਮਨਜੀਤ ਕੋਰ ਸਮਾਜ ਸੇਵੀ ਬਲਵਿੰਦਰ ਕੌਰ ਤੇ ਲੱਗ ਭੱਗ 125 ਦੇ ਕਰੀਬ ਲੋਕ ਇਕੱਠੇ ਹੋਏ।

# ਅੱਜ ਵੀ ਜਮ੍ਹਾਂ ਹੋਵੇਗਾ ਪ੍ਰਾਪਰਟੀ ਟੈਕਸ : ਏ.ਡੀ.ਸੀ ਸੁਖਪ੍ਰੀਤ ਸਿੰਘ ਸਿੱਧੂ

**ਮਲੇਰਕੋਟਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਵੱਲੋਂ ਚਲਾਈ ਜਾ ਰਹੀ ਇਕਮੁਸ਼ਤ (ਵਨ ਟਾਈਮ ਸੈਟਲਮੈਂਟ) ਸਕੀਮ ਤਹਿਤ ਸ਼ਹਿਰ ਵਾਸੀਆਂ ਨੂੰ ਪ੍ਰਾਪਰਟੀ ਟੈਕਸ ਜਮ੍ਹਾ ਨਾ ਕਰਵਾਉਣ 'ਤੇ ਲੱਗੇ ਜ਼ੁਰਮਾਨੇ ਅਤੇ ਵਿਆਜ਼ 'ਤੇ 100 ਫ਼ੀਸਦੀ ਛੋਟ ਦਿੱਤੀ ਜਾ ਰਹੀ ਹੈ। ਇਹ ਸਕੀਮ ਅੱਜ ਤੱਕ ਹੀ ਲਾਗੂ ਹੈ ਅਤੇ ਹੁਣ ਸਿਰਫ ਦੋ ਦਿਨ ਬਾਕੀ ਹਨ।

ਉਨ੍ਹਾਂ ਅਪੀਲ ਕੀਤੀ ਕਿ ਨਗਰ ਕੌਂਸਲ ਮਾਲੇਰਕੋਟਲਾ, ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਦੇ ਨਿਵਾਸੀ ਆਪਣੇ ਬਕਾਇਆ ਪ੍ਰਾਪਰਟੀ ਟੈਕਸ ਨੂੰ ਇਕਮੁਸ਼ਤ ਜਮ੍ਹਾ ਕਰਵਾ ਕੇ ਇਸ ਸੁਵਿਧਾ ਦਾ ਵੱਧ ਤੋਂ ਵੱਧ ਲਾਭ ਲੈਣ।

ਏ.ਡੀ.ਸੀ. ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਵਿਸ਼ੇਸ਼ ਕਾਊਂਟਰ 31 ਅਗਸਤ ਤੱਕ ਨਗਰ ਕੌਂਸਲਾਂ ਅਤੇ ਨਗਰ ਪੰਚਾਇਤ ਦਫ਼ਤਰਾਂ ਵਿੱਚ ਖੋਲ੍ਹੇ ਗਏ ਹਨ, ਜ ਕਿ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਕਾਰਜਸ਼ੀਲ ਰਹਿਣਗੇ।

ਉਨ੍ਹਾਂ ਕਿਹਾ ਕਿ ਨਗਰ ਕੌਂਸਲਾਂ ਅਤੇ ਨਗਰ ਪੰਚਾਇਤ ਵੱਲੋਂ ਪ੍ਰਾਪਰਟੀ ਟੈਕਸ ਡਿਫਾਲਟਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਵੱਧ ਤੋਂ ਵੱਧ ਲੋਕ ਓ.ਟੀ.ਐਸ ਸਕੀਮ ਦਾ ਲਾਭ ਲੈ ਸਕਣ ਅਤੇ ਜ਼ੁਰਮਾਨੇ ਤੇ ਵਿਆਜ਼ ਤੋਂ ਛੁਟਕਾਰਾ ਪਾ ਕੇ ਅੱਜ ਤੋਂ ਪਹਿਲਾਂ ਹੀ ਆਪਣਾ ਬਕਾਇਆ ਟੈਕਸ ਜਮ੍ਹਾਂ ਕਰਵਾ ਸਕਣ।

ਵਧੀਕ ਡਿਪਟੀ ਕਮਿਸ਼ਨਰ ਨੇ ਚੇਤਾਵਨੀ ਦਿੱਤੀ ਕਿ 31 ਅਗਸਤ ਉਪਰੰਤ ਜਿਹੜੇ ਵਿਅਕਤੀ ਆਪਣਾ ਪ੍ਰਾਪਰਟੀ ਟੈਕਸ ਜਮ੍ਹਾਂ ਨਹੀਂ ਕਰਵਾਉਣਗੇ, ਉਨ੍ਹਾਂ ਵਿਰੁੱਧ ਨਗਰ ਕੌਂਸਲਾਂ ਅਤੇ ਨਗਰ ਪੰਚਾਇਤ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਲਈ ਹਰ ਨਾਗਰਿਕ ਨੂੰ ਚਾਹੀਦਾ ਹੈ ਕਿ ਆਖ਼ਰੀ ਮੌਕੇ ਦਾ ਲਾਭ ਲੈ ਕੇ ਸਮੇਂ ਸਿਰ ਆਪਣਾ ਟੈਕਸ ਜਮ੍ਹਾਂ ਕਰਵਾ ਦੇਵੇ।

# ਕਨਸੂਹਾ ਖੁਰਦ ਕੁਸ਼ਤੀ ਅਖਾੜੇ ਵਿੱਚ ਅੱਜ ਫਸਣਗੇ ਭਲਵਾਨਾਂ ਦੇ ਸਿੰਗ

**ਨਾਭਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਤਹਿਸੀਲ ਦੇ ਪਿੰਡ ਕਨਸੂਹਾ ਖੁਰਦ ਵਿਖੇ 16 ਵਾਂ ਵਿਸ਼ਾਲ ਕੁਸ਼ਤੀ ਦੰਗਲ ਸ਼੍ਰੀ ਗੁਗਾ ਮੈੜੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼ੇਰੇ ਪੰਜਾਬ ਯੁਵਕ ਸੇਵਾਵਾਂ ਕਲੱਬ ਰਜਿ: ਕਨਸੂਹਾ ਖੁਰਦ ਵੱਲੋਂ ਅੱਜ 31 ਅਗਸਤ ਦਿਨ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ, ਪਹਿਲੀ ਝੰਡੀ ਪ੍ਰਿਤਪਾਲ ਫਗਵਾੜਾ ਸਾਗਰ ਦਿੱਲੀ, ਦੂਜੀ ਝੰਡੀ ਤੀਰਥ ਫਗਵਾੜਾ ਰਵੀ ਰੌਣੀ, ਤੀਜੀ ਝੰਡੀ ਜਤਿਨ ਧੰਗੇੜਾ ਬੋਬੀ ਪਟਿਆਲਾ, ਪਹਿਲਵਾਨਾਂ ਵਿਚਕਾਰ ਹੋਵੇਗੀ।

ਕੁਸ਼ਤੀ ਦੰਗਲ ਦੇ ਮੁੱਖ ਮਹਿਮਾਨ ਐਮਐਲਏ ਨਾਭਾ ਗੁਰਦੇਵ ਸਿੰਘ ਦੇਵਮਾਨ ਹੋਣਗੇ, ਇਸ ਮੌਕੇ ਤੇ ਗੁਰਦੀਪ ਸਿੰਘ ਟਿਵਾਣਾ ਚੇਅਰਮੈਨ ਮਾਰਕੀਟ ਕਮੇਟੀ ਨਾਭਾ, ਗੁਰਦੀਪ ਸਿੰਘ ਦੀਪਾ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ, ਮਨਪ੍ਰੀਤ ਸਿੰਘ ਡਾਇਰੈਕਟਰ ਕਰਤਾਰ ਐਗਰੋ ਭਾਦਸੋਂ ਵੀ ਪਹੁੰਚ ਰਹੇ ਹਨ, ਇਸ ਮੌਕੇ ਸਤਨਾਮ ਸਿੰਘ ਸਰਪੰਚ, ਪਰਮਜੀਤ ਸਿੰਘ ਪੰਚ, ਅਮਰੀਕ ਸਿੰਘ ਪੰਚ, ਹਰਦੇਵ ਸਿੰਘ ਪੰਚ ਵਿਸ਼ੇਸ਼ ਤੌਰ ਤੇ ਪਹੁੰਚਕੇ ? ਦੰਗਲ 'ਚ ਹਿੱਸਾ ਲੈ ਰਹੇ ਪਹਿਲਵਾਨਾਂ ਦੀ ਹੌਸਲਾ ਅਫਜ਼ਾਈ ਕਰਨਗੇ। ਕਲੱਬ ਵੱਲੋਂ ਕੁਸ਼ਤੀ ਪ੍ਰੇਮੀਆਂ ਲਈ ਲੰਗਰ ਦਾ ਖਾਸ ਪ੍ਰਬੰਧ ਕੀਤਾ ਗਿਆ ਹੈ ਇਹ ਜਾਣਕਾਰੀ ਕਲੱਬ ਮੈਂਬਰ ਸੁਖਪ੍ਰੀਤ ਨੇ ਪ੍ਰੈਸ ਨੂੰ ਦਿੱਤੀ।

# ਸ੍ਰੀ ਗਣਪਤੀ ਗਣੇਸ਼ ਉਤਸਵ ਸ਼ੁਰੂ

**ਨਾਭਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗਣੇਸ਼ ਮਿੱਤਰ ਮੰਡਲ ਵੱਲੋਂ 8 ਵਾਂ ਸ੍ਰੀ ਗਣੇਸ਼ ਉਤਸਵ ਸਮਾਰੋਹ ਜਸਪਾਲ ਕਲੋਨੀ ਅਜੈਬ ਵਰਕਸ਼ਾਪ ਸਾਹਮਣੇ ਬੇਦੀ ਆਟਾ ਚੱਕੀ ਨਾਭਾ ਵਿਖੇ ਕਰਵਾਇਆ ਜਾ ਰਿਹਾ ਹੈ, ਗਣੇਸ਼ ਮਿੱਤਰ ਮੰਡਲ ਵੱਲੋਂ ਗਣਪਤੀ ਮਹਾਰਾਜ ਜੀ ਬਿਰਾਜਮਾਨ ਕੀਤੇ ਗਏ ਹਨ, ਸਵੇਰੇ ਸ਼ਾਮ ਆਰਤੀ ਅਤੇ ਭਜਨ ਕੀਰਤਨ ਰਾਹੀਂ ਗਣੇਸ਼ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਂਦਾ ਹੈ 2 ਸਤੰਬਰ ਦੁਪਹਿਰ 1 ਵਜੇ ਭਗਵਾਨ ਗਣੇਸ਼ ਜੀ ਦੀ ਮੂਰਤੀ ਦਾ ਮੈਹਸ ਵਾਲੀ ਨਹਿਰ ਵਿੱਚ ਵਿਸਰਜਨ ਕੀਤਾ ਜਾਵੇਗਾ।

# ਮਾਲ ਵਿਭਾਗ ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਵੱਲੋਂ ਵਿਸ਼ੇਸ ਮੀਟਿੰਗ



**ਮਲੇਰਕੋਟਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਵੱਲੋਂ ਜ਼ਿਲ੍ਹਾ ਪੱਧਰ 'ਤੇ ਮਾਲ ਵਿਭਾਗ ਦੇ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਮਹੀਨਾਵਾਰ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਮਾਲ ਨਾਲ ਸਬੰਧਤ ਵੱਖ-ਵੱਖ ਮਾਮਲਿਆਂ, ਸਕੀਮਾਂ ਅਤੇ ਲੰਬਿਤ ਕੰਮਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ ਅਤੇ ਅਧਿਕਾਰੀਆਂ ਨੂੰ ਕੰਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਗਏ। ਲੋਕਾਂ ਦੇ ਸਮੇਂ ਦੀ ਬੱਚਤ ਕਰਨ ਲਈ ਅਤੇ ਵਿਭਾਗਾਂ ਵਿਚ ਬੇਲੋੜੀ ਖੱਜਲ ਖ਼ੁਆਰੀ ਨੂੰ ਮੁਕੰਮਲ ਤੌਰ 'ਤੇ ਬੰਦ ਕਰਨ ਲਈ ਅਧਿਕਾਰੀਆਂ ਨੂੰ ਸਰਗਰਮ ਯੋਗਦਾਨ ਪਾਉਣ ਦੀ ਲੋੜ ਤੇ ਜੋਰ ਦਿੰਦਿਆ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਨਾਗਰਿਕਾਂ ਨੂੰ ਮਾਲ ਵਿਭਾਗ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਪ੍ਰਦਾਨ ਕਰਨ ਵਿੱਚ ਤੇਜ਼ੀ ਲਿਆਂਦੀ ਜਾਵੇ।

ਉਨ੍ਹਾਂ ਹੋਰ ਹਦਾਇਤ ਕੀਤੀ ਕਿ ਇੰਤਕਾਲ, ਵੰਡ,ਜਮ੍ਹਾਂਬੰਦੀਆਂ ਅਤੇ ਨਿਸ਼ਾਨਦੇਹੀ ਦੇ ਮਾਮਲਿਆਂ ਨੂੰ ਬਿਨਾਂ ਕਿਸੇ ਦੇਰੀ ਤੋਂ ਸਮਾਂਬੱਧ ਤਰੀਕੇ ਨਾਲ ਨਿਪਟਾਉਣ ਲਈ ਇੱਕ ਮੁਹਿੰਮ ਦੇ ਤੌਰ 'ਤੇ ਕੰਮ ਕੀਤਾ ਜਾਵੇ।

ਈਜੀ ਰਜਿਸਟਰੀ ਪ੍ਰਕਿਰਿਆ ਦਾ ਜਾਇਜਾ ਲੈਂਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਜੀਹ ਹੈ ਕਿ ਈਜੀ ਰਜਿਸਟਰੀ ਅਤੇ ਈਜੀ ਜਮ੍ਹਾਂਬੰਦੀ ਵਰਗੀਆਂ ਆਨਲਾਈਨ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਜਨਤਾ ਤੱਕ ਪਹੁੰਚੇ। ਉਨ੍ਹਾਂ ਅਧਿਕਾਰੀਆਂ ਨੂੰ ਸਾਰੇ ਕੰਮ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਮੁਤਾਬਕ ਸਮੇਂ ਸਿਰ ਪੂਰੇ ਕਰਨ ਦੇ ਆਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਨੇ ਵਿਭਾਗੀ ਪੜਤਾਲਾਂ ਦੇ ਬਕਾਇਆ ਕੇਸਾਂ ਨੂੰ ਜਲਦੀ ਤੋਂ ਜਲਦੀ ਨੇਪਰੇ ਚੜ੍ਹਾਉਣ ਯਕੀਨੀ ਬਣਾਉਣ ਕਿਹਾ। ਉਨ੍ਹਾਂ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਪਾਰਦਰਸ਼ਿਤਾ, ਸਮਾਂਬੱਧ ਅਤੇ ਜਵਾਬਦੇਹੀ ਨਾਲ ਕੰਮ ਕਰਨ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਮਾਲ ਪ੍ਰਣਾਲੀ ਆਮ ਲੋਕਾਂ ਨਾਲ ਜੁੜੀ ਹੁੰਦੀ ਹੈ, ਇਸ ਲਈ ਇਸ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ, ਤਹਿਸੀਲਦਾਰ ਮਾਲੇਰਕੋਟਲਾ ਰੀਤੂ ਗੁਪਤਾ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ , ਸੁਪਰਡੈਂਟ ਧਰਮ ਸਿੰਘ, ਜ਼ਿਲ੍ਹਾ ਆਈ.ਟੀ ਮੈਨੇਜਰ ਮੋਨਿਕਾ ਸਿੰਗਲਾ, ਏ.ਐਸ.ਐਮ.ਵਿਕਾਸ ਹੰਸ, ਸਦਰ ਕਾਨੂੰਗੋ ਰਣਜੀਤ ਸਿੰਘ ਤੋਂ ਇਲਾਵਾ ਦਫਤਰ ਦੀਆਂ ਵੱਖ- ਵੱਖ ਸ਼ਾਖਾਵਾਂ ਦੇ ਕਰਮਚਾਰੀ ਹਾਜਰ ਸਨ।

# ਮਾਲ ਵਿਭਾਗ ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਵੱਲੋਂ ਵਿਸ਼ੇਸ ਮੀਟਿੰਗ



**ਮਲੇਰਕੋਟਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਵੱਲੋਂ ਜ਼ਿਲ੍ਹਾ ਪੱਧਰ 'ਤੇ ਮਾਲ ਵਿਭਾਗ ਦੇ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਮਹੀਨਾਵਾਰ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਮਾਲ ਨਾਲ ਸਬੰਧਤ ਵੱਖ-ਵੱਖ ਮਾਮਲਿਆਂ, ਸਕੀਮਾਂ ਅਤੇ ਲੰਬਿਤ ਕੰਮਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ ਅਤੇ ਅਧਿਕਾਰੀਆਂ ਨੂੰ ਕੰਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਗਏ।

ਲੋਕਾਂ ਦੇ ਸਮੇਂ ਦੀ ਬੱਚਤ ਕਰਨ ਲਈ ਅਤੇ ਵਿਭਾਗਾਂ ਵਿਚ ਬੇਲੋੜੀ ਖੱਜਲ ਖ਼ੁਆਰੀ ਨੂੰ ਮੁਕੰਮਲ ਤੌਰ 'ਤੇ ਬੰਦ ਕਰਨ ਲਈ ਅਧਿਕਾਰੀਆਂ ਨੂੰ ਸਰਗਰਮ ਯੋਗਦਾਨ ਪਾਉਣ ਦੀ ਲੋੜ ਤੇ ਜੋਰ ਦਿੰਦਿਆ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਨਾਗਰਿਕਾਂ ਨੂੰ ਮਾਲ ਵਿਭਾਗ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਪ੍ਰਦਾਨ ਕਰਨ ਵਿੱਚ ਤੇਜ਼ੀ ਲਿਆਂਦੀ ਜਾਵੇ।

ਉਨ੍ਹਾਂ ਹੋਰ ਹਦਾਇਤ ਕੀਤੀ ਕਿ ਇੰਤਕਾਲ, ਵੰਡ,ਜਮ੍ਹਾਂਬੰਦੀਆਂ ਅਤੇ ਨਿਸ਼ਾਨਦੇਹੀ ਦੇ ਮਾਮਲਿਆਂ ਨੂੰ ਬਿਨਾਂ ਕਿਸੇ ਦੇਰੀ ਤੋਂ ਸਮਾਂਬੱਧ ਤਰੀਕੇ ਨਾਲ ਨਿਪਟਾਉਣ ਲਈ ਇੱਕ ਮੁਹਿੰਮ ਦੇ ਤੌਰ 'ਤੇ ਕੰਮ ਕੀਤਾ ਜਾਵੇ।

ਈਜੀ ਰਜਿਸਟਰੀ ਪ੍ਰਕਿਰਿਆ ਦਾ ਜਾਇਜਾ ਲੈਂਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਜੀਹ ਹੈ ਕਿ ਈਜੀ ਰਜਿਸਟਰੀ ਅਤੇ ਈਜੀ ਜਮ੍ਹਾਂਬੰਦੀ ਵਰਗੀਆਂ ਆਨਲਾਈਨ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਜਨਤਾ ਤੱਕ ਪਹੁੰਚੇ। ਉਨ੍ਹਾਂ ਅਧਿਕਾਰੀਆਂ ਨੂੰ ਸਾਰੇ ਕੰਮ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਮੁਤਾਬਕ ਸਮੇਂ ਸਿਰ ਪੂਰੇ ਕਰਨ ਦੇ ਆਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਨੇ ਵਿਭਾਗੀ ਪੜਤਾਲਾਂ ਦੇ ਬਕਾਇਆ ਕੇਸਾਂ ਨੂੰ ਜਲਦੀ ਤੋਂ ਜਲਦੀ ਨੇਪਰੇ ਚੜ੍ਹਾਉਣ ਯਕੀਨੀ ਬਣਾਉਣ ਕਿਹਾ। ਉਨ੍ਹਾਂ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਪਾਰਦਰਸ਼ਿਤਾ, ਸਮਾਂਬੱਧ ਅਤੇ ਜਵਾਬਦੇਹੀ ਨਾਲ ਕੰਮ ਕਰਨ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਮਾਲ ਪ੍ਰਣਾਲੀ ਆਮ ਲੋਕਾਂ ਨਾਲ ਜੁੜੀ ਹੁੰਦੀ ਹੈ, ਇਸ ਲਈ ਇਸ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ, ਤਹਿਸੀਲਦਾਰ ਮਾਲੇਰਕੋਟਲਾ ਰੀਤੂ ਗੁਪਤਾ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ , ਸੁਪਰਡੈਂਟ ਧਰਮ ਸਿੰਘ, ਜ਼ਿਲ੍ਹਾ ਆਈ.ਟੀ ਮੈਨੇਜਰ ਮੋਨਿਕਾ ਸਿੰਗਲਾ, ਏ.ਐਸ.ਐਮ.ਵਿਕਾਸ ਹੰਸ, ਸਦਰ ਕਾਨੂੰਗੋ ਰਣਜੀਤ ਸਿੰਘ ਤੋਂ ਇਲਾਵਾ ਦਫਤਰ ਦੀਆਂ ਵੱਖ- ਵੱਖ ਸ਼ਾਖਾਵਾਂ ਦੇ ਕਰਮਚਾਰੀ ਹਾਜਰ ਸਨ।\

# ਜਾਤੀ ਸੂਚਕ ਗਾਲੀ ਗਲੋਚ ਕਰਨ ਵਾਲਿਆਂ ਦੀਆਂ ਗ੍ਰਿਫਤਾਰੀਆਂ ਨਾ ਕੀਤੇ ਜਾਣ 'ਤੇ ਦਲਿਤ ਵੱਖ-ਵੱਖ ਜੱਥੇਬੰਦੀਆਂ ਵੱਲੋਂ ਸਾਂਝੇ ਤੌਰ ਤੇ ਮੁੱਖ ਮੰਤਰੀ ਸਮੇਤ ਕੈਬਨਿਟ ਮੰਤਰੀਆਂ ਦਾ ਪੁਤਲਾ ਸਾੜਿਆ

**ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਸ਼ਾਸ਼ਨ ਵੱਲੋਂ ਦਿੱਤੇ ਗਏ ਕਈ ਵਾਰ ਭਰੋਸੇ ਦੇ ਬਾਵਜੂਦ ਪਿੰਡ ਬਠੋਈ ਕਲਾਂ ਦੇ ਐਸ.ਸੀ. ਭਾਈਚਾਰੇ ਦੀ ਤੀਜੇ ਹਿੱਸੇ ਦੀ ਪੰਚਾਇਤੀ ਸ਼ਾਮਲਾਟ ਜਮੀਨ ਦਾ ਕਬਜਾ ਪ੍ਰਸ਼ਾਸ਼ਨ ਵਲੋਂ ਜਨਰਲ ਕੈਟਾਗਰੀ ਦੇ ਕੁੱਝ ਲੋਕਾਂ ਕੋਲੋਂ ਨਾ ਦਿਵਾਉਣ ਅਤੇ ਇਹਨਾਂ ਨਾਜਾਇਜ਼ ਕਬਜਾਧਾਰੀਆਂ ਵੱਲੋਂ ਮਜ਼ਦੂਰਾਂ, ਐਸ.ਸੀ. ਭਾਈਚਾਰੇ ਨੂੰ ਜਾਤੀ ਸੂਚਕ ਗਾਲਾ ਕੱਢ ਦਲਿਤ ਭਾਈਚਾਰੇ ਦੀ ਬੁਰੀ ਤਰ੍ਹਾਂ ਕੁੱਟਮਾਰ ਕਰਨ ਵਾਲਿਆਂ ਦੀਆਂ ਗ੍ਰਿਫਤਾਰੀਆਂ ਨਾ ਕੀਤੇ ਜਾਣ ਤੇ ਮਿੱਥੇ ਵੱਖ-ਵੱਖ ਦਲਿਤ ਜੱਥੇਬੰਦੀਆਂ ਗੁਰੂ ਗਿਆਨ ਨਾਥ ਵਾਲਮੀਕਿ ਧਰਮ ਸਮਾਜ ਪਾਵਨ ਵਾਲਮੀਕਿ ਤੀਰਥ ਸ੍ਰੀ ਅੰਮ੍ਰਿਤਸਰ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਮੈਣ, ਨਰੇਗਾ ਫਰੰਟ ਪੰਜਾਬ ਪ੍ਰਧਾਨ ਅਜੈਬ ਸਿੰਘ ਬਠੋਈ ਅਤੇ ਕ੍ਰਾਂਤੀਕਾਰੀ ਚੇਤਨਾ ਮੰਚ ਪੰਜਾਬ ਦੇ ਪ੍ਰਧਾਨ ਵਿੱਕੀ ਪਰੋਚਾ, ਸੰਵਿਧਾਨ ਰਕਸ਼ਕ ਮੰਚ ਬੰਨੀਖਹਿਰਾ ਦੀ ਅਗਵਾਈ ਵਿੱਚ ਮਿੰਨੀ ਸਕੱਤਰੇਤ ਵਿਖੇ ਸੜਕ ਜਾਮ ਕਰ ਪੀੜਤਾਂ ਵੱਲੋਂ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।



ਜਿਸ ਉਪਰਾਂਤ ਮੁੱਖ ਮੰਤਰੀ ਭਗਵੰਤ ਮਾਨ, ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਅਤੇ ਪੰਚਾਇਤ ਮੰਤਰੀ ਦਾ ਪੁਤਲਾ ਸਾੜਿਆ ਗਿਆ। ਇਸ ਮੌਕੇ ਅਜੈਬ ਸਿੰਘ ਬਠੋਈ, ਦਰਸ਼ਨ ਸਿੰਘ ਮੈਣ ਨੇ ਸਾਂਝੇ ਤੌਰ ਤੇ ਕਿਹਾ ਕਿ 4 ਜੂਨ ਨੂੰ ਬੀਡੀਓ ਪਟਿਆਲਾ ਦਫਤਰ ਅੰਦਰ ਪੰਚਾਇਤੀ ਜਮੀਨ ਦੀ ਬੋਲੀ ਦੌਰਾਨ ਐਸ.ਸੀ. ਭਾਈਚਾਰੇ ਦੇ ਹੱਕਾਂ ਤੇ ਡਾਕੇ ਮਾਰਦੇ ਹੋਏ ਦਲਿਤ ਭਾਈਚਾਰੇ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਗਈ ਅਤੇ ਜਾਤੀ ਸੂਚਕ ਗਾਲਾਂ ਵੀ ਕੱਢੀਆਂ ਗਈਆਂ ਸਨ। ਵੱਖ-ਵੱਖ ਜੱਥੇਬੰਦੀਆਂ ਵੱਲੋਂ ਜਿਸ ਦੇ ਵਿਰੁੱਧ ਸੰਘਰਸ਼ ਕਰਨ ਦੇ ਨਤੀਜੇ ਵਜੋਂ ਐਸ.ਸੀ.ਐਸ.ਟੀ. ਐਕਟ ਅਧੀਨ ਦੋਸ਼ੀਆਂ ਵਿਰੁੱਧ ਪਰਚੇ ਦਰਜ ਹੋਏ ਪਰ ਇਹਨਾਂ ਦੀ ਅੱਜ ਤੱਕ ਗ੍ਰਿਫਤਾਰੀਆਂ ਨਹੀਂ ਹੋਈਆਂ ਅਤੇ ਨਾ ਹੀ ਪੀੜਤ ਪਰਿਵਾਰਾਂ ਨੂੰ ਉਨ੍ਹਾਂ ਦੇ ਤੀਜੇ ਹਿੱਸੇ ਦੀ ਜਮੀਨ ਦੇ ਕਬਜੇ ਇਨ੍ਹਾਂ ਤੋਂ ਛੱਡਵਾ ਕੇ ਦਿੱਤੇ ਗਏ। ਜਿਸ ਕਾਰਨ ਸਮੂੰਹ ਐਸ.ਸੀ. ਸਮਾਜ ਵਿੱਚ ਭਾਰੀ ਰੋਸ ਦੀ ਲਹਿਰ ਚੱਲ ਰਹੀ ਹੈ। ਉਨ੍ਹਾਂ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਬਠੋਈ ਕਲਾਂ ਦੇ ਐਸ.ਸੀ. ਭਾਈਚਾਰੇ ਨੂੰ ਇਨਸਾਫ ਨਾ ਮਿਲਿਆ ਤਾਂ ਪੰਜਾਬ ਦੇ ਮੰਤਰੀਆਂ ਅਤੇ ਅਧਿਕਾਰੀਆਂ ਦੇ ਪੁਤਲੇ ਸਾੜ ਕੇ ਵੱਡੇ ਪੱਧਰ ਤੇ ਰੋਸ ਮੁਜਾਹਰੇ ਕੀਤੇ ਜਾਣਗੇ ਅਤੇ ਜਿਹੜੇ ਪਰਿਵਾਰ ਸ਼ਾਮਲਾਟ ਜਮੀਨਾ ਦੇ ਕਬਜਿਆਂ ਤੋਂ ਵਾਂਝੇ ਹਨ ਉਹ ਭੁੱਖ ਹੜਤਾਲ ਤੇ ਬੈਠਣ ਲਈ ਮਜ਼ਬੂਰ ਹੋਣਗੇ। ਇਸ ਮੌਕੇ ਬੱਬੂ ਚੌਹਾਨ, ਬੁੱਢਾ ਦਲ ਦੇ ਬਾਬਾ ਰਾਜ ਸਿੰਘ ਮਹੰਤ, ਬਾਬਾ ਅਮਰੀਕ ਸਿੰਘ ਮਹੰਤ, ਬੰਨੀ ਖਹਿਰਾ, ਦਰਸ਼ਨ ਸਿੰਘ ਬਖਸ਼ੀਵਾਲਾ, ਮਾਸਟਰ ਗੁਰਬਚਨ ਸਿੰਘ, ਸ਼ੇਰ ਸਿੰਘ ਨਰਹਾਲੀ, ਮੁਖਤਿਆਰ ਸਿੰਘ ਨੰਬਰਦਾਰ, ਨੈਬ ਸਿੰਘ, ਹੰਸ ਰਾਜ, ਬਿਰੂ ਬਠੋਈ, ਨੈਬ ਸਿੰਘ ਪੰਚ, ਦਲਬੀਰ ਸਿੰਘ, ਬਲਕਾਰ ਸਿੰਘ, ਕੁਲਦੀਪ ਸਿੰਘ, ਬਿੰਦਰ ਸਿੰਘ, ਰਾਮ ਕਿਸ਼ਨ, ਨਛੱਤਰ ਸਿੰਘ, ਜੈਰਾਮ, ਕਰਮਜੀਤ ਕੌਰ ਪੰਚ, ਕੇਵਲ ਸਿੰਘ, ਕਰਮ ਸਿੰਘ, ਸੰਤ ਸਿੰਘ, ਕਾਕਾ ਸਿੰਘ, ਕਰਨ ਰਾਜਪੂਤ, ਦੀਪਕ ਸਿੰਘ ਨਿਆਲ, ਗੋਲੂ ਬਾਣਵਾਲਾ, ਸੁਖਬੀਰ ਸਿੰਘ ਆਦਿ ਹਾਜਰ ਸਨ।

## ਤੁਹਾਡੀ ਸਿਹਤ

# ਸਰੀਰ ਦੀਆਂ ਇਨ੍ਹਾਂ ਸਮੱਸਿਆਵਾਂ ਨੂੰ ਜੜ੍ਹ ਤੋਂ ਖਤਮ ਕਰਦੀ ਹੈ 'ਐਲੋਵੇਰਾ'



ਐਲੋਵੇਰਾ ਜਿੱਥੇ ਖ਼ੂਬਸੂਰਤ ਸਕਿਨ ਅਤੇ ਵਾਲਾਂ ਲਈ ਫ਼ਾਇਦੇਮੰਦ ਮੰਨੀ ਜਾਂਦੀ ਹੈ, ਉਥੇ ਹੀ ਇਹ ਤੁਹਾਡੀ ਸਿਹਤ ਲਈ ਵੀ ਕਿਸੇ ਵਰਦਾਨ ਨਾਲੋਂ ਘੱਟ ਨਹੀਂ ਹੁੰਦੀ। ਐਲਵੋਰਾ ਇੱਕ ਅਜਿਹਾ ਬੂਟਾ ਹੈ, ਜਿਸ ਨੂੰ ਘਰ 'ਚ ਲਗਾਉਣ ਨਾਲ ਕਈ ਤਰ੍ਹਾਂ ਦੇ ਫ਼ਾਇਦੇ ਹੁੰਦੇ ਹਨ। ਐਲੋਵੇਰਾ ਜੈੱਲ ਸਿਹਤ ਦੇ ਨਾਲ ਚਮੜੀ ਦੀ ਵੀ ਕਈ ਸਮੱਸਿਆਵਾਂ ਨੂੰ ਦੂਰ ਕਰਦਾ ਹੈ। ਇਸ ਦੀ ਵਰਤੋਂ ਨਾਲ ਤੁਸੀਂ ਪੇਟ ਸਬੰਧੀ ਕਈ ਬੀਮਾਰੀਆਂ, ਸਿਰਦਰਦ, ਭੁੱਖ ਨਾ ਲੱਗਣਾ, ਦੰਦਾਂ ਦੀ ਸਮੱਸਿਆ ਵਰਗੀਆਂ ਤਮਾਮ ਸਮੱਸਿਆਵਾਂ ਤੋਂ ਆਸਾਨੀ ਨਾਲ ਛੁਟਕਾਰਾ ਪਾ ਸਕਦੇ ਹੋ। ਗਰਮੀ ਦੇ ਮੌਸਮ 'ਚ ਚਮੜੀ ਨੂੰ ਕਈ ਤਰ੍ਹਾਂ ਦੀਆਂ ਪਰੇਸ਼ਾਨੀਆਂ ਹੋ ਜਾਂਦੀਆਂ ਹਨ। ਅਜਿਹੇ 'ਚ ਐਲੋਵੇਰਾ ਜੈੱਲ ਦਾ ਇਸਤੇਮਾਲ ਵੀ ਕੀਤਾ ਜਾ ਸਕਦਾ ਹੈ। ਇਸ 'ਚ ਮੌਜੂਦ ਵਿਟਾਮਿਨਸ ਅਤੇ ਮਿਨਰਲਸ ਚਮੜੀ ਨੂੰ ਨਿਖਾਰਣ 'ਚ ਮਦਦ ਕਰਦੇ ਹਨ। ਅੱਜ ਅਸੀਂ ਤੁਹਾਨੂੰ ਐਲੋਵੇਰਾ ਨਾਲ ਸਿਹਤ ਨੂੰ ਹੋਣ ਵਾਲੇ ਫ਼ਾਇਦਿਆਂ ਬਾਰੇ ਹੀ ਦੱਸਣ ਜਾ ਰਹੇ ਹਾਂ। ਆਓ ਜਾਣਦੇ ਹਾਂ ਫ਼ਾਇਦਿਆਂ ਬਾਰੇ।

ਐਲੋਵੇਰਾ ਦਾ ਫ਼ਾਇਦੇ

ਕਬਜ਼ ਦੀ ਸਮੱਸਿਆ ਦੂਰ ਕਰੇ

ਜੇ ਤੁਹਾਡਾ ਪੇਟ ਸਾਫ਼ ਨਹੀਂ ਰਹਿੰਦਾ ਤਾਂ ਇਸ 'ਚ ਵੀ ਐਲੋਵੇਰਾ ਜੂਸ ਦੀ ਵਰਤੋਂ ਤੁਹਾਡੇ ਲਈ ਫ਼ਾਇਦੇਮੰਦ ਹੋਵੇਗੀ। ਐਲੋਵੇਰਾ 'ਚ ਕਈ ਐਂਟੀ-ਬੈਕਟੀਰੀਅਲ ਅਤੇ ਐਂਟੀਔਕਸੀਡੈਂਟ ਪਾਏ ਜਾਂਦੇ ਹਨ, ਜੋ ਕਬਜ਼ ਨੂੰ ਦੂਰ ਕਰਦੇ ਹਨ। ਰੋਜ਼ਾਨਾ ਸਵੇਰੇ ਖਾਲੀ ਪੇਟ ਜੂਸ ਪੀਣ ਨਾਲ ਤੁਹਾਡਾ ਪੇਟ ਸਾਫ਼ ਰਹੇਗਾ ਅਤੇ ਤੁਹਾਡੀ ਕਬਜ਼ ਦੀ ਸਮੱਸਿਆ ਵੀ ਦੂਰ ਹੋ ਜਾਵੇਗੀ।

ਸਿਰਦਰਦ ਤੋਂ ਦੇਵੇ ਛੁਟਕਾਰਾ

ਐਲੋਵੇਰਾ ਸਿਰ ਦਰਦ ਤੋਂ ਛੁਟਕਾਰਾ ਦਿਵਾਉਣ 'ਚ ਕਾਫ਼ੀ ਲਾਹੇਵੰਦ ਹੁੰਦੀ ਹੈ। ਜੇ ਤੁਹਾਨੂੰ ਅਕਸਰ ਸਿਰਦਰਦ ਦੀ ਸ਼ਿਕਾਇਤ ਰਹਿੰਦੀ ਹੈ ਤਾਂ ਰੋਜ਼ਾਨਾ ਐਲੋਵੇਰਾ ਦਾ ਜੂਸ ਖਾਲੀ ਪੇਟ ਪੀਣਾ ਚਾਹੀਦਾ ਹੈ। ਅਜਿਹਾ ਕਰਨ ਨਾਲ ਤੁਹਾਨੂੰ ਸਿਰਦਰਦ ਤੋਂ ਛੁਟਕਾਰਾ ਮਿਲੇਗਾ।



ਦੰਦਾਂ ਨਾਲ ਸੰਬੰਧੀ ਸਮੱਸਿਆ

ਐਲੋਵੇਰਾ 'ਚ ਐਂਟੀ-ਮਾਈਕ੍ਰੋਲਾਈਲ ਮੌਜੂਦ ਹੁੰਦੇ ਹਨ, ਜੋ ਤੁਹਾਡੇ ਦੰਦਾਂ ਨੂੰ ਸਾਫ਼ ਰੱਖਣ 'ਚ ਮਦਦ ਕਰਦੇ ਹਨ। ਇਸ ਦੇ ਨਾਲ ਹੀ ਇਹ ਦੰਦਾਂ 'ਚ ਹੋਣ ਵਾਲੇ ਬੈਕਟੀਰੀਅਲ ਇਨਫ਼ੈਕਸ਼ਨ ਨੂੰ ਵੀ ਤੁਹਾਨੂੰ ਦੂਰ ਰੱਖਦੇ ਹਨ।

ਸਰੀਰ ਦੇ ਜ਼ਹਿਰੀਲੇ ਪਦਾਰਥਾਂ ਨੂੰ ਬਾਹਰ ਕੱਢਣ 'ਚ ਮਦਦਗਾਰ

ਸਹੀ ਖਾਣ-ਪੀਣ ਨਾ ਹੋਣ ਕਾਰਨ ਸਾਡੇ ਸਰੀਰ 'ਚ ਕਈ ਜ਼ਹਿਰੀਲੇ ਤੱਤ ਪੈਦਾ ਹੋ ਜਾਂਦੇ ਹਨ। ਜਿਸ ਵਜ੍ਹਾ ਨਾਲ ਸਾਨੂੰ ਬਹੁਤ ਸਾਰੀਆਂ ਪੇਟ ਅਤੇ ਸਕਿਨ ਸੰਬੰਧੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਐਲੋਵੇਰਾ ਸਰੀਰ ਦੀ ਡਿਟਾਕਸੀਫ਼ਿਕੇਸ਼ਨ ਦੀ ਪ੍ਰਕਿਰਿਆ ਦੇ ਜ਼ਰੀਏ ਸਰੀਰ 'ਚੋਂ ਜ਼ਹਿਰੀਲੇ ਤੱਤਾਂ ਨੂੰ ਬਾਹਰ ਕੱਢਣ 'ਚ ਮਦਦ ਕਰਦਾ ਹੈ।

ਭੁੱਖ ਨਾ ਲੱਗਣ ਦੀ ਸਮੱਸਿਆ

ਐਲੋਵੇਰਾ ਭੁੱਖ ਵਧਾਉਣ 'ਚ ਵੀ ਲਾਹੇਵੰਦ ਹੁੰਦੀ ਹੈ। ਜੇ ਤੁਹਾਨੂੰ ਭੁੱਖ ਨਹੀਂ ਲੱਗਦੀ ਤਾਂ ਰੋਜ਼ਾਨਾ ਐਲੋਵੇਰਾ ਦਾ ਜੂਸ ਪੀਣਾ ਚਾਹੀਦਾ ਹੈ। ਇਹ ਤੁਹਾਡੇ ਲਈ ਰਾਮਬਾਣ ਦੀ ਤਰ੍ਹਾਂ ਹੈ। ਇਸ ਦੀ ਵਰਤੋਂ ਨਾਲ ਤੁਹਾਡੀ ਭੁੱਖ ਨਾ ਲੱਗਣ ਦੀ ਸਮੱਸਿਆ ਦੂਰ ਹੋ ਜਾਵੇਗੀ।

# ਬਦਹਜ਼ਮੀ ਨੂੰ ਦੂਰ ਕਰਨਗੇ ਇਹ 7 ਘਰੇਲੂ ਨੁਸਖੇ



ਖਾਣੇ ਦੇ ਸ਼ੌਕੀਨ ਲੋਕ ਕਈ ਵਾਰ ਲੋੜ ਤੋਂ ਜ਼ਿਆਦਾ ਖਾਣਾ ਖਾ ਲੈਂਦੇ ਹਨ ਜਿਸ ਦਾ ਨਤੀਜਾ ਉਨ੍ਹਾਂ ਨੂੰ ਬਦਹਜ਼ਮੀ ਦੇ ਰੂਪ 'ਚ ਭੁਗਤਨਾ ਪੈਂਦਾ ਹੈ। ਖਾਣਾ ਨਾ ਪਚਨਾ, ਅਪਚ ਹੋ ਜਾਂਦਾ ਜਾਂ ਪੇਟ 'ਚ ਲਗਾਤਾਰ ਗੈਸ ਬਣਦੇ ਰਹਿਣ ਨੂੰ ਬਦਹਜ਼ਮੀ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਜਿਸ ਵਜ੍ਹਾ ਨਾਲ ਖੱਟੇ ਡਕਾਰ ਅਤੇ ਪੇਟ 'ਚ ਜਲਨ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਪ੍ਰੇਸ਼ਾਨੀ ਤੋਂ ਬਚਣ ਲਈ ਤੁਸੀਂ ਘਰ 'ਚ ਕਈ ਤਰ੍ਹਾਂ ਦੇ ਉਪਾਅ ਕਰ ਸਕਦੇ ਹੋ। ਤਾਂ ਚੱਲੋ ਜਾਣਦੇ ਹਾਂ ਬਦਹਜ਼ਮੀ ਦੂਰ ਕਰਨ ਦੇ ਘਰੇਲੂ ਤਰੀਕਿਆਂ ਦੇ ਬਾਰੇ 'ਚ...

ਨਿੰਬੂ

ਇੱਕ ਨਿੰਬੂ ਲਓ, ਉਸ ਨੂੰ ਵਿਚਕਾਰੋਂ ਕੱਟ ਕੇ ਕਾਲੇ ਨਮਕ ਅਤੇ ਕਾਲੀ ਮਿਰਚ ਦੇ ਨਾਲ ਭਰ ਦਿਓ। ਹੁਣ ਨਿੰਬੂ ਨੂੰ ਤਵੇ 'ਤੇ ਰੱਖ ਕੇ 2 ਤੋਂ 3 ਮਿੰਟ ਤੱਕ ਚੰਗੀ ਤਰ੍ਹਾਂ ਨਾਲ ਭੁੰਨੋ। ਭੁੰਨਣ ਦੇ ਬਾਅਦ ਇਸ ਦੇ ਰਸ ਨੂੰ ਨਿਚੋੜ ਕੇ ਖਾਣੇ ਦੇ ਬਾਅਦ ਅੱਧਾ ਗਿਲਾਸ ਪਾਣੀ 'ਚ ਮਿਲਾ ਕੇ ਪਿਓ। ਖਾਣੇ ਦੇ ਬਾਅਦ ਗੈਸ, ਭਾਰਾਪਣ ਅਤੇ ਅਪਚ ਵਰਗੀਆਂ ਸਮੱਸਿਆਵਾਂ ਤੋਂ ਕਾਫ਼ੀ ਰਾਹਤ ਮਿਲੇਗੀ।

ਅਜ਼ਵਾਈਨ

ਬਦਹਜ਼ਮੀ ਦੂਰ ਕਰਨ ਦਾ ਸਭ ਤੋਂ ਆਸਾਨ ਤਾਰੀਕਾ, 1 ਟੀ-ਸਪੂਨ ਅਜ਼ਵਾਈਨ 'ਚ ਇੱਕ ਚੁਟਕੀ ਕਾਲਾ ਨਮਕ ਪਾ ਕੇ ਚੰਗੀ ਤਰ੍ਹਾਂ ਨਾਲ ਮਿਕਸ ਲਓ। ਹੁਣ ਇਸ ਨੂੰ ਸਵੇਰ-ਸ਼ਾਮ ਕੋਸੇ ਪਾਣੀ ਨਾਲ ਖਾਓ। ਅਜਿਹਾ ਰੋਜ਼ਾਨਾ ਕਰਨ ਨਾਲ ਤੁਹਾਡਾ ਪੇਟ ਵੀ ਸਿਹਤਮੰਦ ਰਹੇਗਾ ਅਤੇ ਤੁਹਾਨੂੰ ਬਦਹਜ਼ਮੀ ਦੀ ਸਮੱਸਿਆ 'ਤੋਂ ਆਰਾਮ ਮਿਲੇਗਾ।

ਲੌਂਗ

ਪੰਜ ਲੌਂਗ ਅਤੇ ਦਸ ਗ੍ਰਾਮ ਮਿਸ਼ਰੀ ਨੂੰ ਚੰਗੀ ਤਰ੍ਹਾਂ ਪੀਸ ਲਓ। ਹੁਣ ਇਸ ਮਿਸ਼ਰਨ ਨੂੰ ਇੱਕ ਗਿਲਾਸ ਹਲਕੇ ਕੋਸੇ ਪਾਣੀ ਦੇ ਨਾਲ ਰੋਜ਼ਾਨਾ ਖਾਓ। ਰੋਜ਼ ਇਸ ਦੀ ਵਰਤੋਂ ਨਾਲ ਤੁਹਾਡੀ ਬਦਹਜ਼ਮੀ ਦੀ ਸਮੱਸਿਆ ਦੂਰ ਹੋ ਜਾਵੇਗੀ।

ਪੱਕਾ ਪਪੀਤਾ

ਨਾਸ਼ਤੇ 'ਚ ਪੱਕਾ ਪਪੀਤਾ ਖਾਣ ਨਾਲ ਬਦਹਜ਼ਮੀ ਦੀ ਸਮੱਸਿਆ ਦੂਰ ਹੁੰਦੀ ਹੈ। ਦਰਅਸਲ ਪਪੀਤਾ ਅੰਤੜੀਆਂ ਦੀ ਵਧੀਆ ਸਫ਼ਾਈ ਕਰਦਾ ਹੈ ਅਤੇ ਇਹ ਬਦਹਜ਼ਮੀ ਦੇ ਲਈ ਚੰਗਾ ਮੰਨਿਆ ਜਾਂਦਾ ਹੈ।

ਲੱਸੀ

ਇੱਕ ਗਲਾਸ ਲੱਸੀ 'ਚ ਇੱਕ ਚੁਟਕੀ ਕਾਲਾ ਨਮਕ ਅਤੇ ਥੋੜ੍ਹੀ ਜਿਹੀ ਅਜ਼ਵਾਈਨ ਮਿਲਾ ਕੇ ਰੋਜ਼ਾਨਾ ਖਾਣੇ ਨਾਲ ਇਸ ਦੀ ਵਰਤੋਂ ਕਰੋਂ। ਅਜਿਹਾ ਕਰਨ ਨਾਲ ਤੁਹਾਡੇ ਸਰੀਰ 'ਚ ਠੰਡਕ ਵੀ ਰਹੇਗੀ ਅਤੇ ਤੁਹਾਡੀ ਬਦਹਜ਼ਮੀ ਦੀ ਸਮੱਸਿਆ ਵੀ ਦੂਰ ਹੋਵੇਗੀ।

ਅਦਰਕ ਅਤੇ ਸੇਂਧਾ ਨਮਕ

ਜੇਕਰ ਖਾਣੇ ਦਾ ਬਾਅਦ ਭਾਰੀਪਨ ਮਹਿਸੂਸ ਹੁੰਦਾ ਹੈ ਤਾਂ ਇੱਕ ਇੰਚ ਅਦਰਕ ਦੇ ਟੁੱਕੜੇ 'ਚ ਇੱਕ ਚੁਟਕੀ ਕਾਲਾ ਨਮਕ ਮਿਲਾ ਕੇ ਪੇਸਟ ਤਿਆਰ ਕਰ ਲਓ। ਇਸ ਪੇਸਟ ਨੂੰ ਦੁਪਿਹਰ ਦੇ ਖਾਣੇ 'ਚ ਹਲਕੇ ਕੋਸੇ ਪਾਣੀ ਨਾਲ ਖਾਓ।

ਪਾਣੀ ਪੀਣ ਦਾ ਸਹੀ ਤਰੀਕਾ

ਖੜ੍ਹੇ ਹੋ ਕੇ ਪਾਣੀ ਪੀਣਾ ਜਾਂ ਫ਼ਿਰ ਗਟਾਗਟ ਪਾਣੀ ਪੀ ਲੈਣ ਨਾਲ ਵੀ ਬਦਹਜ਼ਮੀ ਹੁੰਦੀ ਹੈ। ਪਾਣੀ ਹਮੇਸ਼ਾ ਬੈਠ ਕੇ ਆਰਾਮ-ਆਰਾਮ ਨਾਲ ਪੀਓ। ਪੇਟ ਨਾਲ ਜੁੜੀਆਂ ਤਮਾਮ ਪ੍ਰੇਸ਼ਾਨੀਆਂ ਤੋਂ ਬਚਣ ਲਈ ਸਵੇਰੇ-ਸਵੇਰੇ ਕੋਸਾ ਪਾਣੀ ਨਾ ਭੁੱਲੋ।

# ਹੈਲਦੀ ਰਹਿਣਾ ਚਾਹੁੰਦੇ ਹੋ ਤਾਂ ਰਸੋਈ 'ਚੋਂ ਦੂਰ ਕਰੋ ਇਹ 3 ਟੇਸਟੀ ਚੀਜ਼ਾਂ

ਅਸੀਂ ਖਾਣਾ ਇਸ ਲਈ ਖਾਂਦੇ ਹਾਂ ਤਾਂ ਜੋ ਸਾਨੂੰ ਜ਼ਰੂਰੀ ਤੱਤ ਅਤੇ ਊਰਜਾ ਮਿਲ ਸਕੇ ਪਰ ਸਾਡੀ ਰਸੋਈ 'ਚ ਮੌਜੂਦ ਕੁਝ ਖਾਣ ਵਾਲੇ ਪਦਾਰਥ ਅਜਿਹੇ ਵੀ ਹਨ ਜੋ ਸਿਹਤ ਨੂੰ ਲਾਭ ਨਹੀਂ ਸਗੋਂ ਨੁਕਸਾਨ ਪਹੁੰਚਾਉਂਦੇ ਹਨ। ਇਸ 'ਚ ਚੀਨੀ, ਨਕਮ, ਮੈਦਾ ਵਰਗੀਆਂ ਚੀਜ਼ਾਂ ਸ਼ਾਮਲ ਹਨ, ਕਈ ਹੈਲਥ ਵਿਸ਼ੇਸ਼ਕ ਤਾਂ ਇਨ੍ਹਾਂ ਖਾਣ ਵਾਲੀਆਂ ਚੀਜ਼ਾਂ ਨੂੰ ਰੂਜਵਕ੍ਰ ਰਜਤਰਅ ਦਾ ਨਾਂ ਵੀ ਦਿੰਦੇ ਹਨ।



ਚੀਨੀ, ਨਮਕ, ਮੈਦਾ ਅਤੇ ਸਫ਼ੇਦ ਚੌਲ ਕੁਝ ਅਜਿਹੇ ਹੀ ਖਾਧ ਪਦਾਰਥ ਹਨ ਜਿਨ੍ਹਾਂ 'ਚ ਪੋਸ਼ਕਤਾ ਬਿਲਕੁੱਲ ਨਹੀਂ ਹੁੰਦੀ ਹੈ। ਇਨ੍ਹਾਂ ਨੂੰ ਖਾਣੇ ਨਾਲ ਕਾਫ਼ੀ ਨੁਕਸਾਨ ਹੁੰਦਾ ਹੈ। ਹਾਂ, ਥੋੜ੍ਹੀ ਮਾਤਰਾ 'ਚ ਇਨ੍ਹਾਂ ਦੀ ਵਰਤੋਂ ਸਾਡੇ ਲਈ ਜ਼ਰੂਰੀ ਹੈ ਪਰ ਜ਼ਿਆਦਾ ਮਾਤਰਾ 'ਚ ਇਨ੍ਹਾਂ ਸਭ ਚੀਜ਼ਾਂ ਦੀ ਵਰਤੋਂ ਸਿਹਤ ਨੂੰ ਕਈ ਤਰ੍ਹਾਂ ਨਾਲ ਨੁਕਸਾਨ ਪਹੁੰਚਾਉਂਦਾ ਹੈ।

ਸਫ਼ੇਦ ਚੀਨੀ

ਸਫ਼ੇਦ ਚੀਨੀ ਨੂੰ ਰਿਫ਼ਾਇੰਡ ਸ਼ੂਗਰ ਵੀ ਕਿਹਾ ਜਾਂਦਾ ਹੈ। ਇਸ ਨੂੰ ਰਿਫ਼ਾਈਨ ਕਰਨ ਲਈ ਸਲਫ਼ਰ ਹਾਈ ਆਕਸਾਈਡ, ਫ਼ਾਸਫ਼ੋਰਿਕ ਐਸਿਡ, ਕੈਲਸ਼ੀਅਮ ਹਾਈਡ੍ਰੋਕਸਾਈਡ ਅਤੇ ਐਕਟਿਵੇਟਿਡ ਕਾਰਬਨ ਦੀ ਵਰਤੋਂ ਕੀਤੀ ਜਾਂਦੀ ਹੈ। ਰਿਫ਼ਾਈਨਿੰਗ ਦੇ ਬਾਅਦ ਇਸ 'ਚ ਮੌਜੂਦ ਵਿਟਾਮਿਨਸ, ਮਿਨਰਲਸ, ਪ੍ਰੋਟੀਨ, ਐਜ਼ਾਈਮਸ ਅਤੇ ਦੂਜੇ ਲਾਭਦਾਇਕ ਪੋਸ਼ਕ ਤੱਤ ਨਸ਼ਟ ਹੋ ਜਾਂਦੇ ਹਨ, ਸਿਰਫ਼ ਸੂਕਰੋਜ਼ ਹੀ ਬਚਦਾ ਹੈ ਅਤੇ ਸੂਕਰੋਜ਼ ਦੀ ਜ਼ਿਆਦਾ ਮਾਤਰਾ ਸਰੀਰ ਲਈ ਘਾਤਕ ਹੁੰਦੀ ਹੈ।

ਸਿਹਤ ਦੀਆਂ ਸਮੱਸਿਆਵਾਂ

ਚੀਨੀ ਦੀ ਜ਼ਿਆਦਾ ਵਰਤੋਂ ਨਾਲ ਕੋਲੇਸਟ੍ਰਾਲ, ਇੰਸੁਲਿਨ ਰੇਜ਼ੀਸਟੇਂਸ ਅਤੇ ਉੱਚ ਬਲੱਡ ਪ੍ਰੈੱਸ਼ਰ ਵਰਗੀਆਂ ਪ੍ਰੇਸ਼ਾਨੀਆਂ ਹੋ ਜਾਂਦੀਆਂ ਹਨ। ਚੀਨੀ ਦੀ ਜ਼ਿਆਦਾ ਵਰਤੋਂ ਨਾਲ ਪੇਟ 'ਤੇ ਵਸਾ ਦੀਆਂ ਪਰਤਾਂ ਜਮ੍ਹਾ ਹੋ ਜਾਂਦੀਆਂ ਹਨ। ਇਸ ਦੇ ਕਾਰਨ ਮੋਟਾਪਾ, ਦੰਦਾਂ ਦੀ ਜਲਨ, ਸ਼ੂਗਰ ਅਤੇ ਖਰਾਬ ਇਮਊਨ ਸਿਸਟਮ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਵਿਅਕਤੀ ਨੂੰ ਕਰਨਾ ਪੈਂਦਾ ਹੈ।

ਨਮਕ

ਖਾਣੇ 'ਚ ਜੇਕਰ ਨਮਕ ਦੀ ਮਾਤਰਾ ਜ਼ਿਆਦਾ ਹੋ ਜਾਵੇ ਤਾਂ ਖਾਣੇ ਦਾ ਪੂਰਾ ਸੁਆਦ ਖਰਾਬ ਹੋ ਜਾਂਦਾ ਹੈ। ਉਸ ਤਰ੍ਹਾਂ ਜੇਕਰ ਸ਼ੂਗਰ 'ਚ ਜ਼ਿਆਦਾ ਮਾਤਰਾ 'ਚ ਨਮਕ ਜਾਣ ਲੱਗ ਜਾਵੇ ਤਾਂ ਇਹ ਸਿਹਤ ਨੂੰ ਕਈ ਤਰ੍ਹਾਂ ਨਾਲ ਨੁਕਸਾਨ ਪਹੁੰਚਾ ਸਕਦਾ ਹੈ।

ਸਿਹਤ ਸੰਬੰਧੀ ਸਮੱਸਿਆਵਾਂ

ਨਮਕ ਦੀ ਜ਼ਿਆਦਾ ਵਰਤੋਂ ਦਿਲ ਦੀਆਂ ਬੀਮਾਰੀਆਂ ਦੇ ਖਤਰੇ ਨੂੰ ਵਧਾ ਦਿੰਦਾ ਹੈ। ਵਿਸ਼ੇਸਕਾਂ ਦੀ ਮੰਨੀਏ ਤਾਂ ਜ਼ਿਆਦਾ ਨਮਕ ਹਾਈ ਬੀ ਪੀ ਦਾ ਕਾਰਨ ਵੀ ਬਣਦਾ ਹੈ। ਸ਼ਰੀਰ 'ਚ ਜ਼ਿਆਦਾ ਨਮਕ ਦੀ ਮਾਤਰਾ ਨਾਲ ਡਿਹਾਈਡ੍ਰੇਸ਼ਨ ਦੀ ਸਮੱਸਿਆ ਹੋ ਸਕਦੀ ਹੈ। ਅਜਿਹੇ 'ਚ ਇਨ੍ਹਾਂ ਸਭ ਪ੍ਰੇਸ਼ਾਨੀਆਂ ਤੋਂ ਬਚਣ ਲਈ ਜਿੰਨਾ ਹੋ ਸਕੇ ਓਨੀ ਘਟ ਮਾਤਰਾ 'ਚ ਨਮਕ ਦੀ ਵਰਤੋਂ ਕਰੋ।

ਮੈਦਾ

ਮੈਦਾ ਕਣਕ ਨਾਲ ਬਣਦਾ ਹੈ। ਇੱਕ ਪਾਸੇ ਜਿਥੇ ਕਣਕ ਨੂੰ ਸਿਹਤ ਲਈ ਚੰਗਾ ਮੰਨਿਆ ਜਾਂਦਾ ਹੈ, ਉੱਧਰ ਮੈਦੇ ਨੂੰ ਖਤਰਨਾਕ। ਉਸ ਦੀ ਸਭ ਤੋਂ ਵੱਡੀ ਵਜ੍ਹਾ ਇਹ ਹੈ ਕਿ ਮੈਦਾ ਬਣਾਉਂਦੇ ਸਮੇਂ ਕਣਕ ਦੇ ਉੱਪਰ ਛਿਲਕੇ ਨੂੰ ਪੂਰੀ ਤਰ੍ਹਾਂ ਨਾਲ ਹਟਾ ਦਿੱਤਾ ਜਾਂਦਾ ਹੈ। ਜਿਸ ਨਾਲ ਇਸ ਦਾ ਫ਼ਾਈਬਰ ਪੂਰੀ ਤਰ੍ਹਾਂ ਨਾਲ ਨਿਕਲ ਜਾਂਦਾ ਹੈ। ਫ਼ਾਈਬਰ ਮੁਕਤ ਹੋਣ ਦੀ ਵਜ੍ਹਾ ਨਾਲ ਮੈਦੇ ਦੀ ਵਰਤੋਂ ਕਬਜ਼ ਦੀ ਪ੍ਰੇਸ਼ਾਨੀ ਦਾ ਕਾਰਨ ਬਣਦਾ ਹੈ।

# ਰਾਤ ਨੂੰ ਸੌਣ ਤੋਂ ਪਹਿਲਾਂ ਪੀਓ ਪਿਆਜ਼ ਦੀ ਚਾਹ

ਹੁਣ ਤੱਕ ਤੁਸੀਂ ਕਾਲੀ ਚਾਹ, ਨਿੰਬੂ ਦੀ ਚਾਹ, ਗ੍ਰੀਨ ਟੀ ਆਦਿ ਕਈ ਚਾਹਾਂ ਪੀਤੀਆਂ ਹੋਣਗੀਆਂ ਪਰ ਕੀ ਤੁਸੀਂ ਕਦੇ ਪਿਆਜ਼ ਦੀ ਚਾਹ ਪੀਤੀ ਹੈ? ਜੇਕਰ ਨਹੀਂ ਤਾਂ ਇੱਕ ਵਾਰ ਜ਼ਰੂਰ ਪੀ ਕੇ ਦੇਖੋ। ਵਿਟਾਮਿਨਸ ਅਤੇ ਪੋਸ਼ਟਿਕ ਤੱਤਾਂ ਨਾਲ ਭਰਪੂਰ ਪਿਆਜ਼ ਦੀ ਚਾਹ ਸਿਹਤ ਨੂੰ ਕਈ ਤਰ੍ਹਾਂ ਦੇ ਫ਼ਾਇਦੇ ਪਹੁੰਚਾਉਣ 'ਚ ਸਹਾਇੱਕ ਹੁੰਦੀ ਹੈ। ਇਸ ਚਾਹ 'ਚ ਵਿਟਾਮਿਨ-3, ਫ਼ਾਈਟੋਕੈਮੀਕਲਸ ਭਰਪੂਰ ਮਾਤਰਾ ਵਿੱਚ ਪਾਇਆ ਜਾਂਦਾ ਹੈ, ਜੋ ਸਾਡੇ ਸਰੀਰ ਨੂੰ ਕਈ ਰੋਗਾਂ ਨਾਲ ਲੜਣ ਦੀ ਸ਼ਕਤੀ ਪ੍ਰਦਾਨ ਕਰਦਾ ਹੈ। ਇਸ ਚਾਹ ਨੂੰ ਪੀਣ ਨਾਲ ਕਈ ਬੀਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਇਥੇ ਦੱਸ ਦੇਈਏ ਕਿ ਚਾਹ ਬਣਾਉਣ ਲਈ ਤੁਸੀਂ ਸਿਰਫ਼ ਬੈਂਗਨੀ ਰੰਗ ਪਿਆਜ਼ ਦੀ ਹੀ ਵਰਤੋਂ ਕਰ ਸਕਦੇ ਹੋ। ਵ੍ਹਾਈਟ ਰੰਗ ਦੇ ਪਿਆਜ਼ ਜ਼ਿਆਦਾ ਗੁਣਕਾਰੀ ਨਹੀਂ ਹੁੰਦੇ ਹਨ। ਅੱਜ ਅਸੀਂ ਤੁਹਾਨੂੰ ਪਿਆਜ਼ ਦੀ ਚਾਹ ਪੀਣ ਨਾਲ ਹੋਣ ਵਾਲੇ ਫ਼ਾਇਦਿਆਂ ਬਾਰੇ ਹੀ ਦੱਸਣ ਜਾ ਰਹੇ ਹਾਂ। ਆਓ ਜਾਣਦੇ ਹਾਂ ਪਿਆਜ਼ ਦੀ ਚਾਹ ਦੇ ਫ਼ਾਇਦਿਆਂ ਸਮੇਤ ਬਣਾਉਣ ਦੇ ਤਰੀਕੇ ਬਾਰੇ।

ਪਿਆਜ਼ ਦੀ ਚਾਹ ਪੀਣ ਦੇ ਫ਼ਾਇਦੇ

ਸ਼ੂਗਰ ਤੋਂ ਦਿਵਾਉਂਦੀ ਹੈ ਛੁਟਕਾਰਾ

ਅੱਜ ਦੇ ਸਮੇਂ 'ਚ ਸ਼ੂਗਰ ਦੀ ਬੀਮਾਰੀ ਹੋਣਾ ਇੱਕ ਆਮ ਗੱਲ ਹੋ ਗਈ ਹੈ। ਹਰ-ਘਰ 'ਚ ਕੋਈ ਨਾ ਕੋਈ ਇਸ ਬੀਮਾਰੀ ਤੋਂ ਪਰੇਸ਼ਾਨ ਰਹਿੰਦਾ ਹੈ। ਇਸ ਬੀਮਾਰੀ ਤੋਂ ਛੁਟਕਾਰਾ ਪਾਉਣ ਦੇ ਲਈ ਤੁਸੀਂ ਪਿਆਜ਼ ਦੀ ਚਾਹ ਪੀ ਸਕਦੇ ਹੋ। ?ਪਿਆਜ ਦੀ ਚਾਹ 'ਚ ਮੌਜੂਦ ਵਿਟਾਮਿਨ ਡੇਡਿਕਲਸ ਨੂੰ ਖਤਮ ਕਰਕੇ ਸਾਨੂੰ ਸ਼ੂਗਰ ਤੋਂ ਛੁਟਕਾਰਾ ਦਿਲਾਉਣ ਵਿੱਚ ਮਦਦ ਕਰਦੇ ਹਨ।

ਦਰਦ ਅਤੇ ਸੋਜ ਤੋਂ ਦੇਵੇ ਛੁਟਕਾਰਾ

ਕਿਸੇ ਵੀ ਤਰ੍ਹਾਂ ਦੀ ਸੱਟ ਲੱਗਣ 'ਤੇ ਪਿਆਜ਼ ਦੀ ਚਾਹ ਬੇਹੱਦ ਫ਼ਾਇਦੇਮੰਦ ਹੁੰਦੀ ਹੈ। ਸੱਟ ਲੱਗਣ ਦੇ ਕਾਰਨ ਕਈ ਵਾਰ ਦਰਦ ਹੋਣ ਦੇ ਨਾਲ-ਨਾਲ ਸੋਜ ਵੀ ਆ ਜਾਂਦੀ ਹੈ। ਅਜਿਹੀ ਸਮੱਸਿਆ ਤੋਂ ਛੁਟਕਾਰਾ ਪਾਉਣ ਦੇ ਲਈ ਪਿਆਜ਼ ਦੀ ਚਾਹ ਪੀਣੀ ਚਾਹੀਦੀ ਹੈ। ਪਿਆਜ਼ 'ਚ ਐਂਟੀ-ਇਫ਼ਲੇਮੈਟਰੀ ਗੁਣ ਪਾਇਆ ਜਾਂਦਾ ਹੈ ਜੋ ਸਰੀਰ ਦੇ ਅੰਗਾਂ 'ਚ ਆਈ ਸੋਜ ਅਤੇ ਦਰਦ ਤੋਂ ਰਾਹਤ ਪ੍ਰਦਾਨ ਕਰਦੇ ਹਨ।

ਇੰਝ ਬਣਾਓ ਪਿਆਜ਼ ਦੀ ਚਾਹ

ਸਭ ਤੋਂ ਪਹਿਲਾਂ ਬੈਂਗਨੀ ਰੰਗ ਦੇ ਪਿਆਜ਼ ਨੂੰ ਛੋਟੇ-ਛੋਟੇ ਟੁਕੜਿਆਂ 'ਚ ਕੱਟ ਲਵੋ। ਉਸ ਤੋਂ ਬਾਅਦ ਭਾਂਡੇ 'ਚ ਥੋੜ੍ਹਾ ਪਾਣੀ ਗਰਮ ਕਰੋ।

ਪਾਣੀ ਗਰਮ ਹੋ ਜਾਣ ਦੇ ਬਾਅਦ ਉਸ 'ਚ ਕੱਟੇ ਪਿਆਜ ਪਾ ਦਿਓ। ਉਸ ਤੋਂ ਬਾਅਦ ਉਸ 'ਚ ਨਿੰਬੂ ਦਾ ਰਸ ਅਤੇ ਗ੍ਰੀਨ ਟੀ ਮਿਲਾਓ। ਹੁਣ ਇਸ ਨੂੰ ਛਾਣ ਲਵੋ ਅਤੇ ਆਪਣੇ ਸਵਾਦ ਦੇ ਅਨੁਸਾਰ ਉਸ 'ਚ ਸ਼ਹਿਦ ਮਿਲਾ ਲਵੋ। ਇਸ ਤੋਂ ਬਾਅਦ ਪਿਆਜ਼ ਦੀ ਚਾਹ ਦਾ ਸੇਵਨ ਕਰ ਸਕਦੇ ਹੋ।।



# ਸਾਵਧਾਨ !

## ਐਂਟੀਬਾਇਓਟਿਕਸ ਨਾਲ ਵਧ ਸਕਦੈ ਰੈਕਟਲ ਕੈਂਸਰ ਦਾ ਖਤਰਾ

ਲੰਡਨ– ਸਰਦੀ-ਖਾਂਸੀ, ਬੁਖਾਰ ਜਾਂ ਫ਼ਿਰ ਕਿਸੇ ਛੋਟੀ-ਮੋਟੀ ਬੀਮਾਰੀਆਂ ਲਈ ਵੀ ਜੇਕਰ ਤੁਸੀਂ ਐਲੋਪੈਥਿਕ ਡਾਕਟਰ ਕੋਲ ਜਾਂਦੇ ਹਨ ਤਾਂ ਡਾਕਟਰ ਸਭ ਤੋਂ ਪਹਿਲਾਂ 3 ਜਾਂ 5 ਦਿਨ ਦੀ ਐਂਟੀਬਾਇਓਟਿਕਸ ਦਵਾਈ ਦਾ ਕੋਰਸ ਲਿਖ ਦਿੰਦੇ ਹਨ ਤਾਂ ਕਿ ਮਰੀਜ ਜਲਦੀ ਠੀਕ ਹੋ ਜਾਏ। ਕਈ ਵਾਰ ਤਾਂ ਬਿਨਾਂ ਡਾਕਟਰ ਤੋਂ ਪੁੱਛੇ ਵੀ ਬਹੁਤ ਸਾਰੇ ਲੋਕ ਬੀਮਾਰ ਹੋਣ 'ਤੇ ਐਂਟੀਬਾਇਓਟਿਕ ਖਾ ਲੈਂਦੇ ਹਨ ਜੇਕਰ ਤੁਸੀਂ ਵੀ ਅਜਿਹਾ ਕਰਦੇ ਹਨ ਤਾਂ ਸਾਵਧਾਨ ਹੋ ਜਾਓ ਕਿਉਂਕਿ ਇਸ ਨਾਲ ਕੋਲੋਨ ਅਤੇ ਰੈਕਟਲ ਕੈਂਸਰ ਦਾ ਖਤਰਾ ਵਧ ਜਾਂਦਾ ਹੈ। ਇੱਕ ਨਵੀਂ ਸਟੱਡੀ 'ਚ ਇਹ ਗੱਲ ਸਾਹਮਣੇ ਆਈ ਹੈ ਕਿ ਸਿੰਗਲ ਕੋਰਸ ਐਂਟੀਬਾਇਓਟਿਕ ਦੇ ਸੇਵਨ ਨਾਲ ਵੀ ਕੋਲੋਨ ਭਾਵ ਮਲ ਦਾ ਕੈਂਸਰ ਹੋਣ ਦਾ ਖਤਰਾ ਵਧ ਜਾਂਦਾ ਹੈ। ਗਟ ਨਾਂ ਦੇ ਜਨਰਲ 'ਚ ਪ੍ਰਕਾਸ਼ਿਤ ਇਸ ਸਟੱਡੀ 'ਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਹੈ ਕਿ ਕਿਵੇਂ ਐਂਟੀਬਾਇਓਟਿਕ ਦਵਾ ਦੀ ਇਸ ਕੈਟਾਗਿਰੀ ਦਾ ਸਮਝਦਾਰੀ ਨਾਲ ਵਰਤੋਂ ਕਰਨ ਦੀ ਲੋੜ ਹੈ ਕਿਉਂਕਿ ਡਾਕਟਰਜ਼ ਵੀ ਇਸ ਨੂੰ ਲੋੜ ਤੋਂ ਜ਼ਿਆਦਾ ਪ੍ਰੀਸਕ੍ਰਾਈਬ ਕਰ ਰਹੇ ਹਨ ਤੇ ਇਸ ਦਾ ਬਹੁਤ ਜ਼ਿਆਦਾ ਯੂਜ਼ ਹੋ ਰਿਹਾ ਹੈ।

ਸਾਈਡ ਇਫ਼ੈਕਟ ਦੀ ਵਜ੍ਹਾ ਕਰ ਕੇ ਕ੍ਰਾਨਿਕ ਬੀਮਾਰੀਆਂ ਦਾ ਖਤਰਾ : ਇਸ ਸਟੱਡੀ ਦੀ ਲੀਡ ਆਥਰ ਸਿੰਥਿਆ ਸਿਅਰਸ ਕਹਿੰਦੀ ਹੈ ਸਾਡੀ ਰਿਸਰਚ ਇਸ ਗੱਲ 'ਤੇ ਜ਼ੋਰ ਦਿੰਦੀ ਹੈ ਕਿ ਇਸ ਤਰ੍ਹਾਂ ਦੀਆਂ ਦਵਾਈਆਂ ਦਾ ਸਰੀਰ 'ਤੇ ਕਿੰਨਾ ਬੁਰਾ ਅਸਰ ਹੁੰਦਾ ਹੈ ਤੇ ਇਸ ਨਾਲ ਕਈ ਤਰ੍ਹਾਂ ਦੀ ਕ੍ਰਾਨਿਕ ਬੀਮਾਰੀਆਂ ਵੀ ਹੋ ਸਕਦੀ ਹੈ। ਸਟੱਡੀ 'ਚ ਯੂ. ਕੇ. ਦੇ 1 ਕਰੋੜ 10 ਲੱਖ ਮਰੀਜ਼ਾਂ ਦੇ ਡੇਟਾ ਦੀ ਜਾਂਚ ਕੀਤੀ ਗਈ ਜਿਸ 'ਚ ਜਨਵਰੀ 1989 ਤੋਂ ਦਸੰਬਰ 2012 ਭਾਵ 23 ਸਾਲ ਦੇ ਪੀਰੀਅਡ ਦੀ ਜਾਂਚ ਹੋਈ। ਇਸ 'ਚ ਲਗਭਗ 28 ਹਜ਼ਾਰ 890 ਮਰੀਜ਼ਾਂ ਨੂੰ ਕੋਲੋਰੈਕਟਲ ਕੈਂਸਰ ਦੀ ਗੱਲ ਸਾਹਮਣੇ ਆਈ।

ਐਂਟੀਬਾਇਓਟਿਕ ਐਕਸਪੋਜ਼ਰ ਨਾਲ ਮਲ ਕੈਂਸਰ ਦਾ ਖਤਰਾ : ਇਨ੍ਹਾਂ ਮੈਡੀਕਲ ਰਿਕਾਰਡਸ ਦੀ ਵਰਤੋਂ ਹਰ ਇੱਕ ਕੇਸ ਹਿਸਟਰੀ ਦੀ ਜਾਂਚ ਕਰਨ ਲਈ ਕੀਤਾ ਗਿਆ ਜਿਸ 'ਚ ਕੋਲੋਨ ਕੈਂਸਰ ਦੇ ਰਿਸਕ ਫ਼ੈਕਟਰਸ ਵਰਗੇ ਮੋਟਾਪੇ ਦਾ, ਸਿਗਰਟਨੋਸ਼ੀ, ਸ਼ਰਾਬ ਦਾ ਸੇਵਨ ਐਂਟੀਬਾਇਓਟਿਕ ਦੇ ਯੂਜ਼ 'ਤੇ ਵੀ ਧਿਆਨ ਦਿੱਤਾ ਗਿਆ। ਖੋਜੀਆਂ ਨੇ ਪਾਇਆ ਕਿ ਜਿਹੜੇ ਲੋਕਾਂ ਨੂੰ ਕੋਲੋਨ ਕੈਂਸਰ ਹੋਇਆ ਉਹ ਐਂਟੀਬਾਇਓਟਿਕਸ ਪ੍ਰਤੀ ਜ਼ਿਆਦਾ ਐਕਸਪੋਜ਼ਡ ਸਨ।

# ਗਠੀਏ ਦੇ ਦਰਦ ਤੋਂ ਹਮੇਸ਼ਾ ਲਈ ਛੁਟਕਾਰਾ ਦਿਵਾਉਣਗੇ ਇਹ ਘਰੇਲੂ ਨੁਸਖੇ

ਅੱਜਕਲ ਲੋਕ ਕਈ ਤਰ੍ਹਾਂ ਦੀਆਂ ਸਿਹਤ ਸਬੰਧੀ ਸਮੱਸਿਆਵਾਂ ਤੋਂ ਪ੍ਰੇਸ਼ਾਨ ਰਹਿੰਦੇ ਹਨ। ਉਨ੍ਹਾਂ 'ਚੋਂ ਇੱਕ ਹੈ ਗਠੀਏ ਦੀ ਸਮੱਸਿਆ। ਇਸ ਸਮੱਸਿਆ ਕਾਰਨ ਵਿਅਕਤੀ ਨੂੰ ਲੰਬੇ ਸਮੇਂ ਤੱਕ ਜੋੜਾਂ ਦਾ ਦਰਦ ਪ੍ਰੇਸ਼ਾਨ ਕਰਦਾ ਹੈ। ਇਸ ਸਮੱਸਿਆ ਦਾ ਸ਼ਿਕਾਰ ਜ਼ਿਆਦਾਤਰ ਬਜ਼ੁਰਗ ਬਣਦੇ ਹਨ ਕਿਉਂਕਿ ਵਧੀ ਉਮਰ 'ਚ ਅਕਸਰ ਲੋਕਾਂ ਨੂੰ ਗਠੀਏ ਦੀ ਸ਼ਿਕਾਇਤ ਹੋਣ ਲੱਗਦੀ ਹੈ। ਇਸ ਦੌਰਾਨ ਸਰੀਰ ਦੀਆਂ ਨਸਾਂ ਸੁੰਗੜਨ ਲੱਗਦੀਆਂ ਹਨ ਅਤੇ ਜੋੜਾਂ 'ਚ ਸੋਜ ਵੀ ਆ ਜਾਂਦੀ ਹੈ।

ਕਿਵੇਂ ਹੁੰਦਾ ਹੈ ਗਠੀਆ ?

ਗਠੀਏ ਹੋਣ ਪਿੱਛੇ ਸਭ ਤੋਂ ਵੱਡਾ ਕਾਰਨ ਸਰੀਰ 'ਚ ਯੂਰਿਕ ਐਸਿਡ ਦਾ ਵਿਗੜਨਾ ਹੈ। ਸਰੀਰ 'ਚ ਯੂਰਿਕ ਐਸਿਡ ਵਧਣ 'ਤੇ ਉਹ ਜੋੜਾਂ 'ਚ ਛੋਟੇ-ਛੋਟੇ ਕ੍ਰਿਸਟਲਾਂ ਦੇ ਰੂਪ 'ਚ ਜੰਮਣਾ ਸ਼ੁਰੂ ਹੋ ਜਾਂਦਾ ਹੈ, ਜਿਸ ਨਾਲ ਜੋੜਾਂ ਦੇ ਦਰਦ ਦੀ ਸਮੱਸਿਆ ਆਉਣੀ ਸ਼ੁਰੂ ਹੋ ਜਾਂਦੀ ਹੈ। ਇਸੇ ਕਾਰਨ ਜੋੜਾਂ 'ਚ ਦਰਦ 'ਤੇ ਸੋਜ ਹੁੰਦੀ ਹੈ।

ਗਠੀਏ ਨਾਲ ਹੀ ਚੱਲਣ-ਫ਼ਿਰਨ 'ਚ ਵੀ ਪ੍ਰੇਸ਼ਾਨੀ ਹੋਣ ਲੱਗਦੀ ਹੈ। ਇਸ ਸਮੱਸਿਆ ਤੋਂ ਰਾਹਤ ਪਾਉਣ ਲਈ ਲੋਕ ਕਈ ਤਰ੍ਹਾਂ ਦੀਆਂ ਦਵਾਈਆਂ ਦੀ ਵਰਤੋਂ ਕਰਦੇ ਹਨ ਪਰ ਫ਼ਿਰ ਵੀ ਕੋਈ ਫ਼ਾਇਦਾ ਨਹੀਂ ਹੁੰਦਾ। ਅਜਿਹੇ 'ਚ ਅੱਜ ਅਸੀਂ ਤੁਹਾਨੂੰ ਖਾਸ ਨੁਸਖੇ ਦੱਸਣ ਜਾ ਰਹੇ ਹਾਂ, ਜੋ ਹਮੇਸ਼ਾ ਲਈ ਇਸ ਰੋਗ ਤੋਂ ਛੁਟਕਾਰਾ ਦਿਵਾਉਣ ਦਾ ਕੰਮ ਕਰਨਗੇ। ਆਓ ਜਾਣਦੇ ਹਾਂ ਇਨ੍ਹਾਂ ਨੁਸਖਿਆਂ ਬਾਰੇ :-



1. ਪਪੀਤੇ ਦੀ ਚਾਹ ਗਠੀਏ ਰੋਗ 'ਚ ਬਹੁਤ ਹੀ ਲਾਭਕਾਰੀ ਹੁੰਦੀ ਹੈ। ਇਸ ਨੂੰ ਰੋਜ਼ਾਨਾ ਪੀਣ ਨਾਲ ਗਠੀਏ ਦੇ ਦਰਦ ਤੋਂ ਵੀ ਰਾਹਤ ਮਿਲਦੀ ਹੈ ਅਤੇ ਹੱਡੀਆਂ ਵੀ ਮਜ਼ਬੂਤ ਹੁੰਦੀਆਂ ਹਨ।
2. ਗਠੀਆ ਹੋਣ ਤੇ ਹਰ ਰੋਜ 4-5 ਲੌਂਗ ਦੀ ਵਰਤੋਂ ਕਰੋ, ਜਿਸ ਨਾਲ ਜੋੜਾ ਦੇ ਦਰਦ ਨੂੰ ਆਰਾਮ ਮਿਲੇਗਾ।
3. ਗਠੀਏ ਦੀ ਸਮੱਸਿਆ ਦੌਰਾਨ ਦਿਨ 'ਚ 10-12 ਚੈਰੀਆਂ ਖਾਣੀਆਂ ਚਾਹੀਦੀਆਂ ਹਨ। ਇਨ੍ਹਾਂ ਨਾਲ ਸਰੀਰ ਨੂੰ ਕਾਫ਼ੀ ਅਰਾਮ ਮਿਲਦਾ ਹੈ।
4. ਇੱਕ ਚਮਚ ਸ਼ਹਿਦ, 4 ਚਮਚ ਸੇਬ ਦਾ ਸਿਰਕਾ ਅਤੇ ਇੱਕ ਗਿਲਾਸ ਪਾਣੀ 'ਚ ਮਿਲਾ ਕੇ ਪੀ ਲਓ। ਇਸ ਤਰ੍ਹਾਂ ਕਰਨ ਨਾਲ ਸਾਨੂੰ ਗਠੀਏ ਦੇ ਦਰਦ ਤੋਂ ਆਰਾਮ ਮਿਲੇਗਾ।
5. ਵੱਧ ਤੋਂ ਵੱਧ ਅੰਗੂਰ ਦੀ ਵਰਤੋਂ ਕਰੋ। ਇਸ ਨਾਲ ਸਰੀਰ 'ਚ ਯੂਰਿਕ ਐਸਿਡ ਦਾ ਜ਼ਹਿਰੀਲਾਪਣ ਖਤਮ ਹੋ ਜਾਵੇਗਾ। ਅੰਗੂਰਾਂ 'ਚ ਵਿਟਾਮਿਨ ਵੀ ਹੁੰਦੇ ਹਨ, ਜੋ ਸਰੀਰ ਨੂੰ ਦਰਦ ਤੋਂ ਆਰਾਮ ਦਿੰਦੇ ਹਨ।
6. ਫ਼ਲੀਆ ਦਾ ਜੂਸ ਬਣਾ ਕੇ ਪੀ ਲਓ। ਤੁਸੀ ਚਾਹੋ ਤਾਂ ਇਸ ਦਾ ਸੂਪ ਵੀ ਬਣਾ ਕੇ ਪੀ ਸਕਦੇ ਹੋ। ਇਸ ਨਾਲ ਜਲਦ ਹੀ ਆਰਾਮ ਮਿਲ ਜਾਂਦਾ ਹੈ।
7. ਕੋਸੇ ਪਾਣੀ 'ਚ ਥੋੜਾ ਜਿਹਾ ਲੂਣ ਪਾ ਲਓ ਤੇ ਉਸ ਨਾਲ ਪੈਰਾਂ ਨੂੰ ਧੋ ਲਓ ਇਸ ਨਾਲ ਵੀ ਦਰਦ ਤੋਂ ਆਰਾਮ ਮਿਲ ਜਾਂਦਾ ਹੈ।

# 'ਗਲੋਅ' ਦੀ ਵਰਤੋਂ ਕਰਨ ਨਾਲ ਕਈ ਰੋਗਾਂ ਤੋਂ ਮਿਲਦਾ ਹੈ ਛੁਟਕਾਰਾ

ਗਲੋਅ ਇੱਕ ਆਯੁਰਵੈਦਿਕ ਬੂਟੀ ਹੈ, ਜੋ ਕਿ ਕਈ ਦਵਾਈਆਂ ਬਣਾਉਣ ਦੇ ਕੰਮ ਆਉਂਦੀ ਹੈ। ਗਲੋਅ 'ਚ ਕਈ ਤਰ੍ਹਾਂ ਦੇ ਔਸ਼ਧੀ ਗੁਣ ਪਾਏ ਜਾਂਦੇ ਹਨ। ਗਲੋਅ ਨੂੰ ਪਾਉਡਰ, ਜੂਸ ਜਾਂ ਕੈਪਸੂਲ ਕਿਸੇ ਵੀ ਰੂਪ 'ਚ ਲਿਆ ਜਾ ਸਕਦਾ ਹੈ ਪਰ ਇਸ ਨੂੰ ਪਾਉਡਰ 'ਚ ਲੈਣਾ ਜ਼ਿਆਦਾ ਲਾਭਕਾਰੀ ਹੈ। ਗਲੋਅ ਦੀ ਵਰਤੋਂ ਕਰਨ ਦੇ ਨਾਲ ਤੁਸੀਂ ਕਈ ਤਰ੍ਹਾਂ ਦੀਆਂ ਬੀਮਾਰੀਆਂ ਨੂੰ ਛੁਟਕਾਰਾ ਪਾ ਸਕਦੇ ਹੋ। ਅੱਜ ਅਸੀਂ ਤੁਹਾਨੂੰ ਗਲੋਅ ਨਾਲ ਹੋਣ ਵਾਲੇ ਫ਼ਾਇਦਿਆਂ ਬਾਰੇ ਹੀ ਦੱਸਣ ਜਾ ਰਹੇ ਹਾਂ।

ਪੇਟ ਦੇ ਰੋਗ ਕਰੇ ਦੂਰ

ਅਸੰਤੁਲਿਤ ਭੋਜ਼ਣ ਖਾਣ ਪੀਣ ਕਾਰਨ ਪੇਟ 'ਚ ਕਈ ਰੋਗ ਜਨਮ ਲੈਂਦੇ ਹਨ। ਗਲੋਅ ਪੇਟ ਦੇ ਰੋਗਾਂ ਅਤੇ ਪੇਟ ਦੇ ਕੀੜਿਆਂ ਨੂੰ ਖਤਮ ਕਰਨ ਦੇ ਨਾਲ ਮੋਟਾਪੇ ਨੂੰ ਵੀ ਦੂਰ ਕਰਦੀ ਹੈ। ਗਲੋਅ ਦੀ ਵਰਤੋਂ ਨਾਲ ਕਬਜ਼ ਅਤੇ ਬਦਹਜ਼ਮੀ ਵੀ ਠੀਕ ਹੋ ਜਾਂਦੀ ਹੈ।

ਡਾਇਬਟੀਜ਼ ਲਈ ਫ਼ਾਇਦੇਮੰਦ

ਡਾਇਬਟੀਜ਼ ਵਰਗੀ ਬੀਮਾਰੀ ਨੂੰ ਵੀ ਠੀਕ ਕਰਨ 'ਚ ਗਲੋਅ ਕਾਫ਼ੀ ਲਾਹੇਵੰਦ ਹੁੰਦੀ ਹੈ। ਇਸ 'ਚ ਸ਼ੂਗਰ ਘਟਾਉਣ ਵਾਲੇ ਗੁਣ ਪਾਏ ਜਾਦੇ ਹਨ। ਗਲੋਅ ਦਾ ਜੂਸ ਰੋਜ਼ਾਨਾ ਪੀਣ ਨਾਲ ਟਾਇਪ-2 ਦੇ ਮਰੀਜ਼ ਠੀਕ ਹੋ ਜਾਂਦੇ ਹਨ।

ਅੱਖਾਂ ਦੀ ਰੌਸ਼ਨੀ ਵਧਾਏ

ਗਲੋਅ ਦਾ ਜੂਸ ਪੀਣ ਨਾਲ ਅੱਖਾਂ ਦੀ ਰੌਸ਼ਨੀ ਵੱਧਦੀ ਹੈ। ਇਸ ਨੂੰ ਪਾਣੀ 'ਚ ਉਬਾਲ ਕੇ ਅੱਖਾਂ 'ਤੇ ਲਗਾਉਣ ਨਾਲ ਅੱਖਾਂ ਦੇ ਰੋਗ ਠੀਕ ਹੋ ਜਾਂਦੇ ਹਨ। ਜੇਕਰ ਇਸ ਦੀ ਵਰਤੋਂ ਰੋਜ਼ਾਨਾ ਕੀਤੀ ਜਾਵੇ ਤਾਂ ਇਸ ਨਾਲ ਚਸ਼ਮਾ ਵੀ ਉਤਰ ਜਾਂਦਾ ਹੈ।

ਪੀਲੀਏ ਤੋਂ ਦੇਵੇ ਨਿਜਾਤ

ਪੀਲੀਆ ਹੋਣ 'ਤੇ ਗਲੋਅ ਦੀ ਵਰਤੋਂ ਕਰਨ ਦੇ ਨਾਲ ਕਾਫ਼ੀ ਫ਼ਾਇਦੇ ਮਿਲਦੇ ਹਨ। ਗਲੋਅ 'ਚ ਕਾਲੀ ਮਿਰਚ, ਸ਼ਹਿਦ ਅਤੇ ਤ੍ਰਿਫ਼ਲਾ ਦੇ ਪਾਉਡਰ ਨੂੰ ਮਿਲਾ ਕੇ ਪੀਣ ਨਾਲ ਪੀਲੀਏ ਦੇ ਰੋਗ ਤੋਂ ਛੁਟਕਾਰਾ ਮਿਲਦਾ ਹੈ।

ਖਾਂਸੀ, ਜ਼ੁਕਾਮ ਅਤੇ ਬੁਖਾਰ ਤੋਂ ਦੇਵੇ ਨਿਜਾਤ

ਗਲੋਅ ਸਰੀਰ 'ਚ ਰੋਗਾਂ ਨਾਲ ਲੜਨ ਦੀ ਸ਼ਕਤੀ ਨੂੰ ਵਧਾਉਂਦਾ ਹੈ। ਗਲੋਅ ਦਾ ਪਾਣੀ ਪੀਣ ਨਾਲ ਖਾਂਸੀ, ਜ਼ੁਕਾਮ, ਬੁਖਾਰ ਅਤੇ ਹੋਰ ਬੀਮਾਰੀਆਂ ਨਿਜਾਤ ਮਿਲਦਾ ਹੈ।

ਖੂਨ ਨੂੰ ਕਰੇ ਸਾਫ਼

ਗਲੋਅ ਸਰੀਰ 'ਚੋਂ ਖੂਨ ਨੂੰ ਸਾਫ਼ ਕਰਨ 'ਚ ਕਾਫ਼ੀ ਲਾਹੇਵੰਦ ਹੁੰਦੀ ਹੈ। ਇਸ ਦੇ ਨਾਲ ਹੀ ਇਹ ਗੁਰਦੇ 'ਚੋਂ ਨੁਕਸਾਨਦੇਹ ਤੱਤਾਂ ਨੂੰ ਬਾਹਰ ਕੱਢਦੀ ਹੈ।

ਇਨ੍ਹਾਂ ਹਾਲਾਤ 'ਚ ਨਾ ਕਰੋ ਗਲੋਅ ਦਾ ਸੇਵਨ

ਜੇਕਰ ਤੁਸੀਂ ਸ਼ੂਗਰ ਦੀ ਦਵਾਈ ਖਾ ਰਹੇ ਹੋ ਤਾਂ ਇਸ ਦਾ ਸੇਵਨ ਨਹੀਂ ਕਰਨਾ ਚਾਹੀਦਾ। ਦਵਾਈ ਜਾਂ ਫ਼ਿਰ ਗਲੋਅ ਦੋਹਾਂ 'ਚੋਂ ਇੱਕ ਦਾ ਸੇਵਨ ਕਰਨਾ ਚਾਹੀਦਾ ਹੈ। ਗਰਭਵਤੀ ਔਰਤ ਅਤੇ ਬੱਚੇ ਨੂੰ ਦੁੱਧ ਦੇਣ ਵਾਲੀ ਔਰਤ ਇਸ ਦਾ ਸੇਵਨ ਨਾ ਕਰੇ। ਬਲੱਡ ਪ੍ਰੈਸ਼ਰ ਘੱਟ ਹੋਣ 'ਤੇ ਇਸ ਦਾ ਸੇਵਨ ਕਰਨ ਤੋਂ ਬਚਣਾ ਚਾਹੀਦਾ ਹੈ। ਸਰਜਰੀ ਜਾਂ ਆਪ੍ਰੇਸ਼ਨ ਹੋਣ 'ਤੇ ਗਲੋਅ ਦੀ ਦੀ ਵਰਤੋ ਬੰਦ ਕਰ ਦੇਣੀ ਚਾਹੀਦੀ ਹੈ। ਇਸ ਤੋਂ ਇਲਾਵਾ ਪ ਸਾਲ ਤੋਂ ਹੇਠਾਂ ਦੇ ਬੱਚਿਆਂ ਨੂੰ ਗਲੋਅ ਦੀ ਵਰਤੋਂ ਨਹੀਂ ਕਰਨੀ ਚਾਹੀਦੀ।



# ਯਿਸੂ ਵਲੋਂ ਯੂਨਾਨੀ ਭਾਸ਼ਾ ਸਿੱਖਣਾ

**ਈਸਾਈ ਧਰਮ ਦੇ ਬਾਨੀ ਯਿਸੂ ਮਸੀਹ ਦੇ ਬਚਪਨ ਦੇ ਉਹ ਅਦਭੁੱਤ 18 ਸਾਲ, ਜਿਨ੍ਹਾਂ ਦੇ ਵੇਰਵੇ ਪਵਿੱਤਰ ਬਾਈਬਲ ਵਿਚ ਨਹੀਂ ਮਿਲਦੇ।**

*(ਆਧਾਰ/ਸਰੋਤ - ਇੰਗਲੈਂਡ ਦੇ 'ਬਾਈਬਲ ਡੌਟ ਔਰਗ ਡੌਟ ਯੂ.ਕੇ.' ਵੱਲੋਂ ਪ੍ਰਕਾਸ਼ਿਤ 1,262 ਪੰਨਿਆਂ ਦੀ ਵਿਸ਼ਵ ਪ੍ਰਸਿੱਧ ਪੁਸਤਕ 'ਯੂਰੈਂਸ਼ੀਆ', ਜੋ ਪਹਿਲੀ ਵਾਰ 1925 ਤੋਂ ਲੈ ਕੇ 1955 ਦੌਰਾਨ ਕਿਸੇ ਵੇਲੇ ਅਮਰੀਕੀ ਸੂਬੇ ਇਲੀਨੋਇ ਦੇ ਸ਼ਹਿਰ ਸ਼ਿਕਾਗੋ 'ਚ ਸਾਹਮਣੇ ਆਈ ਸੀ)*

ਉਂਝ ਤਾਂ ਬਾਲ ਯਿਸੂ ਦੀ ਸਿਹਤ ਬਿਲਕੁਲ ਠੀਕ ਸੀ ਪਰ ਉਨ੍ਹਾਂ ਦੀ ਉਮਰ ਦੇ ਪੰਜਵੇਂ ਸਾਲ ਦੇ ਅੰਤ ਵਿਚ ਉਨ੍ਹਾਂ ਨੂੰ ਪਾਚਨ ਕਿਰਿਆ ਵਿਚ ਮਾਮੂਲੀ ਖ਼ਰਾਬੀ ਦਾ ਸਾਹਮਣਾ ਜ਼ਰੂਰ ਕਰਨਾ ਪਿਆ ਸੀ ਪਰ ਛੇਤੀ ਹੀ ਉਹ ਠੀਕ ਹੋ ਗਏ ਸਨ (ਯੂਰੈਂਸ਼ੀਆ 123:2.15)

ਮਾਂ ਮਰੀਅਮ ਨੇ ਯਿਸੂ ਨੂੰ ਇਜ਼ਰਾਇਲ ਦੇ ਗਲੀਲ ਖੇਤਰ ਵਿਚ ਬੋਲੀ ਜਾਣ ਵਾਲੀ ਅਰਾਮੀ ਭਾਸ਼ਾ ਤਾਂ ਪਹਿਲਾਂ ਹੀ ਸਿਖਾ ਦਿੱਤੀ ਸੀ ਅਤੇ ਹੁਣ ਉਹ ਆਪਣੇ ਜੀਵਨ ਦੇ ਛੇਵੇਂ ਵਰ੍ਹੇ 'ਚ ਆਪਣੇ ਦੁਨਿਆਵੀ ਪਿਤਾ ਯੂਸਫ਼ ਤੋਂ ਯੂਨਾਨੀ ਭਾਸ਼ਾ ਸਿੱਖਣ ਲੱਗੇ ਸਨ। ਮਾਂ ਮਰੀਅਮ ਨੂੰ ਯੂਨਾਨੀ ਭਾਸ਼ਾ ਬਹੁਤੀ ਨਹੀਂ ਆਉਂਦੀ ਸੀ ਪਰ ਪਿਤਾ ਯੂਸਫ਼ ਯੂਨਾਨੀ ਤੇ ਅਰਾਮੀ ਦੋਵੇਂ ਭਾਸ਼ਾਵਾਂ ਬਾਖ਼ੂਬੀ ਜਾਣਦੇ ਸਨ। ਉਨ੍ਹੀਂ ਦਿਨੀਂ ਜਦੋਂ ਕਿਸੇ ਨੇ ਯੂਨਾਨੀ ਭਾਸ਼ਾ ਦਾ ਵਿਸਤ੍ਰਿਤ ਅਧਿਐਨ ਕਰਨਾ ਹੁੰਦਾ ਸੀ, ਤਾਂ ਉਸ ਲਈ ਕੇਵਲ ਇੱਕੋ-ਇਕ ਪਾਠ-ਪੁਸਤਕ ਹਿਬਰੂ ਧਰਮ-ਗ੍ਰੰਥ ਹੀ ਹੁੰਦੇ ਸਨ, ਜਿਨ੍ਹਾਂ ਵਿਚ ਉਸ ਵੇਲੇ ਦੇ ਕਾਨੂੰਨ ਦੀਆਂ ਕਾਪੀਆਂ ਹੁੰਦੀਆਂ ਸਨ ਅਤੇ ਸਾਰੇ ਨਬੀਆਂ ਭਾਵ ਭਵਿੱਖਬਾਣੀਆਂ ਕਰਨ ਵਾਲਿਆਂ ਦੇ ਵੇਰਵੇ ਵੀ ਉਨ੍ਹਾਂ ਹੀ ਗ੍ਰੰਥਾਂ ਵਿੱਚੋਂ ਹੀ ਮਿਲਦੇ ਸਨ। ਉਨ੍ਹਾਂ ਹੀ ਗ੍ਰੰਥਾਂ ਵਿੱਚੋਂ ਇਕ 'ਜ਼ਬੂਰਾਂ ਦੀ ਪੋਥੀ' (ਹਿੰਦੀ ਵਿਚ 'ਭਜਨ ਸਹਿੰਤਾ' ਜਾਂ ਅੰਗਰੇਜ਼ੀ ਵਿਚ 'ਸਾਮਜ਼') ਵੀ ਸੀ। ਇਹ ਸਾਰੇ ਗ੍ਰੰਥ ਪਿਤਾ ਯੂਸਫ਼ ਤੇ ਮਾਂ ਮਰੀਅਮ ਕੋਲ, ਜੋ ਉਨ੍ਹਾਂ ਨੂੰ ਅਲੈਕਸਾਂਦਰੀਆ ਦੇ ਜਾਣਕਾਰਾਂ ਨੇ ਉਦੋਂ ਭੇਟ ਕੀਤੇ ਸਨ ਜਦੋਂ ਉਹ ਬਾਲ ਯਿਸੂ ਨਾਲ ਮਿਸਰ ਛੱਡ ਕੇ ਨਾਸਰਤ ਵੱਲ ਆਉਣ ਲੱਗੇ ਸਨ। ਸਮੁੱਚੇ ਨਾਸਰਤ ਨਗਰ ਵਿਚ ਤਦ ਇਨ੍ਹਾਂ ਧਰਮ-ਗ੍ਰੰਥਾਂ ਦੀਆਂ ਕੇਵਲ ਦੋ ਹੀ ਕਾਪੀਆਂ ਸਨ ਅਤੇ ਉਨ੍ਹਾਂ ਵਿੱਚੋਂ ਇਹ ਇਕ ਕਾਪੀ ਯਿਸੂ ਦੇ ਪਰਿਵਾਰ ਕੋਲ਼ ਸੀ। ਇਸੇ ਲਈ ਬਹੁਤ ਸਾਰੇ ਲੋਕ ਉਨ੍ਹਾਂ ਧਰਮ-ਗ੍ਰੰਥਾਂ ਦੇ ਦਰਸ਼ਨ ਕਰਨ ਅਤੇ ਉਨ੍ਹਾਂ ਬਾਰੇ ਹੋਰ ਜਾਣਕਾਰੀ ਲੈਣ ਲਈ ਰੋਜ਼ਾਨਾ ਆਉਂਦੇ ਰਹਿੰਦੇ ਸਨ ਅਤੇ ਉੱਥੇ ਕਈ ਵਾਰ ਤਾਂ ਵੱਡੀਆਂ ਭੀੜਾਂ ਵੀ ਲੱਗ ਜਾਂਦੀਆਂ ਸਨ। ਇਸੇ ਲਈ ਬਾਲ ਯਿਸੂ ਨੂੰ ਅਜਿਹੇ ਬਹੁਤ ਸਾਰੇ ਅਣਗਿਣਤ ਅਕਲਮੰਦ ਧਾਰਮਿਕ ਲੋਕਾਂ ਨਾਲ ਗੱਲਬਾਤ ਤੇ ਵਿਚਾਰ-ਵਟਾਂਦਰਾ ਕਰਨ ਦਾ ਮੌਕਾ ਮਿਲਦਾ ਰਹਿੰਦਾ ਸੀ। ਯਿਸੂ ਨੂੰ ਉਨ੍ਹਾਂ ਦੇ ਛੇਵੇਂ ਸਾਲ ਵਿਚ ਇਹ ਧਰਮ-ਗ੍ਰੰਥ ਦੇ ਦਿੱਤੇ ਗਏ ਸਨ ਅਤੇ ਉਨ੍ਹਾਂ ਨੇ ਉਹ ਸਾਰੇ ਕੁਝ ਹੀ ਸਮੇਂ ਵਿਚ ਪੜ੍ਹ, ਸਮਝ ਤੇ ਯਾਦ ਕਰ ਲਏ ਸਨ (ਯੂਰੈਂਸ਼ੀਆ 123:3.1)

ਸਿਰਫ਼ ਛੇ ਸਾਲਾਂ ਦੇ ਬਾਲ ਯਿਸੂ ਨੂੰ ਪਹਿਲਾ ਦੁਨਿਆਵੀ ਝਟਕਾ ਤਦ ਲੱਗਾ ਸੀ, ਜਦੋਂ ਇਕ ਦਿਨ ਇਜ਼ਰਾਇਲ 'ਚ ਭੂਚਾਲ ਦਾ ਮਾਮੂਲੀ ਜਿਹਾ ਝਟਕਾ ਆਇਆ। ਯਿਸੂ ਨੇ ਆਪਣੇ ਦੁਨਿਆਵੀ ਮਾਤਾ-ਪਿਤਾ ਤੋਂ ਧਰਤੀ ਦੇ ਉਸ ਝਟਕੇ ਦਾ ਕਾਰਨ ਪੁੱਛਿਆ ਪਰ ਉਨ੍ਹਾਂ ਦੋਵਾਂ ਨੂੰ ਉਸ ਦਾ ਕੋਈ ਕਾਰਨ ਪਤਾ ਨਾ ਹੋਣ ਦੀ ਅਸਮਰੱਥਾ ਪ੍ਰਗਟਾਈ। ਤਦ ਪਹਿਲੀ ਵਾਰ ਯਿਸੂ ਨੂੰ ਪਤਾ ਲੱਗਾ ਕਿ ਇਨ੍ਹਾਂ ਦੁਨਿਆਵੀ ਮਾਪਿਆਂ ਨੂੰ 'ਸਭ ਕੁਝ' ਦੀ ਜਾਣਕਾਰੀ ਨਹੀਂ ਹੈ (ਯੂਰੈਂਸ਼ੀਆ 123 : 3.2)



ਪਿਤਾ ਯੂਸਫ਼ ਨੇ ਪਹਿਲਾਂ ਸੋਚਿਆ ਕਿ ਉਹ ਯਿਸੂ ਨੂੰ ਜਵਾਬ ਵਿਚ ਕਹਿਣ ਕਿ ਭੂਚਾਲ ਦਾ ਇਹ ਝਟਕਾ ਯਹੋਵਾ (ਭਾਵ ਪਰਮੇਸ਼ਵਰ) ਨੇ ਦਿੱਤਾ ਹੈ ਪਰ ਇਹ ਸੋਚ ਕੇ ਉਨ੍ਹਾਂ ਕੋਈ ਜਵਾਬ ਨਹੀਂ ਦਿੱਤਾ ਕਿਉਂਕਿ ਉਨ੍ਹਾਂ ਨੂੰ ਲੱਗਦਾ ਸੀ ਕਿ ਇਹ ਬਾਲ ਯਿਸੂ ਫਿਰ ਅੱਗੇ ਹੋਰ ਪ੍ਰਸ਼ਨ ਪੁੱਛਣਗੇ, ਤਾਂ ਫਿਰ ਉਨ੍ਹਾਂ ਨੂੰ ਕੁਝ ਜਵਾਬ ਦੇਣੇ ਪੈਣਗੇ, ਜੋ ਉਨ੍ਹਾਂ ਲਈ ਕੁਝ ਔਖਾ ਹੋ ਸਕਦਾ ਹੈ। ਕਿਉਂਕਿ ਉਹ ਉੱਤਰ ਵਿਚ ਇਹ ਵੀ ਆਖ ਸਕਦੇ ਸਨ ਕਿ ਭੂਚਾਲ ਦਾ ਇਹ ਝਟਕਾ ਸ਼ੈਤਾਨ ਕਾਰਨ ਆਇਆ ਹੈ। ਉਨ੍ਹੀਂ ਦਿਨੀਂ ਯਹੂਦੀ ਲੋਕ ਚੰਗੀਆਂ ਆਤਮਾਵਾਂ ਤੇ ਬੁਰੀਆਂ ਆਤਮਾਵਾਂ ਦੇ ਸਿਧਾਂਤ ਵਿਚ ਯਕੀਨ ਰੱਖਦੇ ਸਨ ਅਤੇ ਬਾਲ ਯਿਸੂ ਵੀ ਤਦ ਇਸ ਸਿਧਾਂਤ ਨੂੰ ਮੰਨਦੇ ਸਨ ਪਰ ਅਜਿਹੀਆਂ ਸਾਰੀਆਂ ਗੱਲਾਂ ਨੂੰ ਲੈ ਕੇ ਉਨ੍ਹਾਂ ਦੇ ਮਨ ਵਿਚ ਬਹੁਤ ਸ਼ੱਕ ਪੈਦਾ ਹੋਣ ਲੱਗੇ ਸਨ ਕਿ ਅਜਿਹੇ ਕੁਝ ਅਣਵੇਖੇ ਪ੍ਰਭਾਵ ਹੀ ਇਸ ਕੁਦਰਤੀ ਵਿਸ਼ਵ ਦੀਆਂ ਭੌਤਿਕ ਘਟਨਾਵਾਂ ਦੇ ਵਾਪਰਨ ਲਈ ਜ਼ਿੰਮੇਵਾਰ ਹਨ ਜਾਂ ਨਹੀਂ (ਯੂਰੈਂਸ਼ੀਆ 123 : 3.3)

*ਅਨੁਵਾਦ -**ਮਹਿਤਾਬ-ਉਦ-ਦੀਨ***

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਲੱਖਣਤਾ

ਸੰਸਾਰ ਵਿਚ ਜਿੰਨੇ ਵੀ ਮੁੱਖ ਧਰਮ ਹਨ ਉਨ੍ਹਾਂ ਦਾ ਆਪੋ-ਆਪਣਾ ਧਰਮ ਗ੍ਰੰਥ ਹੈ। ਇਨ੍ਹਾਂ ਗ੍ਰੰਥਾਂ ਉੱਤੇ ਉਸ ਧਰਮ ਦੇ ਸਿਧਾਂਤ ਤੇ ਨਿਯਮ ਆਦਿ ਆਧਾਰਤ ਹੁੰਦੇ ਹਨ। ਸਿੱਖ ਧਰਮ ਦਾ ਮੂਲ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਕਈ ਵਿਸ਼ੇਸ਼ਤਾਈਆਂ ਕਾਰਨ ਦੂਜੇ ਧਰਮ ਗ੍ਰੰਥਾਂ ਨਾਲੋਂ ਵਿਲੱਖਣ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਇੱਕੋ-ਇਕ ਧਰਮ ਗ੍ਰੰਥ ਹੈ ਜਿਸ ਨੂੰ ਗੁਰੂ ਸਾਹਿਬਾਨ ਨੇ ਆਪ ਤਿਆਰ ਕਰਵਾਇਆ ਹੈ। ਗੁਰੂ ਗ੍ਰੰਥ ਸਾਹਿਬ ਜੀ ਨੂੰ ਉਸੇ ਮੂਲ ਰੂਪ ਵਿਚ ਕਾਇਮ ਰੱਖਿਆ ਗਿਆ ਹੈ। ਇਸ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਇਕ ਅਜਿਹਾ ਪ੍ਰਮਾਣਿਕ ਗ੍ਰੰਥ ਹੈ ਜਿਸ ਵਿਚ ਗੁਰੂ ਸਾਹਿਬਾਨ ਅਤੇ ਹੋਰ ਭਗਤ ਸਾਹਿਬਾਨ ਦੀ ਬਾਣੀ ਸ਼ੁਧ ਰੂਪ ਵਿਚ ਦਰਜ ਹੈ। ਇਹ ਪੂਰਨ ਗੁਰੂਆਂ ਦੀ ਪੂਰਨ ਕ੍ਰਿਤ ਹੈ। ਇਸ ਬਾਰੇ ਭਾਈ ਗੁਰਦਾਸ ਜੀ ਨੇ ਲਿਖਿਆ ਹੈ:

ਪੂਰਾ ਸਤਿਗੁਰ ਜਾਣੀਐ ਪੂਰੇ ਪੂਰਾ ਠਾਟੁ ਬਣਾਇਆ।
ਪੂਰੇ ਪੂਰਾ ਤੋਲੁ ਹੈ ਘਟੈ ਨ ਵਧੈ ਘਟਾਇ ਵਧਾਇਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ 6 ਗੁਰੂ ਸਾਹਿਬਾਨ, 15 ਭਗਤ, 11 ਭੱਟ, ਅਤੇ ਹੋਰ ਗੁਰਸਿੱਖਾਂ ਦੀ ਬਾਣੀ ਦਰਜ ਹੈ। ਇਸ ਦੇ 1430 ਪੰਨੇ ਹਨ। ਇਸ ਦੀ ਬਾਣੀ ਰਾਗਾਂ ਵਿਚ ਹੈ। ਇਸ ਪਵਿੱਤਰ ਗ੍ਰੰਥ ਦਾ ਸੰਪਾਦਨ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਕੀਤਾ। ਇਸ ਵਿਚ ਆਪਣੇ ਸਮੇਤ 5 ਗੁਰੂ ਸਾਹਿਬਾਨ ਦੀ ਬਾਣੀ ਦਰਜ ਕੀਤੀ। ਹਿੰਦੁਸਤਾਨ ਦੇ ਉਨਾਂ ਸੰਤਾਂ ਭਗਤਾਂ ਦੀ ਬਾਣੀ ਵੀ ਸ਼ਾਮਲ ਕੀਤੀ ਗਈ ਜਿਨ੍ਹਾਂ ਦੀ ਬਾਣੀ ਦਾ ਸਿਧਾਂਤ ਅਤੇ ਪੱਧਰ ਗੁਰਬਾਣੀ ਨਾਲ ਮਿਲਦਾ ਜੁਲਦਾ ਸੀ। ਇਨਾਂ ਦੀ ਬਾਣੀ ਵਿਚ ਵੀ ਨਿਰੰਕਾਰ ਦੀ ਪੂਜਾ ਅਤੇ ਸਮਾਜਿਕ ਬਰਾਬਰੀ ਦਾ ਉਪਦੇਸ਼ ਦਿੱਤਾ ਗਿਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਭਾਦੋਂ ਸੁਦੀ ਏਕਮ ਸੰਮਤ 1661 ਬਿਕ੍ਰਮੀ ਨੂੰ ਕੀਤਾ ਗਿਆ।

ਗੁਰੂ ਅਰਜਨ ਦੇਵ ਜੀ ਨੇ ਸ੍ਰੀ ਅੰਮ੍ਰਿਤਸਰ ਦੇ ਸਰੋਵਰ ਵਿਚਕਾਰ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਕਰਵਾਈ। ਇਹ ਸੁੰਦਰ ਭਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਉਪਰੰਤ ਹਰਿ ਮੰਦਰ ਵਜੋਂ ਜਗ ਅੰਦਰ ਜਾਣਿਆ ਗਿਆ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਕਰਨ ਦੀ ਤੇ ਸੁਖਾਸਣ ਕਰਨ ਦੀ ਮਰਯਾਦਾ ਬੰਨੀ। ਬ੍ਰਹਮ ਗਿਆਨੀ ਗੁਰਸਿੱਖ ਬਾਬਾ ਬੁੱਢਾ ਜੀ ਨੂੰ ਪਹਿਲੇ ਗ੍ਰੰਥੀ ਥਾਪਿਆ ਗਿਆ।

ਗੁਰਮਤਿ ਵਿਚ ਗੁਰਬਾਣੀ ਦਾ ਬਹੁਤ ਉੱਚਾ ਮਹੱਤਵ ਮੰਨਿਆ ਗਿਆ। ਪਹਿਲੇ ਗੁਰੂ ਸਾਹਿਬਾਨ ਦੀ ਬਾਣੀ ਵਿਚ ਸ਼ਬਦ ਨੂੰ ਹੀ ਗੁਰੂ ਕਿਹਾ ਗਿਆ ਹੈ। ਇਸ ਤਰ੍ਹਾਂ ਦਾ ਅਦਬ-ਸਤਿਕਾਰ ਕਿਸੇ ਧਰਮ ਵਿਚ ਕਿਸੇ ਗ੍ਰੰਥ ਨੂੰ ਨਹੀਂ ਦਿੱਤਾ ਗਿਆ। ਇਹ ਗੁਰਮਤਿ ਹੀ ਹੈ ਜਿਸ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਪਰਮਾਤਮਾ ਦਾ ਰੂਪ ਮੰਨਿਆ ਗਿਆ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਬਾਣੀ ਵਿਚ ਪੋਥੀ ਨੂੰ ਪਰਮੇਸ਼ਰ ਦੀ ਥਾਂ ਕਿਹਾ ਗਿਆ ਹੈ :

ਪੋਥੀ ਪਰਮੇਸਰ ਕਾ ਥਾਨੁ॥
ਸਾਧਸੰਗਿ ਗਾਵਹਿ ਗੁਣ ਗੋਬਿੰਦ ਪੂਰਨ ਬ੍ਰਹਮ ਗਿਆਨੁ॥

ਗੁਰੂ ਅਰਜਨ ਦੇਵ ਜੀ ਨੇ ਸਾਰੀ ਬਾਣੀ ਦਾ ਆਪ ਸੰਪਾਦਨ ਕੀਤਾ ਹੈ। ਗੁਰਬਾਣੀ ਦੀ ਰਾਗਾਂ ਅਨੁਸਾਰ ਵੰਡ ਕੀਤੀ ਗਈ ਹੈ। ਰਾਗਾਂ ਵਿਚ ਗੁਰੂ ਸਾਹਿਬਾਨ ਅਤੇ ਸਭ ਭਗਤ ਸਾਹਿਬਾਨ ਦੀ ਬਾਣੀ ਵੱਖਰੇ ਸਿਰਲੇਖਾਂ ਹੇਠ ਤਰਤੀਬਵਾਰ ਦਰਜ ਕੀਤੀ ਗਈ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਵਿਚ ਸ਼ਬਦ ਗੁਰੂ ਦਾ ਮਹੱਤਵ ਸਭ ਤੋਂ ਉੱਪਰ ਮੰਨਿਆ ਗਿਆ ਹੈ। ਸਾਰੇ ਗੁਰੂ ਸਾਹਿਬਾਨ ਦੀ ਬਾਣੀ ਇਸ ਦੀ ਪੁਸ਼ਟੀ ਕਰਦੀ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਦੀ ਜੋ ਪਰੰਪਰਾ ਕਾਇਮ ਕੀਤੀ ਉਹ ਅੱਜ ਵੀ ਸ੍ਰੀ ਹਰਿਮੰਦਰ ਸਾਹਿਬ ਵਿਚ ਉਸੇ ਤਰਾਂ ਕਾਇਮ ਹੈ। ਅੰਮ੍ਰਿਤ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਵੇਲੇ ਤੇ ਸ਼ਾਮ ਨੂੰ ਸੁਖਾਸਣ ਸਮੇਂ ਸੰਗਤਾਂ ਜੁੜਦੀਆਂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਹੁਕਮ ਸੰਗਤਾਂ ਵੱਲੋਂ ਪੂਰੇ ਧਿਆਨ ਨਾਲ ਸ੍ਰਵਣ ਕੀਤਾ ਜਾਂਦਾ ਹੈ। ਸੰਗਤਾਂ ਦਾ ਇਹ ਉਮਾਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਲੌਕਿਕਤਾ ਦਾ ਪ੍ਰਤੱਖ ਪ੍ਰਮਾਣ ਹੈ ਜੋ ਬੇਮਿਸਾਲ ਹੈ। ਇਸ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਗੁਰੂ ਸਾਹਿਬਾਨ ਦੇ ਸਮੇਂ ਤੋਂ ਹੀ ਸਿੱਖਾਂ ਦੀ ਸ਼ਰਧਾ ਤੇ ਸਤਿਕਾਰ ਦਾ ਕੇਂਦਰ ਰਿਹਾ ਹੈ। ਗੁਰੂ ਸਾਹਿਬ ਨੇ ਵੀ ਸ਼ਬਦ-ਗੁਰੂ ਦੀ ਸ੍ਰੇਸ਼ਟਤਾ ਨੂੰ ਸਵੀਕਾਰ ਕੀਤਾ ਹੈ:

ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ॥
ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1706 ਈ: ਵਿਚ ਸ੍ਰੀ ਦਮਦਮਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਵਾਂ ਸਰੂਪ ਤਿਆਰ ਕਰਵਾਇਆ। ਇਸ ਦੇ ਲਿਖਾਰੀ ਭਾਈ ਮਨੀ ਸਿੰਘ ਜੀ ਸਨ। ਗੁਰੂ ਜੀ ਨੇ ਇਸ ਦੇ ਮੂਲ ਪ੍ਰਬੰਧ ਵਿਚ ਤੇ ਗੁਰਬਾਣੀ ਵਿਚ ਕੋਈ ਤਬਦੀਲੀ ਨਹੀਂ ਕੀਤੀ। ਉਨਾਂ ਨੇ ਇਸ ਵਿਚ ਸਿਰਫ ਵਾਧਾ ਕੀਤਾ ਹੈ। ਆਪਣੇ ਪਿਤਾ ਨੌਵੇਂ ਗੁਰੂ, ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਜੋ ਉਨ੍ਹਾਂ ਕੋਲ ਮੌਜੂਦ ਸੀ ਉਸ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਲ ਕਰ ਦਿੱਤਾ। ਆਪਣੇ ਜੋਤੀ ਜੋਤ ਸਮਾਉਣ ਤੋਂ ਪਹਿਲਾਂ ਉਨਾਂ ਨੇ ਨਾਂਦੇੜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗੁਰੂ ਥਾਪ ਦਿੱਤਾ। ਉਨਾਂ ਨੇ ਆਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ ਤੇ ਖਾਲਸੇ ਨੂੰ ਬਚਨ ਕੀਤਾ ਕਿ ਅੱਜ ਤੋਂ ਤੁਹਾਡਾ ਗੁਰੂ ਗ੍ਰੰਥ ਸਾਹਿਬ ਹੋਇਆ। ਇਸ ਤਰਾਂ ਉਨ੍ਹਾਂ ਨੇ ਅੱਗੋਂ ਸਰੀਰਕ ਰੂਪ ਵਿਚ ਗੁਰਗੱਦੀ ਦੀ ਪਰੰਪਰਾ ਨੂੰ ਸਮਾਪਤ ਕਰ ਦਿੱਤਾ ਅਤੇ ਸ੍ਰੀ ਗੁਰੂ ਨਾਨਕ ਪਾਤਸ਼ਾਹ ਵੱਲੋਂ ਬਖਸ਼ੇ 'ਸ਼ਬਦ ਗੁਰੂ' ਦੇ ਸਿਧਾਂਤ ਨੂੰ ਅਮਲੀ ਜਾਮਾ ਪਹਿਨਾ ਦਿੱਤਾ :

ਅਕਾਲ ਪੁਰਖ ਕੇ ਬਚਨ ਸਿਉਂ, ਪ੍ਰਗਟ ਚਲਾਯੋ ਪੰਥ॥
ਸਭ ਸਿੱਖਨ ਕੋ ਹੁਕਮ ਹੈ, ਗੁਰੂ ਮਾਨਿਓ ਗ੍ਰੰਥ॥

ਸ੍ਰੀ ਗੁਰੂ ਗ੍ਰੰਥ ਸਾਹਿਬ ਆਪਣੀ ਸੰਰਚਨਾ ਅਤੇ ਪਦਵੀ ਕਰਕੇ ਤਾਂ ਵਿਲੱਖਣ ਹੈ ਹੀ ਇਸਦਾ ਵਿਸ਼ੇ ਵਸਤੂ ਵੀ ਦੂਜੇ ਧਰਮ ਗ੍ਰੰਥ ਤੋਂ ਨਿਆਰਾ ਹੈ। ਇਸ ਵਿਚ ਪਰਮਾਤਮਾ ਨੂੰ ਨਿਰੰਕਾਰ ਅਤੇ ਸਰਬ-ਵਿਆਪਕ ਮੰਨਿਆ ਗਿਆ। ਉਹ ਕੁਦਰਤ ਵਿਚ ਓਤਪੋਤ ਹੈ। ਉਹ ਦੂਰ-ਦੁਰਾਡੇ ਨਹੀਂ, ਸਦਾ ਮਨੁੱਖ ਦੇ ਅੰਗ-ਸੰਗ ਹੈ। ਉਹ ਕਿਤੇ ਬਾਹਰ ਨਹੀਂ, ਉਸ ਦੇ ਅੰਦਰ ਹੀ ਹੈ। ਉਸ ਨੂੰ ਪ੍ਰਸੰਨ ਕਰਨ ਦੀ ਲੋੜ ਨਹੀਂ ਉਸ ਦੀ ਪਛਾਣ ਹੀ ਕਰਨੀ ਹੈ। ਉਸ ਦੀ ਪ੍ਰਾਪਤੀ ਲਈ ਬਾਹਰੀ ਕਰਮ-ਕਾਂਡ ਤੇ ਭੇਖਾਂ ਦੀ ਕੋਈ ਲੋੜ ਨਹੀਂ। ਸਭਨਾਂ ਮਨੁੱਖਾਂ ਦੇ ਅੰਦਰ ਉਸ ਦਾ ਨਿਵਾਸ ਹੈ। ਹਰ ਕੋਈ ਇਸ ਜੋਤ ਰੂਪੀ ਹਰੀ ਨੂੰ ਪ੍ਰਾਪਤ ਕਰ ਸਕਦਾ ਹੈ:

ਘਟ ਘਟ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ॥
ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ॥





**ਪ੍ਰੋ. ਕਿਰਪਾਲ ਸਿੰਘ ਬਡੂੰਗਰ**
*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਸ੍ਰੀ ਗੁਰੂ ਗ੍ਰੰਥ ਸਾਹਿਬ ਹੀ ਇਕ ਅਜਿਹਾ ਸਰਬ ਸਾਂਝਾ ਗ੍ਰੰਥ ਹੈ ਜਿਸ ਵਿਚ ਸਿੱਖ ਧਰਮ ਦੇ ਬਾਨੀਆਂ ਦੀ ਬਾਣੀ ਦੇ ਨਾਲ ਹੋਰ ਸੰਤਾਂ-ਭਗਤਾਂ ਦੀ ਬਾਣੀ ਨੂੰ ਵੀ ਗੁਰੂ ਦਾ ਦਰਜਾ ਦਿੱਤਾ ਗਿਆ ਹੈ। ਇਸ ਦੇ ਬਾਣੀਕਾਰਾਂ ਦਾ ਘੇਰਾ ਸਮੇਂ ਤੇ ਸਥਾਨ ਕਰਕੇ ਵਿਆਪਕ ਹੈ। ਇਹ ਅਨੇਕ ਪੰਥਾਂ, ਖਿੱਤਿਆਂ ਅਤੇ ਵੱਖ-ਵੱਖ ਧਰਮਾਂ, ਵਰਗਾਂ ਅਤੇ ਜਾਤਾਂ ਦੇ ਸੰਤਾਂ-ਭਗਤਾਂ ਦੀ ਪ੍ਰਤੀਨਿਧਤਾ ਕਰਦਾ ਹੈ। ਗੁਰਬਾਣੀ ਵਿਚ ਜਾਤਪਾਤ, ਵਰਣ-ਵੰਡ ਤੇ ਊਚ-ਨੀਚ ਦਾ ਖੰਡਨ ਕਰ ਕੇ ਮਨੁੱਖ ਨੂੰ ਇੱਕੋ ਭਾਈਚਾਰੇ ਦੇ ਵਿਅਕਤੀ ਅਤੇ ਇੱਕੋ ਜੋਤ ਤੋਂ ਪੈਦਾ ਹੋਏ ਮੰਨਿਆ ਗਿਆ ਹੈ:

-ਅਵਲਿ ਅਲਹ ਨੂਰੁ ਉਪਾਇਆ
ਕੁਦਰਤਿ ਕੇ ਸਭ ਬੰਦੇ॥
ਏਕ ਨੂਰ ਤੇ ਸਭੁ ਜਗੁ ਉਪਜਿਆ
ਕਉਨ ਭਲੇ ਕੋ ਮੰਦੇ॥
-ਏਕੁ ਪਿਤਾ ਏਕਸ ਕੇ ਹਮ ਬਾਰਿਕ
ਤੂ ਮੇਰਾ ਗੁਰ ਹਾਈ॥

ਵਿਗਿਆਨ ਦੇ ਪੱਖੋਂ ਵੀ ਗੁਰਬਾਣੀ ਦਾ ਗਿਆਨ ਸਹੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ੍ਰਿਸ਼ਟੀ ਦੀ ਵਿਸ਼ਾਲਤਾ ਨੂੰ ਬੇਅੰਤ ਦੱਸਿਆ ਗਿਆ ਹੈ। ਲੱਖਾਂ ਹੀ ਪਤਾਲਾਂ, ਅਕਾਸ਼ਾਂ ਦਾ ਵਰਣਨ ਇਸ ਵਿਚ ਮਿਲਦਾ ਹੈ। ਵਿਗਿਆਨ ਦੀ ਤਰੱਕੀ ਨਾਲ ਗੁਰਬਾਣੀ ਦੇ ਵਾਕਾਂ ਦੀ ਸੱਚਾਈ ਸਿੱਧ ਹੋ ਰਹੀ ਹੈ। ਪਰਮਾਤਮਾ ਦੀ ਕੋਈ ਧਰਤੀ ਨਹੀਂ ਹੈ, ਉਹ ਕਰੋੜਾਂ ਬ੍ਰਹਿਮੰਡਾਂ ਦਾ ਸੁਆਮੀ ਹੈ:

-ਪਾਤਾਲਾ ਪਾਤਾਲ ਲਖ ਆਗਾਸਾ ਆਗਾਸ॥
-ਜੋ ਬ੍ਰਹਮੰਡੇ ਸੋਈ ਪਿੰਡੇ ਜੋ ਖੋਜੈ ਸੋ ਪਾਵੈ॥
ਪੀਪਾ ਪ੍ਰਣਵੈ ਪਰਮ ਤਤੁ ਹੈ
ਸਤਿਗੁਰੁ ਹੋਇ ਲਖਾਵੈ॥

ਸ੍ਰਿਸ਼ਟੀ ਦੀ ਰਚਨਾ ਸਬੰਧੀ ਗੁਰਬਾਣੀ ਕੋਈ ਕਲਪਿਤ ਕਹਾਣੀਆਂ ਨਹੀਂ ਬਣਾਉਂਦੀ। ਇਸ ਬਾਰੇ ਤੱਥਾਂ ਦੇ ਆਧਾਰ 'ਤੇ ਗਿਆਨ ਦਿੰਦੀ ਹੈ ਜੋ ਵਿਗਿਆਨ ਦੀ ਕਸਵੱਟੀ 'ਤੇ ਪੂਰਾ ਉਤਰਦਾ ਹੈ। ਗੁਰਬਾਣੀ ਅਨੁਸਾਰ ਪਰਮਾਤਮਾ ਤੋਂ ਗੈਸਾਂ ਪੈਦਾ ਹੋਈਆਂ; ਫੇਰ ਜਲ ਅਤੇ ਜਲ ਤੋਂ ਸਾਰੀ ਬਨਸਪਤੀ ਤੇ ਜੀਵ-ਜੰਤੂ ਪੈਦਾ ਹੋਏ। ਇਹ ਇਕ ਵਿਗਿਆਨਕ ਸੱਚ ਹੈ ਕਿ ਜਿੱਥੇ ਜਲ ਹੈ, ਉੱਥੇ ਹੀ ਜੀਵਨ ਹੈ। ਗੁਰਵਾਕ ਹੈ:

ਸਾਚੇ ਤੇ ਪਵਨਾ ਭਇਆ ਪਵਨੈ ਤੇ ਜਲੁ ਹੋਇ॥
ਜਲ ਤੇ ਤ੍ਰਿਭਵਣੁ ਸਾਜਿਆ ਘਟਿ ਘਟਿ ਜੋਤਿ ਸਮੋਇ॥

ਸਿਹਤ ਵਿਗਿਆਨ ਦੇ ਖੇਤਰ ਵਿਚ ਵੀ ਗੁਰਬਾਣੀ ਮਨੁੱਖ ਨੂੰ ਸਹੀ ਸੇਧ ਦਿੰਦੀ ਹੈ। ਸਰੀਰ ਦੇ ਬਹੁਤੇ ਰੋਗ ਕਾਮ ਅਤੇ ਕ੍ਰੋਧ ਦੋ ਵਿਕਾਰਾਂ ਤੋਂ ਹੀ ਉਤਪੰਨ ਹੁੰਦੇ ਹਨ। ਗੁਰਬਾਣੀ ਵਿਚ ਇਨਾਂ ਦੋਵਾਂ ਵਿਕਾਰਾਂ ਨੂੰ ਸਿਹਤ ਲਈ ਨੁਕਸਾਨਦੇਹ ਦੱਸਿਆ ਗਿਆ ਹੈ :

ਕਾਮੁ ਕ੍ਰੋਧੁ ਕਾਇਆ ਕਉ ਗਾਲੈ॥
ਜਿਉ ਕੰਚਨ ਸੋਹਾਗਾ ਢਾਲੈ॥

ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਵਿਚਾਰਧਾਰਾ ਇਕ ਕ੍ਰਾਂਤੀਕਾਰੀ ਵਿਚਾਰਧਾਰਾ ਹੈ ਜੋ ਸਮਾਜ ਵਿੱਚੋਂ ਊਚ-ਨੀਚ ਅਤੇ ਬੇਇਨਸਾਫੀਆਂ ਦੂਰ ਕਰ ਕੇ ਇਕ ਸਮਾਜਿਕ ਭਾਈਚਾਰਾ ਸਥਾਪਿਤ ਕਰਨ ਦਾ ਮਾਰਗ ਦਿਖਾਉਂਦੀ ਹੈ। ਇਸ ਵਿਚ ਵਰਣ-ਵੰਡ, ਜਾਤ-ਪਾਤ, ਛੂਤ-ਛਾਤ, ਆਰਥਿਕ ਕਾਣੀ ਵੰਡ ਤੇ ਪੈਸੇ ਦੀ ਲੁੱਟ-ਖਸੁੱਟ ਦਾ ਸਖਤ ਖੰਡਨ ਕੀਤਾ ਗਿਆ ਹੈ। ਗੁਰੂ ਜੀ ਨੇ ਦਸਾਂ ਨਹੁੰਆਂ ਦੀ ਸੁੱਚੀ ਕਿਰਤ ਕਰਨਾ ਅਤੇ ਵੰਡ ਕੇ ਛਕਣਾ ਉੱਤਮ ਮੰਨਿਆ ਹੈ:

ਘਾਲਿ ਖਾਇ ਕਿਛੁ ਹਥਹੁ ਦੇਇ॥
ਨਾਨਕ ਰਾਹੁ ਪਛਾਣਹਿ ਸੇਇ॥

ਰਾਜਨੀਤਕ ਖੇਤਰ ਵਿਚ ਵੀ ਗੁਰਬਾਣੀ ਮਨੁੱਖਤਾ ਦੀ ਸਹੀ ਅਗਵਾਈ ਕਰਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਇਕ ਹਲੇਮੀ ਰਾਜ ਦੀ ਸਥਾਪਤੀ ਦਾ ਸੰਕਲਪ ਦਿੱਤਾ ਗਿਆ ਹੈ। ਇਸ ਵਿਚ ਚੰਗਾ ਰਾਜਾ ਉਸੇ ਨੂੰ ਪ੍ਰਵਾਨ ਕੀਤਾ ਗਿਆ ਹੈ ਜੋ ਆਪ-ਹੁਦਰਾ ਨਹੀਂ ਤੇ ਲੋਕਾਂ ਦੀ ਸੰਮਤੀ ਨਾਲ ਰਾਜ ਚਲਾਉਂਦਾ ਹੈ ਤੇ ਗੁਣਾਂ ਨਾਲ ਭਰਪੂਰ ਹੈ:

-ਰਾਜਾ ਤਖਤਿ ਟਿਕੈ ਗੁਣੀ ਭੈ ਪੰਚਾਇਣ ਰਤੁ॥
-ਤਖਤਿ ਰਾਜਾ ਸੋ ਬਹੈ ਜਿ ਤਖਤੈ ਲਾਇਕ ਹੋਈ॥
ਜਨੀ ਸਚੁ ਪਛਾਣਿਆ ਸਚੁ ਰਾਜੇ ਸੇਈ॥

ਉਸ ਸਮੇਂ ਦੇ ਸਮਾਜ ਵਿਚ ਇਸਤਰੀ ਜਾਤੀ ਦਾ ਕੋਈ ਸਤਿਕਾਰ ਨਹੀਂ ਸੀ। ਦੇਸ਼ ਦੇ ਹਾਕਮਾਂ ਤੋਂ ਇਲਾਵਾ ਵਿਦੇਸ਼ੀ ਹਮਲਾਵਰ ਵੀ ਇਸਤਰੀਆਂ ਨੂੰ ਆਪਣੇ ਜ਼ੁਲਮ ਦਾ ਸ਼ਿਕਾਰ ਬਣਾਉਂਦੇ ਸਨ। ਸਮਾਜ ਵਿਚ ਵੀ ਇਸਤਰੀਆਂ ਨੂੰ ਕੋਈ ਸਨਮਾਨਯੋਗ ਦਰਜਾ ਨਹੀਂ ਸੀ ਦਿੱਤਾ ਜਾਂਦਾ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਇਸਤਰੀਆਂ ਨੂੰ ਮਰਦ ਦੇ ਬਰਾਬਰ ਸਮਝਿਆ ਗਿਆ ਹੈ। ਇਸਤਰੀ-ਪੁਰਸ਼ ਦੋਨੋਂ ਹੀ ਇਕ ਦੂਸਰੇ ਦੇ ਪੂਰਕ ਹਨ, ਦੋਵੇਂ ਰਲ ਕੇ ਸਮਾਜ ਦੀ ਉਤਪਤੀ ਤੇ ਵਿਕਾਸ ਕਰਦੇ ਹਨ :

ਨਾਰੀ ਤੇ ਜੋ ਪੁਰਖੁ ਕਰਾਵੈ ਪੁਰਖਨ ਤੇ ਜੋ ਨਾਰੀ॥

ਗੁਰੂ ਸਾਹਿਬ ਨੇ ਇਸਤਰੀ ਰੂਪ ਵਿਚ ਬਾਣੀ ਰਚ ਕੇ ਇਸਤਰੀ ਦੇ ਜਾਮੇ ਨੂੰ ਸਤਿਕਾਰ ਦਿੱਤਾ ਹੈ। ਗੁਰੂ ਜੀ ਨੇ ਆਪਣੇ ਸਮੇਂ ਦੇ ਲੋਕਾਂ ਨੂੰ ਸਪੱਸ਼ਟ ਆਖਿਆ ਹੈ :

ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ॥

ਇਸ ਤੋਂ ਸਪੱਸ਼ਟ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਫ਼ਿਲਾਸਫ਼ੀ ਇਕ ਮੁਕੰਮਲ ਵਿਚਾਰਧਾਰਾ ਹੈ। ਇਹ ਮਨੁੱਖੀ ਸ਼ਖ਼ਸੀਅਤ ਦੀ ਸਮੁੱਚੀ ਉਸਾਰੀ ਤੇ ਪ੍ਰਫੁੱਲਤਾ ਦਾ ਇਕ ਅਦੁੱਤੀ ਸਿਧਾਂਤ ਹੈ। ਇਸ ਵਿਚ ਆਮ ਮਨੁੱਖ ਦੀ ਭਲਾਈ ਨੂੰ ਬਹੁਤ ਮਹੱਤਵ ਦਿੱਤਾ ਗਿਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਮਨੁੱਖਤਾ ਨੂੰ ਧਰਮ ਦੇ ਨਾਂ 'ਤੇ ਵੰਡਣ ਦੀ ਆਗਿਆ ਨਹੀਂ ਦਿੰਦਾ। ਇਸ ਵਿਚ ਸਮੁੱਚੀ ਮਨੁੱਖਤਾ ਨੂੰ ਇਕ ਸਮਾਜਿਕ ਭਾਈਚਾਰਾ ਸਮਝਿਆ ਗਿਆ ਹੈ ਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਗਈ ਹੈ।

# ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲੇ

**ਗੁਰਜੀਤ ਸਿੰਘ ਖ਼ਾਲਸਾ**

ਗੁਰਦੁਆਰਾ ਕਰਮਸਰ (ਰਾੜਾ ਸਾਹਿਬ) ਜਿੱਥੇ ਗੁਰੂ ਸਾਹਿਬਾਨ ਵੱਲੋਂ ਚਲਾਈ ਪ੍ਰੰਪਰਾ ਜਿਉਂ ਦੀ ਤਿਉਂ ਸੀਨੇ ਬਸੀਨੇ ਚੱਲ ਰਹੀ ਹੈ। ਇਸ ਮਹਾਨ ਕੇਂਦਰ ਦੀ ਸਿਰਜਣਾ ਸੰਤ ਬਾਬਾ ਈਸ਼ਰ ਸਿੰਘ ਜੀ ਨੇ ਕੀਤੀ। ਉਨ੍ਹਾਂ ਨੇ ਇਸ ਮਹਾਨ ਕੇਂਦਰ ਤੋਂ ਰੱਬੀ ਬਾਣੀ ਨੂੰ ਪੜ੍ਹਨ-ਪੜ੍ਹਾਉਣ, ਕੀਰਤਨ ਗਾਇਨ ਵਾਲੇ ਖ਼ਾਲਸ ਰੂਪ, ਗੁਰੂ ਘਰ ਦੇ ਪ੍ਰੇਮੀ ਪੂਰਨ ਗੁਰੂ ਦੇ ਸਿੱਖ ਤਿਆਰ ਕਰਨ ਦਾ ਉਪਰਾਲਾ ਵਿੱਢਿਆ ਸੀ, ਇਹ ਮਹਾਨ ਕਾਰਜ ਅੱਜ ਵੀ ਨਿਰੰਤਰ ਚੱਲ ਰਿਹਾ ਹੈ। ਗੁਰਬਾਣੀ ਸ਼ੁੱਧ ਉਚਾਰਣ, ਗੁਰਬਾਣੀ ਦੇ ਅਰਥ, ਗੁਰ-ਇਤਿਹਾਸ ਅਤੇ ਗੁਰਮਤਿ ਮਰਿਆਦਾ ਦੇ ਸੰਪੂਰਨ ਨਿਯਮਾਂ ਰੂਪੀ ਵੱਡਮੁੱਲੇ ਖਜ਼ਾਨੇ ਨੂੰ ਸੀਨੇ-ਬਸੀਨੇ ਹੁਣ ਤਕ ਸਾਂਭਿਆ ਜਾ ਰਿਹਾ ਹੈ।

ਸੰਤ ਬਾਬਾ ਈਸ਼ਰ ਸਿੰਘ ਨੇ ਰਸ ਭਿੰਨੇ ਗੁਰਬਾਣੀ ਦੇ ਕੀਰਤਨ ਦੀਆਂ ਝੜੀਆਂ ਲਾਈਆਂ



ਕਿ ਕਲਯੁੱਗ ਦੇ ਤਪਦਿਆਂ ਹਿਰਦਿਆਂ ਨੂੰ ਅੰਮ੍ਰਿਤ ਰੂਪੀ ਗੁਰਬਾਣੀ ਕੀਰਤਨ ਨਾਲ ਅਜਿਹਾ ਠਾਰਿਆ ਕਿ ਅੱਜ ਵੀ ਹਿਰਦੇ ਠੰਢ ਪਈ ਹੋਈ ਹੈ। ਕਲਯੁੱਗ ਦੇ ਭਿਆਨਕ ਵਕਤ 'ਚ ਆਪ ਨੇ ਗੁਰਬਾਣੀ ਦਾ ਪ੍ਰਚਾਰ ਕੀਤਾ ਤੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਇਆ। ਇਸ ਤਰ੍ਹਾਂ ਆਪ ਪੂਰਬ ਵਿਚ ਭਾਵ ਪੰਜਾਬ ਦੇ ਪਟਿਆਲਾ ਰਿਆਸਤ ਦੇ ਪਿੰਡ ਆਲੋਵਾਲ ਵਿਖੇ 5 ਅਗਸਤ 1905 ਨੂੰ ਮਾਤਾ ਰਤਨ ਕੌਰ ਤੇ ਪਿਤਾ ਰਾਮ ਸਿੰਘ ਦੇ ਘਰ ਪੈਦਾ ਹੋ ਕੇ 50 ਸਾਲ ਲਗਾਤਾਰ ਗੁਰਬਾਣੀ ਦਾ ਪ੍ਰਚਾਰ ਕਰਦੇ ਹੋਏ ਪੱਛਮ ਭਾਵ ਇੰਗਲੈਂਡ ਦੀ ਧਰਤੀ 'ਤੇ 26 ਅਗਸਤ 1975 ਨੂੰ ਸੁਦਾਗਰ ਸਿੰਘ ਦੇ ਘਰ ਵੂਲਵਰ ਹੈਪਟਨ ਵਿਖੇ 'ਸੂਰਜ ਕਿਰਣਿ ਮਿਲੇ, ਜਲ ਕਾ ਹੂਆ ਰਾਮ।। ਜੋਤੀ ਜੋਤਿ ਰਲੀ, ਸੰਪੂਰਨ ਥੀਆ ਰਾਮ।।' ਗੁਰਵਾਕ ਅਨੁਸਾਰ ਆਪਣਾ ਸਰੀਰ ਤਿਆਗ ਗਏ।

ਇਸ ਤੋਂ ਬਾਅਦ ਉਨ੍ਹਾਂ ਦੇ ਜਾਨਸ਼ੀਨ ਸੰਤ ਬਾਬਾ ਕਿਸ਼ਨ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਨੇ ਆਪਣੇ ਵੱਡੇ ਭਰਾਤਾ ਦੇ ਪਾਏ ਪੂਰਨਿਆ 'ਤੇ ਚੱਲਦਿਆਂ ਰਾੜਾ ਸਾਹਿਬ ਦੀਆਂ ਚੱਲ ਰਹੀਆਂ ਸੇਵਾਵਾਂ ਵਿਚ ਵੱਡਮੁੱਲਾ ਯੋਗਦਾਨ ਪਾਇਆ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਉਨ੍ਹਾਂ ਦੇ ਸੱਚਖੰਡ ਜਾਣ ਤੋਂ ਬਾਅਦ ਸੰਤ ਤੇਜਾ ਸਿੰਘ ਜੀ ਭੋਰਾ ਸਾਹਿਬ ਵਾਲਿਆਂ ਨੂੰ ਰਾੜਾ ਸਾਹਿਬ ਸੰਪ੍ਰਦਾਇ ਦੀਆਂ ਸੇਵਾਵਾਂ ਦੀ ਵੱਡੀ ਜ਼ਿੰਮੇਵਾਰੀ ਸੰਤਾਂ ਮਹਾਂਪੁਰਸ਼ਾਂ ਵੱਲੋਂ ਸੌਂਪੀ ਗਈ ਜੋ ਕਿ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ 09 ਦਸੰਬਰ 2014 ਨੂੰ ਆਪਣੇ ਪੰਜ ਭੌਤਿਕ ਸਰੀਰ ਦਾ ਤਿਆਗ ਕਰ ਗਏ। ਉਨ੍ਹਾਂ ਦੇ ਸੱਚਖੰਡ ਜਾਣ ਤੋਂ ਬਾਅਦ ਰਾੜਾ ਸਾਹਿਬ ਸੰਪ੍ਰਦਾਇ ਦੀ ਵੱਡੀ ਜ਼ਿੰਮੇਵਾਰੀ ਸੰਤ ਬਲਜਿੰਦਰ ਸਿੰਘ ਜੀ ਨੂੰ ਸੌਂਪੀ ਗਈ। ਅੱਜ ਮੌਜੂਦਾ ਮੁਖੀ ਸੰਤ ਬਲਜਿੰਦਰ ਸਿੰਘ ਜੀ ਦੀ ਦੇਖ ਰੇਖ ਹੇਠ ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਚ ਚੱਲ ਰਹੀਆਂ ਕਾਰ ਸੇਵਾਵਾਂ ਵਿਚ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਪੂਰਨ ਰੂਪ ਵਿਚ ਸਹਿਯੋਗ ਦਿੱਤਾ ਜਾ ਰਿਹਾ ਹੈ। ਜੋ ਕਿ ਆਪਣੇ ਵੱਡੇ ਸੰਤ ਪੁਰਸ਼ਾਂ ਦੇ ਮਾਰਗ 'ਤੇ ਚੱਲਦਿਆਂ ਅੰਮ੍ਰਿਤ ਰੂਪੀ ਕੀਰਤਨ ਵਿਖਿਆਨ ਦੁਆਰਾ ਸੰਗਤਾਂ ਨੂੰ ਸ਼ਬਦ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਦੇ ਹਨ। ਜਿਨ੍ਹਾਂ ਵੱਲੋਂ ਅੱਜ ਇਲਾਕੇ 'ਚ ਪ੍ਰਾਇਮਰੀ ਸਕੂਲਾਂ 'ਚ ਕੌਮ ਦੀ ਬੁਨਿਆਦ ਬਾਲ ਪੀੜੀ ਨੂੰ ਮਜ਼ਬੂਤ ਬਣਾਉਣ ਲਈ ਗੁਰੂ ਨਾਨਕ ਐਜੂਕੇਸ਼ਨ ਐਂਡ ਰਿਲੀਜਸ ਸੁਸਾਇਟੀ ਸਥਾਪਤ ਕਰਕੇ ਪ੍ਰਾਇਮਰੀ ਵਿੱਦਿਆ ਨੂੰ ਉੱਚ ਮਿਆਰੀ ਬਣਾਉਣ ਲਈ ਕੀਤੇ ਜਾ ਰਹੇ ਕਾਰਜ ਆਪਣੀ ਮਿਸਾਲ ਆਪ ਹਨ।

**ਮੋਬਾਈਲ** 9779681699

# ਸ੍ਰੀ ਗੁਰੂ ਰਾਮਦਾਸ ਜੀ

15ਵੀਂ ਸਦੀ ਵਿਚ ਉੱਭਰਿਆ ਸਿੱਖ ਧਰਮ ਨਵੀਨ ਅਤੇ ਵਿਲੱਖਣ ਕਦਰਾਂ ਕੀਮਤਾਂ ਦਾ ਤਰਜਮਾਨ ਰਿਹਾ ਹੈ। ਗੁਰੂ ਸਾਹਿਬਾਨ ਨੇ ਆਪਣੇ-ਆਪਣੇ ਸਮਿਆਂ ਵਿਚ ਕੁਝ ਅਜਿਹੀਆਂ ਕਲਿਆਣਕਾਰੀ ਪਿਰਤਾਂ ਪਾਈਆਂ ਹਨ ਜੋ ਇਸ ਜਗ ਨੂੰ 'ਸਚੈ ਕੀ ਹੈ ਕੋਠੜੀ' ਮੰਨ ਕੇ ਮਨੁੱਖ ਨੂੰ ਸੱਚਾ ਅਤੇ ਸੁੱਚਾ ਵਿਹਾਰ ਕਰਨ ਲਈ ਪ੍ਰੇਰਦੀਆਂ ਰਹਿੰਦੀਆਂ ਹਨ।

ਇਹ ਧਰਮ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਨਿਰਧਾਰਿਤ ਕੀਤੀ ਜੀਵਨ-ਜਾਚ ਅਨੁਸਾਰ 'ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ" ਦੇ ਅਨੁਸਾਰ ਇੱਕੋ (ਨਾਨਕ) ਜੋਤ ਵਿੱਚੋਂ ਨੌਂ ਗੁਰੂ ਸਾਹਿਬਾਨ ਦੇ ਰਾਹੀਂ ਪ੍ਰਫੁੱਲਿਤ ਹੋਇਆ ਹੈ। ਇਨ੍ਹਾਂ ਗੁਰੂ ਸਾਹਿਬਾਨ ਦੇ ਵਿਸ਼ੇਸ਼ ਉਪਰਾਲਿਆਂ ਸਦਕਾ ਸਿੱਖ ਧਰਮ ਨੇ ਇਕ ਨਵੀਨ ਅਤੇ ਆਦਰ ਪੂਰਵਕ ਜੀਵਨ-ਜੁਗਤ ਜਿਵੇਂ ਭਗਤੀ ਤੋਂ ਸ਼ਕਤੀ ਦਾ ਸੁਮੇਲ, ਵਰਣ ਵੰਡ ਨੂੰ ਰੱਦ ਕਰਨ ਵਾਲੀ ਇਨਕਲਾਬੀ ਸੋਚ, ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੀ ਗੁਰਬਾਣੀ, ਅਤੇ ਮਿਲ-ਬੈਠ ਕੇ ਦੁਬਿਧਾ ਦੂਰ ਕਰਨ ਵਾਲੀ ਪਹੁੰਚ ਨਾਲ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਹੈ। ਇਸ ਤਰ੍ਹਾਂ ਦੀ ਕਾਮਨਾ ਕਰਨ ਵਾਲਿਆਂ ਵਿਚ ਹੀ ਸ਼ਾਮਿਲ ਸਨ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ।

ਉਨ੍ਹਾਂ ਦਾ ਬਚਪਨ ਦਾ ਨਾਮ ਭਾਈ ਜੇਠਾ ਸੀ, ਦਾ ਜਨਮ 24 ਸਤੰਬਰ 1534 ਈ: ਨੂੰ ਚੂਨਾ ਮੰਡੀ ਲਾਹੌਰ ਦੇ ਵਸਨੀਕ ਭਾਈ ਹਰਿਦਾਸ ਜੀ ਅਤੇ ਮਾਤਾ ਦਇਆ ਕੌਰ ਜੀ ਦੇ ਘਰ ਹੋਇਆ। ਪਲੇਠਾ ਪੁੱਤਰ ਹੋਣ ਕਰਕੇ ਇਨ੍ਹਾਂ ਦਾ ਨਾਮ ਭਾਈ ਜੇਠਾ ਜੀ ਹੋ ਗਿਆ। ਭਾਈ ਜੇਠਾ ਜੀ ਅਜੇ ਬਚਪਨ ਦੀਆਂ ਦਹਿਲੀਜ਼ਾਂ ਉਪਰ ਹੀ ਵਿਚਰ ਰਹੇ ਸਨ ਕਿ ਪਹਿਲਾਂ ਮਾਤਾ ਜੀ ਅਤੇ ਫਿਰ ਪਿਤਾ ਸ੍ਰੀ ਹਰਿਦਾਸ ਜੀ ਇਸ ਦੁਨੀਆ ਤੋਂ ਕੂਚ ਕਰ ਗਏ। ਜਦੋਂ ਆਪ ਦੁਨਿਆਵੀ ਤੌਰ 'ਤੇ ਯਤੀਮ ਹੋ ਗਏ ਤਾਂ ਆਪ ਜੀ ਦੀ ਨਾਨੀ ਆਪ ਨੂੰ ਆਪਣੇ ਪਿੰਡ ਬਾਸਰਕੇ ਲੈ ਆਈ। ਲਾਹੌਰ ਤੋਂ ਦੋਹਤੇ ਦੇ ਆਪਣੇ ਨਾਨਕੇ ਘਰ ਆਉਣ ਦੀ ਖ਼ਬਰ ਸਾਰੇ ਪਿੰਡ ਵਿਚ ਫੈਲ ਗਈ। ਪਿੰਡ ਦੇ ਬਹੁਤ ਸਾਰੇ ਨੇਕ ਪੁਰਸ਼ ਅਤੇ ਔਰਤਾਂ ਬਾਲਕ ਜੇਠੇ ਦਾ ਧੀਰ ਧਰਾਉਣ ਲਈ ਆਉਣ ਲੱਗੇ। ਇਨ੍ਹਾਂ ਧੀਰ ਧਰਾਉਣ ਵਾਲਿਆਂ ਵਿਚ ਸ੍ਰੀ (ਗੁਰੂ) ਅਮਰਦਾਸ ਜੀ ਵੀ ਸਨ। ਉਨ੍ਹਾਂ ਦੇ ਕੋਮਲ ਹਿਰਦੇ 'ਤੇ ਭਾਈ ਜੇਠੇ ਦੀ ਦੁਖਦਾਈ ਸਥਿਤੀ ਦਾ ਬੜਾ ਡੂੰਘਾ ਅਸਰ ਹੋਇਆ। ਇਸ ਅਸਰ ਕਰਕੇ ਉਨ੍ਹਾਂ ਦੀ ਆਪਸੀ ਨੇੜਤਾ ਕਾਫੀ ਵਧਣ ਲੱਗ ਪਈ।

ਭਾਈ ਜੇਠਾ ਜੀ ਆਪਣੇ ਨਾਨਕੇ ਘਰ ਰਹਿ ਕੇ ਘੁੰਙਣੀਆਂ ਵੇਚਣ ਦੀ ਕਾਰ ਕਰਿਆ ਕਰਦੇ ਸਨ ਅਤੇ ਇਨ੍ਹਾਂ ਦੀ ਵੱਟਕ ਨਾਲ ਆਪਣੀ ਅਤੇ ਨਾਨੀ ਜੀ ਦੀ ਉਦਰ-ਜਵਾਲਾ ਸ਼ਾਂਤ ਕਰਿਆ ਕਰਦੇ ਸਨ। ਇਸ ਸਮੇਂ ਦੌਰਾਨ ਗੁਰੂ ਅਮਰਦਾਸ ਜੀ ਜਦੋਂ ਕਦੇ ਖਡੂਰ ਸਾਹਿਬ ਤੋਂ ਬਾਸਰਕੇ ਆਉਂਦੇ ਤਾਂ ਉਹ ਭਾਈ ਜੇਠਾ ਜੀ ਨੂੰ ਜ਼ਰੂਰ ਮਿਲਦੇ ਅਤੇ ਘੰਟਿਆਂ ਬੱਧੀ ਦੁਨਿਆਵੀ ਅਤੇ ਇਲਾਹੀ ਗੱਲਾਂ ਹੁੰਦੀਆਂ ਰਹਿੰਦੀਆਂ।

ਜਦੋਂ ਗੋਂਦੇ ਖੱਤਰੀ ਦੀ ਬੇਨਤੀ 'ਤੇ ਸ੍ਰੀ ਗੁਰੂ ਅਮਰਦਾਸ ਜੀ ਨੇ ਦਰਿਆ ਬਿਆਸ ਦੇ ਕਿਨਾਰੇ ਗੋਇੰਦਵਾਲ ਸਾਹਿਬ ਨਗਰ ਵਸਾਇਆ ਤਾਂ ਉਨ੍ਹਾਂ ਦੇ ਕਈ ਰਿਸ਼ਤੇਦਾਰ ਅਤੇ ਸਨੇਹੀ ਵੀ ਗੋਇੰਦਵਾਲ ਸਾਹਿਬ ਆ ਗਏ। ਗੁਰੂ ਦਰਸ਼ਨਾਂ ਦੀ ਤਾਂਘ ਭਾਈ ਜੇਠਾ ਜੀ ਨੂੰ ਵੀ ਇੱਥੇ ਲੈ ਆਈ। ਉਸ ਵਕਤ ਉਨ੍ਹਾਂ ਦੀ ਆਯੂ ਕੋਈ 12 ਕੁ ਸਾਲ ਦੀ ਸੀ।

ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ 10-12 ਸਾਲ ਆਪਣੀ ਨਿਗਰਾਨੀ ਵਿਚ ਰੱਖਿਆ ਅਤੇ ਉਨ੍ਹਾਂ ਸਾਰੇ ਗੁਣਾਂ ਨੂੰ ਵਾਚਿਆ ਸੀ ਜੋ ਕਿਸੇ ਉਚੇਚੀ ਜ਼ਿੰਮੇਵਾਰੀ ਨੂੰ ਨਿਭਾਉਣ ਲਈ ਜ਼ਰੂਰੀ ਹੁੰਦੇ ਹਨ। ਗੁਰੂ ਸਾਹਿਬ ਨੇ ਇਨ੍ਹਾਂ ਗੁਣਾਂ ਦੀ ਕਦਰ ਕਰਦਿਆਂ 22 ਫੱਗਣ ਸੰਮਤ 1610 ਨੂੰ ਆਪਣੀ ਲਾਡਲੀ ਸਪੁੱਤਰੀ ਬੀਬੀ ਭਾਨੀ ਜੀ ਦਾ ਵਿਆਹ ਭਾਈ ਜੇਠਾ ਜੀ ਨਾਲ ਕਰ ਦਿੱਤਾ। ਇਸ ਬਖ਼ਸ਼ਿਸ਼ ਨਾਲ ਭਾਈ ਜੇਠਾ ਜੀ ਗੁਰੂ-ਦਰਬਾਰ ਦੇ ਨਾਲ-



ਨਾਲ ਗੁਰੂ-ਪਰਿਵਾਰ ਦੇ ਅੰਗ ਬਣ ਗਏ।

ਜਦੋਂ 1557 ਈ: ਵਿਚ ਤੀਸਰੇ ਗੁਰੂ ਸ੍ਰੀ ਗੁਰੂ ਅਮਰਦਾਸ ਜੀ ਨੇ ਸਮਾਜਿਕ ਬਰਾਬਰੀ ਦੇ ਸਿਧਾਂਤ ਨੂੰ ਲਾਗੂ ਕਰਨ ਲਈ ਸਮਾਜ ਵਿੱਚੋਂ ਛੂਤ-ਛਾਤ ਖਤਮ ਕਰਨ ਦਾ ਬੀੜਾ ਚੁੱਕਿਆ ਤਾਂ ਕੁਝ ਗੁਰੂ-ਘਰ ਦੇ ਦੋਖੀਆਂ ਅਤੇ ਸਮਾਜ ਵਿਰੋਧੀਆਂ ਕੋਲੋਂ ਇਹ ਗੱਲ ਬਰਦਾਸ਼ਤ ਨਾ ਹੋ ਸਕੀ। ਉਨ੍ਹਾਂ ਵਿੱਚੋਂ ਕਿਸੇ ਨੇ ਅਕਬਰ ਬਾਦਸ਼ਾਹ ਕੋਲ ਜਾ ਕੇ ਗੁਰੂਕਿਆਂ ਦੇ ਖ਼ਿਲਾਫ਼ ਕੰਨ ਭਰ ਦਿੱਤੇ। ਆਪਣੀ ਸ਼ੰਕਾ ਨਵਿਰਤੀ ਅਤੇ ਤਸੱਲੀ ਲਈ ਬਾਦਸ਼ਾਹ ਨੇ ਗੁਰੂ ਦਰਬਾਰ ਵੱਲ ਸੱਦਾ-ਪੱਤਰ ਭੇਜ ਦਿੱਤਾ। ਬਿਰਧ ਸਰੀਰ ਹੋਣ ਕਰਕੇ ਤੀਸਰੇ ਪਾਤਸ਼ਾਹ ਨੇ ਗੁਰ-ਘਰ ਦੀ ਵਕਾਲਤ ਲਈ ਭਾਈ ਜੇਠਾ ਜੀ ਦੀ ਡਿਊਟੀ ਲਗਾ ਦਿੱਤੀ। ਭਾਈ ਜੇਠਾ ਜੀ ਨੇ ਸਿੱਖੀ ਦੇ ਸਿਧਾਂਤਾਂ ਦੀ ਇੰਨੇ ਸੁਚੱਜੇ ਢੰਗ ਨਾਲ ਵਿਆਖਿਆ ਕੀਤੀ ਕਿ ਅਕਬਰ ਦੇ ਸਭ ਭਰਮ-ਭੁਲੇਖੇ ਦੂਰ ਹੋ ਗਏ।

ਪਰਿਵਾਰਕ ਪੱਖੋਂ ਆਪ ਜੀ ਦੇ ਘਰ ਤਿੰਨ ਪੁੱਤਰਾਂ ਬਾਬਾ ਪ੍ਰਿਥੀ ਚੰਦ, ਬਾਬਾ ਮਹਾਂਦੇਵ ਅਤੇ ਸ੍ਰੀ (ਗੁਰੂ) ਅਰਜਨ ਦੇਵ ਜੀ (ਪੰਚਮ ਪਾਤਸ਼ਾਹ) ਨੇ ਜਨਮ ਲਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਲਗਾਇਆ ਸਿੱਖੀ ਦਾ ਬੂਟਾ ਜਿਵੇਂ-ਜਿਵੇਂ ਜੋਬਨ 'ਤੇ ਹੋਈ ਜਾ ਰਿਹਾ ਸੀ ਇਸ ਦੀ ਮਹਿਕ ਵੀ ਦੂਰ-ਦੁਰਾਡੇ ਤਕ ਫੈਲਦੀ ਜਾ ਰਹੀ ਸੀ ਭਾਵ ਗੁਰੂ ਸਾਹਿਬਾਨ ਦੇ ਪਰਉਪਕਾਰੀ ਉਪਰਾਲਿਆਂ ਸਦਕਾ ਸਿੱਖਾਂ ਦੀ ਤਾਦਾਦ ਵਿਚ ਕਾਫ਼ੀ ਵਾਧਾ ਹੋਈ ਜਾ ਰਿਹਾ ਸੀ। ਇਸ ਵਾਧੇ ਕਾਰਨ ਹੀ ਸਿੱਖੀ ਦਾ ਪ੍ਰਚਾਰ ਕੇਂਦਰ ਸ੍ਰੀ ਗੋਇੰਦਵਾਲ ਸਾਹਿਬ ਤੋਂ ਗੁਰੂ ਕੇ ਚੱਕ (ਸ੍ਰੀ ਅੰਮ੍ਰਿਤਸਰ ਸਾਹਿਬ) ਵਿਖੇ ਲੈ ਜਾਣ ਦੀ ਵਿਉਂਤਬੰਦੀ ਕੀਤੀ ਗਈ। ਇਸ ਵਿਉਂਤਬੰਦੀ ਨੂੰ ਅਮਲੀ ਰੂਪ ਦੇਣ ਦੀ ਜ਼ਿੰਮੇਵਾਰੀ ਭਾਈ ਜੇਠਾ ਜੀ ਨੂੰ ਦਿੱਤੀ ਗਈ। ਆਪ ਜੀ ਨੇ ਇਹ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਈ ਜਿਸ ਦੀ ਬਦੌਲਤ 'ਗੁਰੂ ਕਾ ਚੱਕ' ਇਕ ਚੰਗੀ ਰੌਣਕ ਵਾਲਾ ਨਗਰ ਬਣ ਗਿਆ।

ਸ੍ਰੀ ਗੁਰੂ ਅਮਰਦਾਸ ਜੀ ਹੁਣ ਸਰੀਰਿਕ ਰੂਪ ਵਿਚ ਕਾਫੀ ਬਿਰਧ ਹੋ ਚੁੱਕੇ ਸਨ। ਆਪਣਾ ਸੱਚਖੰਡ ਵਾਪਸੀ ਸਮਾਂ ਨੇੜੇ ਆਇਆ ਜਾਣ ਕੇ ਉਨ੍ਹਾਂ ਨੇ ਗੁਰੂ-ਘਰ ਦੀ ਮਰਯਾਦਾ ਅਨੁਸਾਰ ਸੰਮਤ 1631 ਦੇ ਭਾਦਰੋਂ ਮਹੀਨੇ ਵਿਚ ਸਮੂਹ ਸੰਗਤ ਅਤੇ ਆਪਣੇ ਪਰਿਵਾਰ ਦੇ ਸਨਮੁਖ ਭਾਈ ਜੇਠਾ ਜੀ ਨੂੰ ਗੁਰੂ ਨਾਨਕ ਪਾਤਸ਼ਾਹ ਦੇ ਘਰ ਦਾ ਚੌਥਾ (ਗੁਰਗੱਦੀ ਦੇ ਕੇ) ਵਾਰਸ ਥਾਪ ਕੇ ਸ੍ਰੀ ਗੁਰੂ ਰਾਮਦਾਸ ਜੀ ਬਣਾ ਦਿੱਤਾ। ਜਿਵੇਂ ਤੀਸਰੇ ਪਾਤਸ਼ਾਹ ਨੇ ਸਿੱਖੀ ਦੇ ਪ੍ਰਚਾਰ ਲਈ 22 ਮੰਜੀਆਂ ਅਤੇ 52 ਪੀੜ੍ਹਿਆਂ ਦੀ ਸਥਾਪਨਾ ਕੀਤੀ ਸੀ। ਉਸ ਨੂੰ ਅੱਗੇ ਵਧਾਉਂਦਿਆਂ ਹੋਇਆਂ ਸ੍ਰੀ ਗੁਰੂ ਰਾਮਦਾਸ ਜੀ ਨੇ ਮਸੰਦ ਪ੍ਰਥਾ ਦਾ ਆਰੰਭ ਕੀਤਾ। ਗੁਰੂ ਪਰਿਵਾਰ ਦੇ ਤਿੰਨਾਂ ਸਾਹਿਬਜ਼ਾਦਿਆਂ ਵਿੱਚੋਂ ਸਭ ਤੋਂ ਛੋਟੇ ਸ੍ਰੀ (ਗੁਰੂ) ਅਰਜਨ ਦੇਵ ਜੀ ਦੀਨ ਅਤੇ ਦੁਨੀਆ ਦੇ ਮਾਮਲੇ ਵਿਚ ਸਭ ਤੋਂ ਵਧੇਰੇ ਯੋਗ ਸਾਬਤ ਹੋਏ। ਜਿੱਥੇ ਉਹ ਪਰਵਾਰਿਕ ਪੱਖ ਤੋਂ ਪੂਰੇ ਜ਼ਿੰਮੇਵਾਰ ਸਨ ਉਥੇ ਉਹ ਅਧਿਆਤਮਿਕ ਪੱਖ ਤੋਂ ਵੀ ਸਰਬ-ਕਲਾ ਸਮਰੱਥ ਦਿਖਾਈ ਦਿੰਦੇ ਸਨ। ਇਸ ਸਮਰੱਥਾ ਕਾਰਨ ਹੀ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਗੁਰਿਆਈ ਦਾ ਤਿਲਕ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਲਗਾਇਆ ਗਿਆ। ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਆਪਣਾ ਗੱਦੀ-ਨਸ਼ੀਨ ਬਣਾ ਕੇ ਸ੍ਰੀ ਗੁਰੂ ਰਾਮਦਾਸ ਜੀ ਗੋਇੰਦਵਾਲ ਸਾਹਿਬ ਚਲੇ ਗਏ। ਕੁਝ ਦਿਨ ਇੱਥੇ ਟਿਕਾਣਾ ਕਰਨ ਤੋਂ ਬਾਅਦ ਅੱਸੂ ਮਹੀਨੇ ਦੇ ਦੂਜੇ ਦਿਨ ਮੁਤਾਬਕ ਸੰਮਤ 1638 (ਸਤੰਬਰ 1581 ਈ:) ਨੂੰ ਜੋਤੀ ਜੋਤ ਸਮਾ ਗਏ।

# ਸ੍ਰੀ ਗੁਰੂ ਅਰਜਨ ਦੇਵ ਜੀ

**• ਰਮੇਸ਼ ਬੱਗਾ ਚੋਹਲਾ**

ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਇਸ (ਧਰਮ) ਦੀ ਬੁਨਿਆਦ ਕੁੱਝ ਅਜਿਹੇ ਸਾਰਥਿਕ ਅਤੇ ਚਿਰਕਾਲੀ ਸਿਧਾਂਤਾਂ ਉਪਰ ਰੱਖੀ ਹੈ ਜੋ ਲੋਕਾਈ ਨੂੰ ਨਾ ਸਿਰਫ ਹਨੇਰੀਆਂ (ਵਹਿਮਾਂ-ਭਰਮਾਂ ਦੀਆਂ) ਗਲੀਆਂ ਵਿਚ ਭਟਕਣ ਤੋਂ ਰੋਕਦੇ ਹਨ ਸਗੋਂ ਕਿਰਤ ਕਰਕੇ ਉਸ ਨੂੰ(ਲੋੜਵੰਦਾਂ ਵਿਚ) ਵੰਡਣ ਅਤੇ ਉਸ ਪਰਮ ਪਿਤਾ ਦਾ ਨਾਮ ਜਪਣ (ਸ਼ੁਕਰ ਕਰਨ) ਦੀ ਜੀਵਨ-ਜੁਗਤ ਵੀ ਦੱਸਦੇ ਹਨ। ਇਸ ਜੀਵਨ-ਜੁਗਤ ਨੂੰ ਅਪਨਾ ਕੇ ਕੋਈ ਵੀ ਮਨੁੱਖ ਜਿਥੇ ਆਪਣੇ ਲੋਕ ਨੂੰ ਸੁਖੀ ਬਣਾ ਸਕਦਾ ਹੈ ਉਥੇ ਆਪਣੇ ਪ੍ਰਲੋਕ ਨੂੰ ਵੀ ਸੁਹੇਲਾ ਕਰ ਸਕਦਾ ਹੈ। ਗੁਰੂ ਸਾਹਿਬਾਨ ਵੱਲੋਂ ਦਰਸਾਇਆ ਗਿਆ ਸੱਚ ਦਾ ਇਹ ਮਾਰਗ ਅਧਿਆਤਮਕ ਪੱਖ ਪੂਰਨ ਦੇ ਨਾਲ ਨਾਲ ਮਨੁੱਖ ਦੇ ਸਮਾਜਿਕ ਅਤੇ ਸਭਿਆਚਾਰਕ ਸਰੋਕਾਰਾਂ ਦੀ ਵੀ ਪੂਰਨ ਰੂਪ ਵਿਚ ਹਾਮੀ ਭਰਦਾ ਹੈ। ਗੁਰੂ ਸਾਹਿਬ ਵੱਲੋਂ ਕੀਤੇ ਗਏ ਇਹ ਸਰਬ-ਕਲਿਆਣਕਾਰੀ ਉਪਰਾਲੇ ਵਕਤ ਦੀਆਂ ਹਕੂਮਤਾਂ ਦੇ ਨੇਤਰਾਂ ਵਿਚ ਹਮੇਸ਼ਾਂ ਹੀ ਰੜਕਦੇ ਰਹੇ ਹਨ। ਇਸ ਰੜਕ ਦੇ ਵੱਧ ਜਾਣ ਕਾਰਨ ਹੀ ਗੁਰੂ ਅਰਜਨ ਦੇਵ ਜੀ ਨੂੰ ਤੱਤੀ ਤਵੀ ਹੇਠ ਬਲਦੀ ਅੱਗ ਦੇ ਸੇਕ ਨੂੰ ਉਸ ਪਰਮ ਪਿਤਾ ਦੇ ਭਾਣੇ ਵਜੋਂ ਪ੍ਰਵਾਨ ਕਰਨਾ ਪਿਆ ਸੀ।

ਗੁਰੂ ਅਰਜਨ ਦੇਵ ਜੀ ਦਾ ਜਨਮ 15 ਅਪ੍ਰੈਲ 1563 (ਵਿਸਾਖ ਬਿਕ੍ਰਮੀ 1620) ਨੂੰ ਇਤਿਹਾਸਕ ਨਗਰ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਗੁਰੂ ਰਾਮਦਾਸ ਜੀ ਅਤੇ ਬੀਬੀ ਭਾਨੀ ਜੀ ਦੇ ਗ੍ਰਹਿ ਵਿਖੇ ਹੋਇਆ। ਜਿਨ੍ਹਾਂ ਮਹਾਂਪੁਰਖਾਂ ਦੀ ਛਤਰ- ਛਾਇਆ ਹੇਠ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਬਚਪਨ ਪ੍ਰਵਾਨ ਚੜ੍ਹਿਆ ਉਹ ਅਧਿਆਤਮਕ ਖੇਤਰ ਦੀਆਂ ਮਹਾਨ ਹਸਤੀਆਂ ਸਨ। ਇਸ ਤੋਂ ਇਲਾਵਾ ਬਹੁਤ ਸਾਰੇ ਗਿਆਨੀ-ਧਿਆਨੀ, ਵਿਦਵਾਨ ਅਤੇ ਸਤਿ-ਪੁਰਖ ਆਪ ਜੀ ਦੇ ਸਤਿਕਾਰਯੋਗ ਪਿਤਾ ਸ੍ਰੀ ਗੁਰੂ ਰਾਮਦਾਸ ਜੀ ਅਤੇ ਖੁਦ ਉਨ੍ਹਾਂ ਦੀ ਆਪਣੀ ਸੰਗਤ ਵਿਚ ਰਹਿੰਦੇ ਸਨ। ਇਸ ਤੋਂ ਇਲਾਵਾ ਨਾਨਕੇ ਪਰਿਵਾਰ ਵਿਚੋਂ ਮਿਲਿਆ ਗੁਰਮਿਤ ਭਰਪੂਰ ਵਾਤਾਵਰਣ ਵੀ ਉਨ੍ਹਾਂ(ਗੁਰੂ ਅਰਜਨ ਦੇਵ ਜੀ) ਦੀ ਸ਼ਖ਼ਸੀਅਤ ਨੂੰ ਵਿਕਸਤ ਅਤੇ ਪ੍ਰਫੁਲਤ ਕਰਨ ਵਿਚ ਬਹੁਤ ਲਾਹੇਵੰਦਾ ਸਾਬਤ ਹੋਇਆ। ਨਾਨੇ-ਦੋਹਤਰੇ ਦੇ ਆਪਸੀ ਪਿਆਰ ਦੀ ਸਾਂਝੌਲਕ ਹੀ ਇਨ੍ਹਾਂ



ਦੇ ਵਿਅਕਤਿਤਵ ਵਿੱਚੋਂ ਉੱਚੇ ਅਤੇ ਸੁੱਚੇ ਗੁਣਾਂ ਦੀ ਝਲਕ ਜੀਵਨ ਦੇ ਪਹਿਲੇ ਪੜਾਅ ਵਿਚ ਹੀ ਦਿਖਾਈ ਦੇਣ ਲੱਗ ਪਈ ਸੀ। ਇਸ ਝਲਕ ਨੂੰ ਦੇਖਣ ਤੋਂ ਬਾਅਦ ਹੀ ਨਾਨਾ ਗੁਰੂ ਨੇ ਉਨ੍ਹਾਂ ਨੂੰ 'ਦੋਹਿਤਾ ਬਾਣੀ ਦਾ ਬੋਹਿਥਾ' ਕਹਿ ਕੇ ਉਨ੍ਹਾਂ ਦੇ ਮਹਾਨ ਪੁਰਖ ਹੋਣ ਦੇ ਅਟੱਲ ਬਚਨ ਕਹੇ ਸਨ। ਨਾਨਾ ਗੁਰੂ ਦੀ ਪਿਆਰ ਭਰੀ ਅਗਵਾਈ ਤੋਂ ਛੁੱਟ ਪਿਤਾ ਗੁਰੂ ਰਾਮਦਾਸ ਜੀ ਦੀ ਨੇੜਤਾ ਵੀ ਉਨ੍ਹਾਂ ਦੇ ਸਾਹਾਂ ਦਾ ਸਹਾਰਾ ਬਣੀ ਹੋਈ ਸੀ। 1581 ਈ. ਨੂੰ ਜਦੋਂ ਗੁਰੂ (ਰਾਮਦਾਸ) ਪਿਤਾ ਨੇ ਉਨ੍ਹਾਂ ਨੂੰ ਸਹਾਰੀ ਮੱਲ ਦੇ ਪੁੱਤਰ ਦੇ ਵਿਆਹ ਵਿਚ ਸ਼ਾਮਲ ਹੋਣ ਲਈ ਭੇਜਿਆ ਤਾਂ ਉਨ੍ਹਾਂ ਇਸ ਹੁਕਮ ਨੂੰ ਖਿੜੇ ਮੱਥੇ ਸਵੀਕਾਰ ਕਰ ਲਿਆ। ਆਨੰਦ ਕਾਰਜ ਦੀ ਸਮਾਪਤੀ ਤੋਂ ਬਾਅਦ ਜਦੋਂ ਉਹ ਵਾਪਸੀ ਪਾਉਣ ਲੱਗੇ ਤਾਂ ਚੌਥੇ ਪਾਤਸ਼ਾਹ ਨੇ ਲਾਹੌਰ ਵਿਚ ਰਹਿ ਕੇ ਸੰਗਤਾਂ ਦੀ ਅਗਵਾਈ ਕਰਨ ਦਾ ਨਵਾਂ ਹੁਕਮ ਲਗਾ ਦਿੱਤਾ। ਇਸ ਹੁਕਮ ਤੋਂ ਬਾਅਦ ਗੁਰੂ ਰਾਮਦਾਸ ਜੀ ਨੇ ਇਨ੍ਹਾਂ ਨੂੰ ਮਨੋਂ ਹੀ ਵਿਸਾਰ ਦਿੱਤਾ। ਜਿਨ੍ਹਾਂ ਦੇ ਹਫ਼ਤੇ,ਹਫ਼ਤਿਆਂ ਦੇ ਮਹੀਨੇ ਅਤੇ ਮਹੀਨਿਆਂ ਦੀ ਛਿਮਾਹੀਆਂ ਬਣ ਗਈਆਂ ਪਰ ਗੁਰੂ ਕੇ ਚੱਕ ਤੋਂ ਕੋਈ ਸੁਨੇਹੜਾ ਨਹੀਂ ਆਇਆ। ਜਦੋਂ ਉਡੀਕ ਦੀਆਂ ਘੜੀਆਂ ਲੰਮੀਆਂ ਹੋ ਗਈਆਂ ਤਾਂ ਸਬਰ ਦਾ ਪਿਆਲਾ ਉਛਾਲੇ ਮਾਰਨ ਲੱਗ ਪਿਆ। ਇਸ ਉਛਾਲ ਕਾਰਨ ਉਨ੍ਹਾਂ ਨੇ ਇੱਕ ਪੱਤਰ ਗੁਰੂ ਪਿਤਾ ਵੱਲ ਲਿਖ ਭੇਜਿਆ ਜਿਸ ਦੀ ਇਬਾਰਤ ਸੀ :

ਮੇਰਾ ਮਨੁ ਲੋਚੈ ਗੁਰਦਰਸਨ ਤਾਈ।।
ਬਿਲਪ ਕਰੇ ਚਾਤ੍ਰਿਕ ਕੀ ਨਿਆਈ।।
ਤ੍ਰਿਖਾ ਨਾ ਉਤਰੈ ਸਾਂਤਿ ਨਾ ਆਵੈ ਬਿਨੁ ਦਰਸਨ ਸੰਤ ਪਿਆਰੇ ਜੀਉ॥

ਇਕ ਇਹ ਪੱਤਰ ਅਤੇ ਇਸ ਤੋਂ ਬਾਅਦ ਇਕ ਹੋਰ ਪੱਤਰ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਵੱਲ ਭੇਜਿਆ ਗਿਆ ਪਰ ਈਰਖਾਲੂ ਪ੍ਰਿਥੀ ਚੰਦ(ਭਰਾਤਾ) ਵੱਲੋਂ ਇਹ ਬਿਰਹਾ ਭਰੇ ਪੱਤਰ ਸਹੀ ਮੰਜ਼ਿਲ ਤਕ ਨਹੀਂ ਜਾਣ ਦਿੱਤੇ। ਅਖ਼ੀਰ ਤੀਸਰੇ ਪੱਤਰ ਨੇ ਇਸ ਸਭ ਕੁਝ ਦਾ ਭੇਤ ਖੋਲ੍ਹ ਦਿੱਤਾ, ਜਿਸ ਨਾਲ ਪ੍ਰਿਥੀ ਚੰਦ ਨੂੰ ਸੰਗਤ ਦੇ ਸਨਮੁੱਖ ਸ਼ਰਮਿੰਦਾ ਹੋਣਾ ਪਿਆ। ਪੱਤਰਾਂ ਵਿਚਲੀ ਵੇਦਨਾ ਨੂੰ ਪੜ੍ਹ ਕੇ ਗੁਰੂ ਪਿਤਾ ਦੀਆਂ ਅੱਖਾਂ ਭਰ ਆਈਆਂ ਅਤੇ ਉਨ੍ਹਾਂ ਬਾਬਾ ਬੁੱਢਾ ਜੀ ਨੂੰ ਲਾਹੌਰ ਵੱਲ ਰਵਾਨਾ ਕਰ ਦਿੱਤਾ। ਜਦੋਂ ਵਾਪਸ ਆਏ ਤਾਂ ਪਿਤਾ ਜੀ ਦੇ ਦਰਸ਼ਨ-ਦੀਦਾਰੇ ਕਰਕੇ ਨਿਹਾਲ ਹੋ ਗਏ ਲੰਮੇ ਵਿਛੋੜੇ ਤੋਂ ਬਾਅਦ ਮਿਲਾਪੀ ਪਲਾਂ 'ਚੋਂ ਪ੍ਰਾਪਤ ਹੋਈ ਆਪਣੀ ਆਨੰਦਮਈ ਅਵਸਥਾ ਨੂੰ ਉਨ੍ਹਾਂ ਇੰਜ ਬਿਆਨ ਕੀਤਾ ਹੈ :-

ਭਾਗੁ ਹੋਆ ਗੁਰਿ ਸੰਤੁ ਮਿਲਾਇਆ॥
ਪ੍ਰਭੁ ਅਬਿਨਾਸੀ ਘਰ ਮਹਿ ਪਾਇਆ॥

ਛੋਟੀ ਉਮਰੇ ਉਨ੍ਹਾਂ ਦੀ ਸੇਵਾ ਅਤੇ ਸਿਮਰਨ ਵਾਲੀ ਬਿਰਤੀ ਨੂੰ ਦੇਖਦਿਆਂ ਸ੍ਰੀ ਗੁਰੂ ਰਾਮਦਾਸ ਜੀ ਨੇ ਆਪਣੇ ਵੱਡੇ ਦੋਵਾਂ ਪੁੱਤਰਾਂ(ਪ੍ਰਿਥੀ ਚੰਦ ਅਤੇ ਮਹਾਂਦੇਵ) ਨੂੰ ਛੱਡ ਕੇ 1 ਸਤੰਬਰ 1581 ਈ. (2 ਅਸੂ ਸੰਮਤ 1638) ਨੂੰ ਸ਼ੁਕਰਵਾਰ ਵਾਲੇ ਦਿਨ ਗੁਰੂ ਨਾਨਕ ਦੇਵ ਦੇ ਘਰ ਦਾ ਪੰਜਵਾਂ ਵਾਰਿਸ ਥਾਪ ਦਿੱਤਾ। ਇਸ ਥਾਪਣਾ ਸਮੇਂ ਉਨ੍ਹਾਂ ਦੀ ਉਮਰ 18 ਸਾਲ 4 ਮਹੀਨੇ 14 ਦਿਨ ਸੀ। ਚੌਥੇ ਪਾਤਸ਼ਾਹ ਦੀ ਇਸ ਚੋਣ ਨਾਲ ਪ੍ਰਿਥੀ ਚੰਦ ਦੀਆਂ ਉਮੀਦਾਂ ਦੇ ਮਹਿਲ ਢਹਿ ਢੇਰੀ ਹੋ ਗਏ। ਉਹ ਗੁਰੂ ਜੀ ਨਾਲ ਬਹੁਤ ਲੋਹਾ-ਲਾਖਾ ਹੋਇਆ। ਗੁਰੂ ਰਾਮਦਾਸ ਜੀ ਨੇ ਉਸ ਨੂੰ ਪਿਆਰ ਨਾਲ ਸਮਝਾਉਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਉਸ ਦੀ ਸਮਝ 'ਤੇ ਲਾਲਚ ਭਾਰੂ ਹੋ ਚੁੱਕਾ ਸੀ। ਇਸ ਲਾਲਚ ਅਤੇ ਬੇਸਮਝੀ ਕਾਰਨ ਹੀ ਉਸ ਨੇ ਗੁਰੂ ਨਾਨਕ ਪਾਤਸ਼ਾਹ ਦੇ ਘਰ ਨੂੰ ਢਾਹ ਲਾਉਣ ਦੀਆਂ ਕਈ ਨਾਕਾਮ ਕੋਸ਼ਿਸ਼ਾਂ ਕੀਤੀਆਂ। ਇਨ੍ਹਾਂ ਕੋਸ਼ਿਸ਼ਾਂ ਤਹਿਤ ਉਸ ਨੇ ਜਿਥੇ ਸਿੱਖ ਸੰਗਤਾਂ ਨੂੰ ਵਕਤੀ ਤੌਰ 'ਤੇ ਗੁਮਰਾਹ ਕਰਨ ਦੀਆਂ ਕੋਝੀਆਂ ਚਾਲਾਂ ਚੱਲੀਆਂ ਉਥੇ ਗੁਰੂ ਕੇ ਲੰਗਰ ਨੂੰ ਮਸਤਾਨਾ ਕਰਨ ਵਿਚ ਵੀ ਆਪਣੀ ਨਾਂਹ-ਪੱਖੀ ਭੂਮਿਕਾ ਅਦਾ ਕੀਤੀ। ਗੁਰੂ ਅਰਜਨ ਦੇਵ ਜੀ ਨੇ ਗੁਰਗੱਦੀ 'ਤੇ ਬੈਠਦਿਆਂ ਸਾਰ ਹੀ ਸਭ ਤੋਂ ਪਹਿਲਾ ਪਵਿੱਤਰ ਕਾਰਜ ਰਾਮਦਾਸ ਸਰੋਵਰ ਨੂੰ ਪੱਕਾ ਕਰਨ ਦਾ ਕੀਤਾ। ਇਸ ਕਾਰਜ ਦੀ ਸੰਪੂਰਨਤਾ ਨਾਲ ਉਨ੍ਹਾਂ ਦੇ ਮਨ ਦੀ ਤਸੱਲੀ ਨਹੀਂ ਹੋਈ। ਇਸ ਮੁਕੱਦਸ ਸਰੋਵਰ ਦੇ ਵਿਚਾਲੇ ਉਨ੍ਹਾਂ ਨੇ ਇੱਕ ਅਜਿਹਾ ਮੰਦਰ (ਪਰਮੇਸ਼ਰ ਦੀ ਯਾਦ ਦਵਾਉਣ ਲਈ) ਉਸਾਰਨ ਦੀ ਵਿਉਂਤਬੰਦੀ ਕੀਤੀ ਜੋ ਬਾਕੀ ਮੰਦਰਾਂ ਨਾਲੋਂ ਵਿਲੱਖਣਾ ਹੋਵੇ।

# ਡੈਮ ਭਰੇ ਨੱਕੋ-ਨੱਕ, ਘੱਗਰ 'ਆਊਟ ਆਫ਼ ਕੰਟਰੋਲ' ਸ਼ਿਵਰਾਜ ਚੌਹਾਨ ਅੱਜ ਕਰਨਗੇ ਪੰਜਾਬ ਦਾ ਦੌਰਾ

## ਕੇਂਦਰੀ ਖੇਤੀ ਮੰਤਰੀ ਨੇ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਦੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਗੱਲਬਾਤ ਕੀਤੀ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਹਾੜਾਂ 'ਚੋਂ ਆਏ ਪਾਣੀ ਨੇ ਡੈਮਾਂ ਨੂੰ ਨੱਕੋ ਨੱਕ ਭਰ ਦਿੱਤਾ ਹੈ ਜਦੋਂ ਕਿ ਘੱਗਰ ਦਾ ਪਾਣੀ ਹੁਣ 'ਆਊਟ ਆਫ਼ ਕੰਟਰੋਲ' ਹੋਣ ਲੱਗਾ ਹੈ। ਪੌਂਗ ਡੈਮ 'ਚ ਲੰਘੀ ਰਾਤ ਤੋਂ ਵੱਧ ਤੋਂ ਵੱਧ ਪੌਣੇ ਤਿੰਨ ਲੱਖ ਕਿਊਸਿਕ ਪਾਣੀ ਆਇਆ ਹੈ ਅਤੇ ਪੌਂਗ ਡੈਮ ਖ਼ਤਰੇ ਦੇ ਨਿਸ਼ਾਨ ਤੋਂ ਕਰੀਬ ਚਾਰ ਫੁੱਟ ਉਪਰ ਚਲਾ ਗਿਆ ਹੈ। ਇਸੇ ਤਰ੍ਹਾਂ ਭਾਖੜਾ ਡੈਮ 'ਚ ਲੰਘੀ ਰਾਤ ਤੋਂ ਵੱਧ ਤੋਂ ਵੱਧ 1.15 ਲੱਖ ਕਿਊਸਿਕ ਪਾਣੀ ਆਇਆ ਹੈ ਅਤੇ ਖ਼ਤਰੇ ਦੇ ਨਿਸ਼ਾਨ ਤੋਂ ਭਾਖੜਾ ਡੈਮ 'ਚ ਪਾਣੀ ਦਾ ਪੱਧਰ ਦੋ ਫੁੱਟ ਹੇਠਾਂ ਰਹਿ ਗਿਆ ਹੈ। ਰਣਜੀਤ ਸਾਗਰ ਡੈਮ 'ਚ ਵੀ ਪਹਾੜਾਂ



'ਚੋਂ ਪਾਣੀ ਇੱਕ ਲੱਖ ਕਿਊਸਿਕ ਤੋਂ ਜ਼ਿਆਦਾ ਆਉਣ ਲੱਗਿਆ ਹੈ। ਵੱਡਾ ਖ਼ਤਰਾ ਹੁਣ ਘੱਗਰ ਬਣ ਗਿਆ ਹੈ। ਘੱਗਰ ਦੇ ਤਿੰਨ ਪ੍ਰਮੁੱਖ ਪੁਆਇੰਟਾਂ 'ਤੇ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਤੋਂ ਉਪਰ ਚਲਾ ਗਿਆ ਹੈ। ਅੱਜ ਘੱਗਰ 'ਚ ਇਕਦਮ 35,208 ਕਿਊਸਿਕ ਪਾਣੀ ਹੋਰ ਆਇਆ ਹੈ।

ਸਰਦੂਲਗੜ੍ਹ ਕੋਲ ਘੱਗਰ 'ਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ 'ਤੇ ਪੁੱਜ ਗਿਆ ਹੈ ਜਦੋਂ ਕਿ ਚਾਂਦਪੁਰ ਕੋਲ ਪਾਣੀ ਖ਼ਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ ਹੈ। ਇਸੇ ਤਰ੍ਹਾਂ ਖਨੌਰੀ ਕੋਲ ਘੱਗਰ 'ਚ ਪਾਣੀ ਖ਼ਤਰੇ ਦੇ ਨਿਸ਼ਾਨ ਨੂੰ ਪਾਰ ਕਰ ਚੁੱਕਾ ਹੈ। ਘੱਗਰ 'ਚ ਆਏ ਉਫ਼ਾਨ ਕਾਰਨ ਪਟਿਆਲਾ, ਸੰਗਰੂਰ ਤੇ ਮਾਨਸਾ 'ਚ ਅਲਰਟ ਜਾਰੀ ਕੀਤਾ ਗਿਆ ਹੈ। ਪਹਾੜਾਂ 'ਚੋਂ ਅਣਕਿਆਸੇ ਪਾਣੀ ਦੇ ਆਉਣ ਕਰਕੇ ਡੈਮਾਂ 'ਚੋਂ ਕਿਸੇ ਵੇਲੇ ਵੀ ਪਾਣੀ ਛੱਡਣ ਦੀ ਮਾਤਰਾ 'ਚ ਵਾਧਾ ਹੋ ਸਕਦਾ ਹੈ। ਘੱਗਰ ਦੇ ਆਸ ਪਾਸ ਦੇ ਸੈਂਕੜੇ ਪਿੰਡਾਂ 'ਤੇ ਹੁਣ ਮੁਸੀਬਤ ਆ ਪਈ ਹੈ।

ਇਸ ਦੌਰਾਨ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵੀਰਵਾਰ ਨੂੰ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨਗੇ। ਅੱਜ ਕੇਂਦਰੀ ਮੰਤਰੀ ਚੌਹਾਨ ਨੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਫੋਨ 'ਤੇ ਗੱਲ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਪਤਾ ਲੱਗਿਆ ਹੈ ਕਿ ਅੱਜ ਕੇਂਦਰੀ ਖੇਤੀ ਮੰਤਰੀ ਨੇ ਪੰਜਾਬ ਦੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਵੀ ਇਸ ਬਾਰੇ ਗੱਲਬਾਤ ਕੀਤੀ ਹੈ। ਪੰਜਾਬ ਆ ਰਹੇ ਕੇਂਦਰੀ ਮੰਤਰੀਆਂ ਦੇ ਵਫ਼ਦ ਵਿੱਚ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਤੋਂ ਇਲਾਵਾ ਕੇਂਦਰੀ ਰੇਲ ਰਾਜ ਮੰਤਰੀ ਅਤੇ ਰਾਜ ਸਭਾ ਮੈਂਬਰ ਰਵਨੀਤ ਸਿੰਘ ਬਿੱਟੂ, ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਹੋਰ ਸੀਨੀਅਰ ਆਗੂ ਸ਼ਾਮਲ ਹੋਣਗੇ। ਉਨ੍ਹਾਂ ਤੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਅਤੇ ਨੁਕਸਾਨ ਦਾ ਖੁਦ ਜਾਇਜ਼ਾ ਲੈਣ ਦੀ ਉਮੀਦ ਹੈ।

# ਪੰਜਾਬ ਸਰਕਾਰ ਨੇ ਸੂਬੇ ਨੂੰ ਆਫ਼ਤ ਪ੍ਰਭਾਵਿਤ ਐਲਾਨਿਆ

## ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਦੇ 1400 ਤੋਂ ਵੱਧ ਪਿੰਡ ਹੜ੍ਹਾਂ ਦੀ ਲਪੇਟ ਵਿੱਚ ਆਏ



**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਮੂ ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੀਆਂ ਪਹਾੜੀਆਂ ਦੇ ਨਾਲ ਨਾਲ ਪੰਜਾਬ ਦੇ ਮੈਦਾਨੀ ਇਲਾਕੇ ਵਿੱਚ ਵੀ ਪਿਛਲੇ ਤਿੰਨ ਦਿਨਾਂ ਤੋਂ ਲਗਾਤਾਰ ਪੈ ਰਹੇ ਮੀਂਹ ਕਰਕੇ ਸਮੁੱਚਾ ਪੰਜਾਬ ਹੜ੍ਹਾਂ ਦੀ ਲਪੇਟ ਵਿੱਚ ਆ ਚੁੱਕਾ ਹੈ। ਪੰਜਾਬ ਦੇ 23 ਜ਼ਿਲ੍ਹਿਆਂ ਦੇ 1400 ਤੋਂ ਵੱਧ ਪਿੰਡ ਹੜ੍ਹਾਂ ਦੀ ਮਾਰ ਝੱਲ ਰਹੇ ਹਨ ਅਤੇ ਸਥਿਤੀ ਲਗਾਤਾਰ ਗੰਭੀਰ ਹੁੰਦੀ ਜਾ ਰਹੀ ਹੈ। ਅਜਿਹੇ ਹਾਲਾਤ ਨੂੰ ਵੇਖਦਿਆਂ ਪੰਜਾਬ ਸਰਕਾਰ ਨੇ ਪੂਰੇ ਸੂਬੇ ਨੂੰ ਆਫ਼ਤ ਪ੍ਰਭਾਵੀ ਸੂਬਾ ਐਲਾਨ ਦਿੱਤਾ ਹੈ। ਇਸ ਦੇ ਨਾਲ ਹੀ ਰਾਹਤ ਕਾਰਜ ਹੋਰ ਤੇਜ਼ ਕਰ ਦਿੱਤੇ ਹਨ।

ਪੰਜਾਬ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਕਰਕੇ ਸੂਬੇ ਦੇ ਦਰਜਨਾਂ ਸ਼ਹਿਰ ਜਲਥਲ ਹੋਏ ਪਏ ਹਨ। ਇਸ ਦੇ ਨਾਲ ਹੀ ਹਿਮਾਚਲ ਦੀਆਂ ਪਹਾੜੀਆਂ ਵਿੱਚੋਂ ਆ ਰਹੇ ਪਾਣੀ ਕਰਕੇ ਰਾਵੀ ਅਤੇ ਬਿਆਸ ਤੋਂ ਬਾਅਦ ਸਤਲੁਜ ਦਰਿਆ ਵਿੱਚ ਵੀ ਪਾਣੀ ਦਾ ਪੱਧਰ ਵਧਣਾ ਸ਼ੁਰੂ ਹੋ ਗਿਆ ਹੈ। ਦੂਜੇ ਪਾਸੇ ਘੱਗਰ ਨਦੀ ਵਿੱਚ ਵੀ ਪਾਣੀ ਦਾ ਪੱਧਰ ਲਗਾਤਾਰ ਵਧਦਾ ਜਾ ਰਿਹਾ ਹੈ।

ਸਤਲੁਜ ਅਤੇ ਘੱਗਰ ਨਦੀ ਵਿੱਚ ਪਾਣੀ ਵਧਣ ਕਰਕੇ ਮਾਲਵਾ ਖਿੱਤੇ ਦੇ ਲੋਕਾਂ ਦੇ ਮਨਾਂ ਵਿੱਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ। ਲੋਕ ਵਾਰੋ ਵਾਰੀ ਸਤਲੁਜ ਤੇ ਘੱਗਰ ਦਰਿਆ ਦੇ ਕੰਢੇ ਜਾ ਜਾ ਕੇ ਪਾਣੀ ਦੇ ਪੱਧਰ 'ਤੇ ਨਜ਼ਰ ਮਾਰ ਰਹੇ ਹਨ ਉਥੇ ਹੀ ਸਥਾਨਕ ਪ੍ਰਸ਼ਾਸਨ ਵੱਲੋਂ ਵੀ 24 ਘੰਟੇ ਪਾਣੀ ਦੇ ਪੱਧਰ 'ਤੇ ਨਜ਼ਰ ਰੱਖੀ ਜਾ ਰਹੀ ਹੈ।

ਜਾਣਕਾਰੀ ਅਨੁਸਾਰ ਪੰਜਾਬ ਦੇ 23 ਜ਼ਿਲ੍ਹਿਆਂ ਦੇ 1400 ਤੋਂ ਵੱਧ ਪਿੰਡ ਹੜ੍ਹਾਂ ਦੀ ਮਾਰ ਹੇਠ ਹਨ। ਇਸ ਦੌਰਾਨ 4 ਲੱਖ ਏਕੜ ਦੇ ਕਰੀਬ ਫਸਲ ਪ੍ਰਭਾਵਿਤ ਹੋ ਚੁੱਕੀ ਅਤੇ ਸਾਢੇ ਤਿੰਨ ਲੱਖ ਤੋਂ ਵੱਧ ਲੋਕ ਅਸਰਅੰਦਾਜ਼ ਹੋ ਚੁੱਕੇ ਹਨ। ਇਸ ਦੇ ਨਾਲ ਹੀ ਹੜ੍ਹਾਂ ਕਰਕੇ 30 ਲੋਕਾਂ ਦੀ ਹੁਣ ਤੱਕ ਮੌਤ ਹੋ ਚੁੱਕੀ ਹੈ। ਹਾਲਾਂਕਿ ਸੂਬਾ ਸਰਕਾਰ ਵੱਲੋਂ 20 ਹਜ਼ਾਰ ਦੇ ਕਰੀਬ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮੌਜੂਦਾ ਸਮੇਂ 174 ਰਾਹਤ ਕੈਂਪ ਚਲਾਏ ਜਾ ਰਹੇ ਹਨ।

# ਪੰਜਾਬ ਦੇ ਸਕੂਲਾਂ ਤੇ ਕਾਲਜਾਂ 'ਚ 7 ਸਤੰਬਰ ਤੱਕ ਛੁੱਟੀਆਂ ਵਧਾਈਆਂ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਹੜ੍ਹਾਂ ਦਾ ਕਹਿਰ ਜਾਰੀ ਹੈ ਅਤੇ ਸਮੁੱਚੇ ਪੰਜਾਬ ਨੂੰ ਹੜ੍ਹਾਂ ਨੇ ਆਪਣੀ ਲਪੇਟ ਵਿੱਚ ਲਿਆ ਹੋਇਆ ਹੈ, ਜਿਸ ਨੂੰ ਲੈ ਕੇ ਪੰਜਾਬ ਦੇ ਸਕੂਲਾਂ-ਕਾਲਜਾਂ ਵਿੱਚ ਛੁੱਟੀਆਂ 7 ਸਤੰਬਰ ਤੱਕ ਵਧਾ ਦਿੱਤੀਆਂ ਗਈਆਂ ਹਨ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਸੂਬੇ ਦੇ ਸਾਰੇ ਸਰਕਾਰੀ/ਏਡਿਡ /ਮਾਨਤਾ ਪ੍ਰਾਪਤ/ਪ੍ਰਾਈਵੇਟ ਸਕੂਲਾਂ/ ਕਾਲਜਾਂ/ਯੂਨੀਵਰਸਿਟੀਆਂ ਅਤੇ ਪੋਲੀਟੈਕਨੀਕਲ ਕਾਲਜਾਂ ਵਿੱਚ 7 ਸਤੰਬਰ 2025 ਤੱਕ ਛੁੱਟੀਆਂ ਕੀਤੀਆਂ ਜਾਂਦੀਆਂ ਹਨ ।

# ਮਾਤਾ ਵੈਸ਼ਨੋ ਦੇਵੀ ਬੇਸ ਕੈਂਪ 'ਚ ਸਭ ਤੋਂ ਵੱਧ ਮੀਂਹ ਦਰਜ; ਯਾਤਰਾ ਅਜੇ ਵੀ ਮੁਲਤਵੀ

**ਕਟੜਾ/ਜੰਮੂ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਤ੍ਰਿਕੁਟਾ ਪਹਾੜੀਆਂ ਦੇ ਸਿਖਰ 'ਤੇ ਸਥਿਤ ਮਾਤਾ ਵੈਸ਼ਨੋ ਦੇਵੀ ਤੀਰਥ ਸਥਾਨ ਦੀ ਯਾਤਰਾ ਅੱਜ ਨੌਵੇਂ ਦਿਨ ਵੀ ਮੁਲਤਵੀ ਰਹੀ ਕਿਉਂਕਿ ਬੇਸ ਕੈਂਪ ਕਟੜਾ ਵਿੱਚ ਪਿਛਲੇ 24 ਘੰਟਿਆਂ ਦੌਰਾਨ 200 ਮਿਲੀਮੀਟਰ ਤੋਂ ਵੱਧ ਮੀਂਹ ਦਰਜ ਕੀਤਾ ਗਿਆ, ਜੋ ਕਿ ਜੰਮੂ ਖੇਤਰ ਵਿੱਚ ਸਭ ਤੋਂ ਵੱਧ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮੰਦਰ ਦੀ ਯਾਤਰਾ 26 ਅਗਸਤ ਨੂੰ ਮੁਲਤਵੀ ਕਰ ਦਿੱਤੀ ਗਈ ਸੀ। ਇਸ ਤੋਂ ਕੁਝ ਘੰਟੇ ਪਹਿਲਾਂ ਮੀਂਹ ਮਗਰੋਂ ਜ਼ਮੀਨ ਖਿਸਕਣ ਕਾਰਨ ਅਰਧਕੁਵਾਰੀ ਨੇੜੇ ਪੁਰਾਣੇ ਰਸਤੇ 'ਤੇ ਡਿੱਗੀਆਂ ਸੀ ਅਤੇ 34 ਸ਼ਰਧਾਲੂ ਮਾਰੇ ਗਏ ਸਨ ਅਤੇ 20 ਹੋਰ ਜ਼ਖ਼ਮੀ ਹੋ ਗਏ ਸਨ।

ਹਾਲਾਂਕਿ ਯਾਤਰਾ ਮੁਲਤਵੀ ਹੈ ਪਰ ਮੰਦਰ ਖੁੱਲ੍ਹਾ ਹੈ ਅਤੇ ਇੱਥੇ ਪੁਜਾਰੀ ਰੋਜ਼ਾਨਾ ਅਰਦਾਸ ਅਤੇ ਹੋਰ ਰਸਮਾਂ ਕਰਦੇ ਹਨ।

ਯਾਤਰਾ ਰੱਦ ਹੋਣ ਕਾਰਨ ਕਟੜਾ ਪਹੁੰਚੇ ਕੁਝ ਸ਼ਰਧਾਲੂ 'ਦਰਸ਼ਨੀ ਡਿਊੜੀ' (ਮੰਦਰ ਦੇ ਰਸਤੇ 'ਤੇ ਮੁੱਖ ਪ੍ਰਵੇਸ਼ ਦੁਆਰ) 'ਤੇ ਪ੍ਰਾਰਥਨਾ ਕਰ ਰਹੇ ਹਨ।

ਮਹਾਰਾਸ਼ਟਰ ਦੇ ਨਾਗਪੁਰ ਤੋਂ ਆਏ ਇੱਕ ਸ਼ਰਧਾਲੂ ਪ੍ਰਮੋਦ ਨੇ ਦੱਸਿਆ, "ਮੈਂ ਲਗਭਗ ਤਿੰਨ ਮਹੀਨੇ ਪਹਿਲਾਂ ਇਸ ਤੀਰਥ ਸਥਾਨ 'ਤੇ ਨਤਮਸਤਕ ਹੋਣ ਲਈ ਆਪਣੀ ਫਲਾਈਟ, ਰੇਲਗੱਡੀ ਅਤੇ ਹੋਟਲ ਦੀਆਂ ਟਿਕਟਾਂ ਬੁੱਕ ਕੀਤੀਆਂ ਸਨ ਪਰ ਯਾਤਰਾ ਮੁਅੱਤਲ ਹੈ, ਇਸ ਲਈ ਮੈਂ ਘਰ ਵਾਪਸ ਆਉਣ ਤੋਂ ਪਹਿਲਾਂ ਇੱਥੇ (ਦਰਸ਼ਨੀ ਡਿਊੜੀ) 'ਤੇ ਆਪਣੀ ਅਰਦਾਸ ਕਰ ਰਿਹਾ ਹਾਂ।"

ਲਗਾਤਾਰ ਬਾਰਸ਼ ਕਾਰਨ ਨਦੀਆਂ ਅਤੇ ਨਾਲਿਆਂ ਵਿੱਚ ਪਾਣੀ ਦਾ ਪੱਧਰ ਵਧ ਗਿਆ ਹੈ, ਖਾਸ ਕਰਕੇ ਬਾਣਗੰਗਾ ਨਦੀ, ਜੋ ਕਿ ਸ਼ਹਿਰ ਵਿੱਚੋਂ ਲੰਘਦੀ ਹੈ।

# ਯੂ. ਕੇ. ਦੋ ਕਾਰਾਂ ਦੀ ਟੱਕਰ; ਦੋ ਭਾਰਤੀ ਵਿਦਿਆਰਥੀ ਹਲਾਕ, ਪੰਜ ਦੀ ਹਾਲਤ ਗੰਭੀਰ

**ਲੰਡਨ,4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦੱਖਣ-ਪੂਰਬੀ ਇੰਗਲੈਂਡ ਦੇ Essex ਵਿੱਚ ਦੋ ਕਾਰਾਂ ਦੀ ਟੱਕਰ ਦੌਰਾਨ ਤਿਲੰਗਾਨਾ ਦੇ ਦੋ ਵਿਦਿਆਰਥੀਆਂ ਦੀ ਮੌਤ ਹੋ ਗਈ ਹੈ, ਜਦੋਂ ਕਿ ਪੰਜ ਹੋਰ ਗੰਭੀਰ ਜ਼ਖ਼ਮੀ ਹੋਏ ਹਨ। ਇੱਕ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਸੋਮਵਾਰ ਸਵੇਰੇ ਰੇਲੇ ਸਪੁਰ ਚੌਕ 'ਤੇ ਵਾਪਰੇ ਹਾਦਸੇ ਦੌਰਾਨ (23 ਸਾਲਾ) ਦੀ ਮੌਕੇ 'ਤੇ ਮੌਤ ਹੋ ਗਈ, ਜਦੋਂ ਕਿ 21 ਸਾਲਾ ਰਿਸ਼ੀ ਤੇਜਾ ਰਾਜਪੋਲੂ (21 ਸਾਲਾ) ਨੇ ਹਸਪਤਾਲ ਵਿੱਚ ਦਮ ਤੋੜ ਦਿੱਤਾ।

ਪੁਲੀਸ ਨੇ ਕਿਹਾ ਕਿ ਹਾਦਸੇ ਸਮੇਂ ਕਾਰਾਂ ਚਲਾ ਰਹੇ ਪੂਰਬੀ ਲੰਡਨ ਦੇ ਦੋ ਹੋਰ ਨੌਜਵਾਨਾਂ ਨੂੰ ਜ਼ਮਾਨਤ 'ਤੇ ਰਿਹਾਅ ਕਰਨ ਤੋਂ ਪਹਿਲਾਂ ਖ਼ਤਰਨਾਕ ਡਰਾਈਵਿੰਗ ਦੇ ਸ਼ੱਕ ਹੇਠ ਗ੍ਰਿਫ਼ਤਾਰ ਕੀਤਾ ਗਿਆ ਸੀ। ਪੁਲੀਸ ਨੇ ਇੱਕ ਬਿਆਨ ਵਿੱਚ ਕਿਹਾ, "ਦੁੱਖ ਦੀ ਗੱਲ ਹੈ ਕਿ ਇੱਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਦੂਜੇ ਨੇ ਹਸਪਤਾਲ ਵਿੱਚ ਦਮ ਤੋੜ ਦਿੱਤਾ।

# ਮੁਅੱਤਲ ਬੀਆਰਐੱਸ ਨੇਤਾ ਕਵਿਤਾ ਨੇ ਪਾਰਟੀ ਤੋਂ ਅਸਤੀਫ਼ਾ ਦਿੱਤਾ; ਐੱਮਐੱਲਸੀ ਅਹੁਦਾ ਛੱਡਣ ਦਾ ਐਲਾਨ

**ਹੈਦਰਾਬਾਦ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕੇਸੀਆਰ ਦੀ ਅਗਵਾਈ ਵਾਲੀ ਬੀਆਰਐੱਸ ਤੋਂ ਮੁਅੱਤਲ ਹੋਣ ਤੋਂ ਇੱਕ ਦਿਨ ਬਾਅਦ ਸੀਨੀਅਰ ਨੇਤਾ ਕੇ ਕਵਿਤਾ ਨੇ ਅੱਜ ਪਾਰਟੀ ਤੋਂ ਅਸਤੀਫ਼ਾ ਦੇਣ ਦਾ ਐਲਾਨ ਕੀਤਾ ਅਤੇ ਆਪਣੇ ਚਚੇਰੇ ਭਰਾ ਅਤੇ ਸਾਬਕਾ ਮੰਤਰੀ ਟੀ ਹਰੀਸ਼ ਰਾਓ 'ਤੇ ਨਿਸ਼ਾਨਾ ਸੇਧਿਆ।

ਪਾਰਟੀ ਦੇ ਸੰਸਥਾਪਕ ਅਤੇ ਤਿਲੰਗਾਨਾ ਦੇ ਸਾਬਕਾ ਮੁੱਖ ਮੰਤਰੀ ਕੇ ਚੰਦਰਸ਼ੇਖਰ ਰਾਓ (ਕੇਸੀਆਰ) ਦੀ ਧੀ ਕਵਿਤਾ ਨੇ ਵੀ ਵਿਧਾਨ ਪਰਿਸ਼ਦ ਦੇ ਮੈਂਬਰ ਵਜੋਂ ਅਸਤੀਫਾ ਦੇਣ ਦਾ ਐਲਾਨ ਕੀਤਾ ਅਤੇ ਸੰਕੇਤ ਦਿੱਤਾ ਕਿ ਉਨ੍ਹਾਂ ਦੇ ਪਿਤਾ 'ਤੇ ਉਸ ਖ਼ਿਲਾਫ਼ ਕਾਰਵਾਈ ਕਰਨ ਲਈ 'ਦਬਾਅ' ਪਾਇਆ ਜਾ ਰਿਹਾ ਸੀ।

ਉਨ੍ਹਾਂ ਹਰੀਸ਼ ਰਾਓ 'ਤੇ ਕੇਸੀਆਰ ਦੇ ਪਰਿਵਾਰ ਖ਼ਿਲਾਫ਼ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ।

ਆਪਣੇ ਸਮਰਥਕਾਂ ਨਾਲ ਇੱਥੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 47 ਸਾਲਾ ਸਾਬਕਾ ਸੰਸਦ ਮੈਂਬਰ ਨੇ ਹਰੀਸ਼ ਰਾਓ 'ਤੇ ਮੁੱਖ ਮੰਤਰੀ ਏ ਰੇਵੰਤ ਰੈੱਡੀ ਨਾਲ ਗੱਢ-ਤੁੱਪ ਰੱਖਣ ਦਾ ਦੋਸ਼ ਲਗਾਇਆ।

ਉਨ੍ਹਾਂ ਕਿਹਾ, "ਮੈਂ ਕਦੇ ਵੀ ਕਿਸੇ ਅਹੁਦੇ ਦੀ ਇੱਛਾ ਨਹੀਂ ਰੱਖੀ। ਮੈਂ (ਵਿਧਾਨ ਪਰਿਸ਼ਦ) ਦੇ ਚੇਅਰਮੈਨ ਨੂੰ ਅਸਤੀਫਾ ਪੱਤਰ ਭੇਜ ਰਹੀ ਹਾਂ... ਮੈਂ ਕੇਸੀਆਰ ਨੂੰ ਬੀਆਰਐੱਸ ਦੀ ਮੁੱਢਲੀ ਮੈਂਬਰਸ਼ਿਪ ਤੋਂ ਵੀ ਅਸਤੀਫ਼ਾ ਭੇਜ ਰਹੀ ਹਾਂ।"

ਕਵਿਤਾ ਨੇ ਕਿਹਾ ਕਿ ਉਸ ਦੇ ਭਰਾ ਅਤੇ ਬੀਆਰਐੱਸ ਦੇ ਕਾਰਜਕਾਰੀ ਪ੍ਰਧਾਨ ਕੇਟੀ ਰਾਮਾ ਰਾਓ ਨੂੰ ਹਰੀਸ਼ ਰਾਓ ਦੀਆਂ ਕਥਿਤ ਸਾਜ਼ਿਸ਼ਾਂ ਬਾਰੇ 'ਸਾਵਧਾਨ' ਰਹਿਣਾ ਚਾਹੀਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜਦੋਂ ਉਸ ਖ਼ਿਲਾਫ਼ 'ਦੁਰਭਾਵਨਾਪੂਰਨ ਮੁਹਿੰਮ' ਚਲਾਈ ਗਈ ਸੀ ਤਾਂ ਉਨ੍ਹਾਂ ਦੇ ਭਰਾ ਨੇ ਉਸ ਦਾ ਸਮਰਥਨ ਨਹੀਂ ਕੀਤਾ।

ਕਵਿਤਾ ਨੇ ਦੋਸ਼ ਲਗਾਇਆ ਕਿ ਕਾਲੇਸ਼ਵਰਮ ਸਿੰਜਾਈ ਪ੍ਰਾਜੈਕਟ ਵਿੱਚ ਕਥਿਤ ਬੇਨਿਯਮੀਆਂ ਸਬੰਧੀ ਕਾਂਗਰਸ ਸਰਕਾਰ ਵੱਲੋਂ ਕੇਸੀਆਰ ਖ਼ਿਲਾਫ਼ ਐਲਾਨੀ ਗਈ ਸੀਬੀਆਈ ਜਾਂਚ ਚਚੇਰੇ ਭਰਾਵਾਂ ਹਰੀਸ਼ ਰਾਓ ਅਤੇ ਸੰਤੋਸ਼ ਰਾਓ ਦੇ ਭ੍ਰਿਸ਼ਟਾਚਾਰ ਕਾਰਨ ਸੀ।

ਉਨ੍ਹਾਂ ਕਿਹਾ ਕਿ ਉਹ ਕਿਸੇ ਵੀ ਸਿਆਸੀ ਪਾਰਟੀ ਵਿੱਚ ਸ਼ਾਮਲ ਨਹੀਂ ਹੋ ਰਹੀ ਹੈ ਅਤੇ ਸਮਰਥਕਾਂ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ ਭਵਿੱਖ ਦੀ ਕਾਰਵਾਈ ਦਾ ਫ਼ੈਸਲਾ ਲਿਆ ਜਾਵੇਗਾ।

# ਨਦੀਆਂ 'ਚ ਵਾਧੂ ਪਾਣੀ ਆਉਣ ਕਰਕੇ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰਾ ਚੌਕਸ ਤੇ ਹਰ ਪੱਧਰ 'ਤੇ ਵਿਆਪਕ ਪ੍ਰਬੰਧ: ਮੁਹੰਮਦ ਤਾਇਬ, ਡਾ. ਪ੍ਰੀਤੀ ਯਾਦਵ



**ਘਨੌਰ/ਪਟਿਆਲਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਆਈ.ਏ.ਐਸ ਅਧਿਕਾਰੀ ਤੇ ਸਕੱਤਰ ਜੇਲ੍ਹਾਂ ਮੁਹੰਮਦ ਤਾਇਬ ਅਤੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਘਨੌਰ ਇਲਾਕੇ ਦੇ ਘੱਗਰ ਨਾਲ ਲੱਗਦੇ ਕਈ ਪਿੰਡਾਂ ਦਾ ਦੌਰਾ ਕਰਕੇ ਘੱਗਰ ਦਾ ਜਾਇਜ਼ਾ ਲਿਆ। ਸਰਾਲਾ ਹੈਡ ਵਿਖੇ ਗੇਜ਼ ਦੇਖਦਿਆਂ ਉਨ੍ਹਾਂ ਕਿਹਾ ਕਿ ਲਗਾਤਾਰ ਪੈ ਰਹੀ ਬਰਸਾਤ ਕਰਕੇ ਜ਼ਿਲ੍ਹੇ ਵਿੱਚੋਂ ਲੰਘਦੀਆਂ ਨਦੀਆਂ ਘੱਗਰ, ਟਾਂਗਰੀ ਤੇ ਮਾਰਕੰਡਾ ਦੇ ਵਾਧੂ ਪਾਣੀ ਕਰਕੇ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਅਤੇ ਹਰ ਪੱਧਰ 'ਤੇ ਬਚਾਅ ਕਾਰਜਾਂ ਸਬੰਧੀ ਵਿਆਪਕ ਪ੍ਰਬੰਧ ਕੀਤੇ ਗਏ ਹਨ।

ਇਸ ਮੌਕੇ ਦੋਵਾਂ ਅਧਿਕਾਰੀਆਂ ਨੇ ਘੱਗਰ ਨਦੀ ਦੇ ਕਮਜ਼ੋਰ ਹੋਏ ਬੰਨ੍ਹਾਂ ਨੂੰ ਮਜ਼ਬੂਤ ਕਰਨ ਦੇ ਚੱਲ ਰਹੇ ਕਾਰਜਾਂ ਦਾ ਵੀ ਨਿਰੀਖਣ ਕੀਤਾ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਘੱਗਰ 'ਚ ਵਧੇ ਪਾਣੀ ਕਰਕੇ 21 ਪਿੰਡਾਂ ਦੇ ਵਸਨੀਕਾਂ ਨੂੰ ਚਿਤਾਵਨੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਐਸ.ਡੀ.ਐਮ. ਰਾਜਪੁਰਾ ਅਵਿਕੇਸ਼ ਗੁਪਤਾ ਵੱਲੋਂ ਘੱਗਰ ਦੇ ਨੇੜਲੇ ਕਈ ਪਿੰਡਾਂ, ਸੰਜਰਪੁਰ, ਊਂਟਸਰ, ਦੜਬਾ, ਸਲੇਮਪੁਰ, ਸ਼ਮਸ਼ਪੁਰ, ਜੰਡਮਗੋਲੀ, ਹਰਪਾਲਾਂ, ਰਾਮਪੁਰ, ਸੌਂਟਾ, ਮਾਰੀਆਂ, ਕਪੂਰੀ, ਕਮਾਲਪੁਰ, ਸਰਾਲਾ ਕਲਾਂ, ਸਰਾਲਾ ਖ਼ੁਰਦ, ਕਾਮੀ ਖ਼ੁਰਦ, ਚਮਾਰੂ, ਲਾਛੜੂ ਖੁਰਦ, ਮਹਿਦੂਦਾਂ, ਮੰਜੌਲੀ, ਮਾੜੂ, ਜੰਬੋਮਾਜਰਾ, ਜਮੀਤਗੜ੍ਹ, ਮਹਿਮਦਪੁਰ ਪਿੰਡਾਂ ਦੇ ਵਸਨੀਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣ ਲਈ ਕਿਹਾ ਗਿਆ ਹੈ ਕਿਉਂਕਿ ਇੱਥੇ ਹਾਈ ਅਲਰਟ ਜਾਰੀ ਕੀਤਾ ਗਿਆ ਹੈ। ਇੱਥੇ ਦੇ ਲੋਕ ਕਿਸੇ ਸੂਚਨਾ ਲਈ ਰਾਜਪੁਰਾ ਦੇ ਫਲੱਡ ਕੰਟਰੋਲ ਰੂਮ ਦੇ ਨੰਬਰ 01762-224132 'ਤੇ ਸੰਪਰਕ ਕਰ ਸਕਦੇ ਹਨ ਅਤੇ ਰਾਜਪੁਰਾ

ਇਸੇ ਤਰ੍ਹਾਂ ਦੂਧਨਸਾਧਾਂ ਸਬ ਡਵੀਜ਼ਨ ਦੇ ਟਾਂਗਰੀ ਨਦੀ ਨੇੜਲੇ ਪਿੰਡਾਂ ਲਈ ਹਾਈ ਅਲਰਟ ਜਾਰੀ ਕੀਤਾ ਗਿਆ ਹੈ ਕਿਉਂਕਿ ਅੰਬਾਲਾ ਅਤੇ ਕਾਲਾ ਅੰਬ ਦੇ ਉੱਪਰਲੇ ਖੇਤਰਾਂ ਵਿੱਚ ਭਾਰੀ ਬਾਰਿਸ਼ ਕਾਰਨ, ਟਾਂਗਰੀ ਨਦੀ ਦਾ ਪਾਣੀ ਦਾ ਪੱਧਰ ਅੰਬਾਲਾ ਵਿੱਚ ਖ਼ਤਰੇ ਦੇ ਨਿਸ਼ਾਨ ਦੇ ਨੇੜੇ ਵੱਧਣ ਕਰਕੇ ਦੇਵੀਗੜ੍ਹ ਖੇਤਰ 'ਚ ਵੀ ਪਾਣੀ ਆ ਸਕਦਾ ਹੈ। ਇਸ ਪਾਣੀ ਦੇ ਵਧਣ ਕਰਕੇ ਟਾਂਗਰੀ ਦੇ ਸੱਜੇ ਪਾਸੇ ਮਹਿਮੂਦਪੁਰ ਰੁੜਕੀ, ਦੇਵੀਨਗਰ, ਹਰੀਗੜ੍ਹ, ਰੋਹੜ ਜਗੀਰ, ਲੇਹਲਾਂ ਜਗੀਰ, ਦੁਧਨਗੁਜਰਾਂ, ਅਦਾਲਤੀਵਾਲਾ, ਮੱਘਰ ਸਾਹਿਬ ਅਤੇ ਟਾਂਗਰੀ ਦੇ ਖੱਬੇ ਪਾਸੇ ਮੋਹਲਗੜ੍ਹ, ਖਾਂਸਾ, ਰੱਤਾਖੇੜਾ, ਔਜਾਂ, ਖਤੌਲੀ, ਗਣੇਸ਼ਪੁਰ, ਖਰਾਬਗੜ੍ਹ, ਬੀਬੀਪੁਰ, ਜੋਧਪੁਰ, ਬੁਧਮੋਰ, ਸਾਦਿਕਪੁਰ ਬੀੜਾਂ ਪਿੰਡ ਪ੍ਰਭਾਵਤ ਹੋ ਸਕਦੇ ਹਨ। ਇਨ੍ਹਾਂ ਇਲਾਕਿਆਂ ਦੇ ਨਿਵਾਸੀਆਂ ਨੂੰ ਸੁਚੇਤ ਰਹਿਣ, ਨਦੀ ਦੇ ਨੇੜੇ ਜਾਣ ਤੋਂ ਬਚਣ ਅਤੇ ਸਾਰੀਆਂ ਅਧਿਕਾਰਤ ਹਦਾਇਤਾਂ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਥਾਨਕ ਨਿਵਾਸੀ ਕਿਸੇ ਵੀ ਸੂਚਨਾ ਲਈ ਤੁਰੰਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਕੰਟਰੋਲ ਰੂਮ ਨੰਬਰ 0175-2350550 ਤੇ 2358550 ਉਪਰ ਸੰਪਰਕ ਕਰਨ, ਕਿਉਂਕਿ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਭਾਵਿਤ ਖੇਤਰਾਂ ਵਿੱਚ ਸੁਰੱਖਿਆ ਰਾਹਤ ਕੈਂਪ ਬਣਾਏ ਗਏ ਹਨ ਅਤੇ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਨਾਗਰਿਕਾਂ ਨੂੰ ਬੇਨਤੀ ਕੀਤੀ ਕਿ ਉਹ ਅਫ਼ਵਾਹਾਂ ਤੋਂ ਸੁਚੇਤ ਰਹਿਣ ਅਤੇ ਸਿਰਫ਼ ਸਰਕਾਰੀ ਹਦਾਇਤਾਂ ਦਾ ਹੀ ਪਾਲਣ ਕਰਨ।

# ਉਮਰ ਅਬਦੁੱਲਾ ਵੱਲੋਂ ਹਾਲਾਤ ਦਾ ਜਾਇਜ਼ਾ; ਜੰਮੂ ਕਸ਼ਮੀਰ 'ਚ ਸਕੂਲ, ਕਾਲਜ ਤੇ ਕੌਮੀ ਮਾਰਗ ਬੰਦ



**ਸ੍ਰੀ ਨਗਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਬਦੁੱਲਾ ਨੇ ਪ੍ਰਸ਼ਾਸਨ ਨੂੰ ਜ਼ਮੀਨੀ ਪ੍ਰਤੀਕਿਰਿਆ ਨੂੰ ਤੇਜ਼ ਕਰਨ, ਪਾਣੀ ਭਰੇ ਖੇਤਰਾਂ ਦੀ ਸਫ਼ਾਈ ਨੂੰ ਯਕੀਨੀ ਬਣਾਉਣ, ਜ਼ਰੂਰੀ ਸੇਵਾਵਾਂ ਦੀ ਸੁਰੱਖਿਆ ਕਰਨ, ਨਾਜ਼ੁਕ ਖੇਤਰਾਂ ਵਿੱਚ ਸਮੇਂ ਸਿਰ ਨਿਕਾਸੀ ਕਰਨ ਅਤੇ ਤੁਰੰਤ ਰਾਹਤ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ।

ਮੁੱਖ ਮੰਤਰੀ ਦਫ਼ਤਰ ਨੇ ਕਿਹਾ, "ਮਾਨਯੋਗ ਮੰਤਰੀਆਂ ਨੇ ਜੰਮੂ ਦੀ ਸਥਿਤੀ ਬਾਰੇ ਜਾਣਕਾਰੀ ਦਿੱਤੀ, ਜਦੋਂ ਕਿ ਮਾਨਯੋਗ ਮੰਤਰੀ ਅਤੇ ਮੁੱਖ ਮੰਤਰੀ ਦੇ ਸਲਾਹਕਾਰ ਨੇ ਕਸ਼ਮੀਰ ਦੀ ਸਥਿਤੀ ਬਾਰੇ ਤਾਜ਼ਾ ਜਾਣਕਾਰੀ ਮੁਹੱਈਆ ਕਰਵਾਈ। ਮੁੱਖ ਮੰਤਰੀ ਨੇ ਲੋਕਾਂ ਨੂੰ ਸਲਾਹਾਂ ਦੀ ਪਾਲਣਾ ਕਰਨ, ਸੰਵੇਦਨਸ਼ੀਲ ਥਾਵਾਂ ਤੋਂ ਬਚਣ ਅਤੇ ਸੁਰੱਖਿਅਤ ਰਹਿਣ ਦੀ ਅਪੀਲ ਕੀਤੀ।"

ਹਾਲਾਂਕਿ ਜੇਹਲਮ ਨਦੀ ਅਤੇ ਇਸ ਦੀਆਂ ਸਹਾਇਕ ਨਦੀਆਂ ਖ਼ਤਰੇ ਦੇ ਨਿਸ਼ਾਨ ਤੋਂ ਕਾਫ਼ੀ ਥੱਲੇ ਵਹਿ ਰਹੀਆਂ ਹਨ। ਅਧਿਕਾਰੀਆਂ ਨੇ ਕਿਹਾ ਕਿ ਮੰਗਲਵਾਰ ਤੋਂ ਮੀਂਹ ਸ਼ੁਰੂ ਹੋਣ ਤੋਂ ਬਾਅਦ ਸ੍ਰੀਨਗਰ ਸਣੇ ਦੱਖਣੀ ਅਤੇ ਮੱਧ ਕਸ਼ਮੀਰ ਦੇ ਕੁਝ ਹਿੱਸਿਆਂ ਵਿੱਚ ਪਾਣੀ ਦਾ ਪੱਧਰ ਤੇਜ਼ੀ ਨਾਲ ਵਧਿਆ ਹੈ।

ਸਿੰਜਾਈ ਅਤੇ ਹੜ੍ਹ ਕੰਟਰੋਲ ਵਿਭਾਗ ਨੇ ਕਿਹਾ ਕਿ ਲਗਾਤਾਰ ਮੀਂਹ ਕਾਰਨ ਪਾਣੀ ਦਾ ਪੱਧਰ ਹੋਰ ਵਧ ਸਕਦਾ ਹੈ। ਵਿਭਾਗ ਨੇ X 'ਤੇ ਇੱਕ ਪੋਸਟ ਵਿੱਚ ਕਿਹਾ, "ਸਾਰੇ ਸਬੰਧਤ ਅਧਿਕਾਰੀਆਂ ਨੂੰ ਸੁਚੇਤ ਰਹਿਣ ਅਤੇ ਜ਼ਰੂਰੀ ਉਪਾਅ ਕਰਨ ਦੀ ਅਪੀਲ ਕੀਤੀ ਜਾਂਦੀ ਹੈ। ਆਮ ਲੋਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਜਲ ਸਰੋਤਾਂ ਦੇ ਨੇੜੇ ਨਾ ਜਾਣ ਅਤੇ ਸਾਵਧਾਨੀ ਵਰਤਣ। ਹੜ੍ਹ ਡਿਊਟੀਆਂ 'ਤੇ ਨਿਯੁਕਤ ਸਾਰੇ ਅਧਿਕਾਰੀਆਂ ਨੂੰ ਤੁਰੰਤ ਆਪਣੀਆਂ ਪੋਸਟਾਂ 'ਤੇ ਰਿਪੋਰਟ ਕਰਨੀ ਚਾਹੀਦੀ ਹੈ।" ਪਿਛਲੇ 24 ਘੰਟਿਆਂ ਦੌਰਾਨ ਭਾਰੀ ਮੀਂਹ ਕਾਰਨ ਜ਼ਮੀਨ ਖਿਸਕਣ, ਪੱਥਰ ਡਿੱਗਣ ਅਤੇ ਕਈ ਥਾਵਾਂ 'ਤੇ ਪਾਣੀ ਭਰਨ ਕਾਰਨ ਜੰਮੂ-ਸ੍ਰੀਨਗਰ ਕੌਮੀ ਰਾਜਮਾਰਗ (©8-44) ਵੀ ਬੰਦ ਹੋ ਗਿਆ। ਅਧਿਕਾਰੀਆਂ ਨੇ ਕਿਹਾ, "ਹਾਈਵੇਅ ਨੂੰ ਹਰ ਤਰ੍ਹਾਂ ਦੇ ਵਾਹਨਾਂ ਦੀ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਹੈ।"

ਸਾਵਧਾਨੀ ਵਜੋਂ ਕਸ਼ਮੀਰ ਡਿਵੀਜ਼ਨ ਦੇ ਸਾਰੇ ਵਿਦਿਅਕ ਅਦਾਰੇ ਦਿਨ ਭਰ ਲਈ ਬੰਦ ਕਰ ਦਿੱਤੇ ਗਏ ਹਨ। ਇਸ ਤੋਂ ਇਲਾਵਾ ਅੱਜ ਹੋਣ ਵਾਲੀਆਂ ਕਸ਼ਮੀਰ ਯੂਨੀਵਰਸਿਟੀ ਅਤੇ ਘਾਟੀ ਦੀਆਂ ਹੋਰ ਯੂਨੀਵਰਸਿਟੀਆਂ ਦੀਆਂ ਵੱਖ-ਵੱਖ ਪ੍ਰੀਖਿਆਵਾਂ ਵੀ ਮੁਲਤਵੀ ਕਰ ਦਿੱਤੀਆਂ ਗਈਆਂ ਹਨ।

# ਪੰਜਾਬ ਦੇ ਸਾਰੇ ਹੁਨਰ ਵਿਕਾਸ ਕੇਂਦਰ, ਸੀ-ਪਾਈਟ ਕੈਂਪ ਅਤੇ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ 7 ਸਤੰਬਰ ਤੱਕ ਰਹਿਣਗੇ ਬੰਦ: ਅਮਨ ਅਰੋੜਾ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਭਾਰੀ ਮੀਂਹ ਅਤੇ ਹੜ੍ਹਾਂ ਦੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਮੋਹਾਲੀ ਸਥਿਤ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਪੰਜਾਬ ਭਰ ਦੇ ਸਾਰੇ ਹੁਨਰ ਵਿਕਾਸ ਕੇਂਦਰ ਅਤੇ ਸੀ-ਪਾਈਟ ਕੈਂਪ ਮਿਤੀ 7 ਸਤੰਬਰ, 2025 ਤੱਕ ਬੰਦ ਰਹਿਣਗੇ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਹ ਫ਼ੈਸਲਾ ਸਿਖਿਆਰਥੀਆਂ, ਸਟਾਫ਼ ਅਤੇ ਭਾਈਵਾਲਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਾਸਤੇ ਇਹਤਿਆਤੀ ਤੌਰ ਉਤੇ ਲਿਆ ਗਿਆ ਹੈ। ਇਨ੍ਹਾਂ ਸੰਸਥਾਵਾਂ ਵਿੱਚ ਛੁੱਟੀਆਂ ਹੋਣ ਨਾਲ



ਅਧਿਕਾਰੀਆਂ ਨੂੰ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਅਤੇ ਬਚਾਅ ਕਾਰਜਾਂ 'ਤੇ ਵਧੇਰੇ ਧਿਆਨ ਕੇਂਦਰਿਤ ਕਰਨ ਦਾ ਮੌਕਾ ਮਿਲੇਗਾ।

ਸ੍ਰੀ ਅਮਨ ਅਰੋੜਾ ਨੇ ਸਿਖਿਆਰਥੀਆਂ, ਭਾਈਵਾਲਾਂ ਨੂੰ ਸਥਾਨਕ ਪ੍ਰਸ਼ਾਸਨ ਅਤੇ ਸੂਬਾ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ। ਉਹਨਾਂ ਕਿਹਾ ਕਿ ਸਿਖਿਆਰਥੀਆਂ ਅਤੇ ਸਟਾਫ਼ ਦੀ ਸੁਰੱਖਿਆ ਸਾਡੀ ਪ੍ਰਮੁੱਖ ਤਰਜੀਹ ਹੈ ਅਤੇ ਸੂਬਾ ਸਰਕਾਰ ਆਪਣੇ ਨਾਗਰਿਕਾਂ ਅਤੇ ਉਨ੍ਹਾਂ ਦੇ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੀ ਹੈ।

# ਗਿੱਦੜਪਿੰਡੀ ਤੇ ਮਖੂ ਦਰਮਿਆਨ ਰੇਲਵੇ ਪੁਲ 'ਤੇ ਪਾਣੀ ਖ਼ਤਰੇ ਦੇ ਨਿਸ਼ਾਨ ਤੋਂ ਪਾਰ

**ਫਿਰੋਜ਼ਪੁਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਿਰੋਜ਼ਪੁਰ ਰੇਲ ਮਾਰਗ 'ਤੇ ਸਥਿਤ ਗਿੱਦੜਪਿੰਡੀ ਅਤੇ ਮਖੂ ਵਿਚਕਾਰ ਬਣੇ ਰੇਲਵੇ ਪੁਲ ਨੰਬਰ 84 'ਤੇ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਤੋਂ ਉੱਪਰ ਪਹੁੰਚਣ ਕਾਰਨ ਰੇਲਵੇ ਨੂੰ ਵੱਡਾ ਫੈਸਲਾ ਲੈ ਕੇ ਬਦਲਵਾਂ ਪ੍ਰਬੰਧ ਕਰਨਾ ਪਿਆ ਹੈ। ਇਸ ਕਾਰਨ ਇਸ ਮਾਰਗ 'ਤੇ ਚੱਲਣ ਵਾਲੀਆਂ ਕਈ ਯਾਤਰੀ ਅਤੇ ਐਕਸਪ੍ਰੈਸ ਰੇਲ ਗੱਡੀਆਂ ਨੂੰ ਰੱਦ ਕਰ ਦਿੱਤਾ ਗਿਆ ਹੈ, ਜਦਕਿ ਕੁਝ ਰੇਲ ਗੱਡੀਆਂ ਦੇ ਰੂਟਾਂ ਵਿੱਚ ਬਦਲਾਅ ਕੀਤਾ ਗਿਆ ਹੈ। ਇਸ ਕਾਰਨ ਯਾਤਰੀਆਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।



ਰੇਲਵੇ ਅਧਿਕਾਰੀਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਨ੍ਹਾਂ ਰੇਲ ਗੱਡੀਆਂ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਗਿਆ ਹੈ, ਉਨ੍ਹਾਂ ਵਿਚ ਰੇਲ ਗੱਡੀ ਨੰਬਰ 74939 (ਜਲੰਧਰ ਸਿਟੀ-ਫਿਰੋਜ਼ਪੁਰ ਛਾਉਣੀ) ਅਤੇ 74932 (ਫਿਰੋਜ਼ਪੁਰ ਛਾਉਣੀ-ਜਲੰਧਰ ਸਿਟੀ) ਸ਼ਾਮਲ ਹਨ। ਇਸੇ ਤਰ੍ਹਾਂ 74931 (ਜਲੰਧਰ ਸਿਟੀ-ਫਿਰੋਜ਼ਪੁਰ ਛਾਉਣੀ) ਨੂੰ ਲੋਹੀਆਂ ਖਾਸ ਤੱਕ ਛੋਟਾ ਕੀਤਾ ਗਿਆ ਹੈ ਅਤੇ ਇਸੇ ਤਰ੍ਹਾਂ ਕਈ ਹੋਰ ਟਰੇਨਾਂ ਨੂੰ ਵੀ ਲੋਹੀਆਂ ਖਾਸ ਅਤੇ ਮਖੂ ਤੱਕ ਹੀ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ। ਫਿਰੋਜ਼ਪੁਰ ਛਾਉਣੀ ਤੋਂ ਧਨਬਾਦ ਜਾਣ ਵਾਲੀ 13308 ਅਤੇ ਧਨਬਾਦ ਤੋਂ ਫਿਰੋਜ਼ਪੁਰ ਛਾਉਣੀ ਆਉਣ ਵਾਲੀ 13307 ਐਕਸਪ੍ਰੈਸ ਟਰੇਨਾਂ ਦਾ ਰੂਟ ਬਦਲ ਕੇ ਹੁਣ ਫਿਰੋਜ਼ਪੁਰ ਛਾਉਣੀ-ਮੋਗਾ-ਲੁਧਿਆਣਾ ਰਾਹੀਂ ਚਲਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਜਲੰਧਰ ਸਿਟੀ-ਹੁਸ਼ਿਆਰਪੁਰ ਰੇਲਗੱਡੀ 54638 ਜਲੰਧਰ ਸ਼ਹਿਰ ਤੋਂ 100 ਮਿੰਟ ਦੀ ਦੇਰੀ ਨਾਲ ਚੱਲੇਗੀ। ਰੇਲਵੇ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਯਾਤਰਾ 'ਤੇ ਨਿਕਲਣ ਤੋਂ ਪਹਿਲਾਂ ਟਰੇਨ ਦੀ ਸਥਿਤੀ ਦੀ ਜਾਂਚ ਜ਼ਰੂਰ ਕਰ ਲੈਣ। ਇਸ ਲਈ ਰੇਲ ਮਦਦ ਹੈਲਪਲਾਈਨ ਨੰਬਰ 139 ਜਾਂ ਰੇਲਵੇ ਦੀ ਵੈਬਸਾਈਟ 'ਤੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

ਰੇਲਵੇ ਡਿਵੀਜ਼ਨ ਫਿਰੋਜ਼ਪੁਰ ਵੱਲੋਂ ਦਿੱਤੀ ਜਾਣਕਾਰੀ ਮੁਤਾਬਕ ਭਾਰੀ ਮੀਂਹ ਕਾਰਨ ਕਪੂਰਥਲਾ ਅਤੇ ਹੁਸੈਨਪੁਰ ਦੇ ਵਿਚਕਾਰ ਰੇਲ ਪਟੜੀਆਂ 'ਤੇ ਪਾਣੀ ਭਰਨ ਅਤੇ ਧੱਸ ਜਾਣ ਕਾਰਨ ਰੇਲ ਆਵਾਜਾਈ ਨੂੰ ਅਸਥਾਈ ਤੌਰ 'ਤੇ ਰੋਕ ਦਿੱਤਾ ਗਿਆ ਹੈ। ਇਸ ਕਾਰਨ ਯਾਤਰੀਆਂ ਨੂੰ ਹੋ ਰਹੀ ਮੁਸ਼ਕਲ ਨੂੰ ਧਿਆਨ ਵਿੱਚ ਰੱਖਦੇ ਹੋਏ, ਰੇਲਵੇ ਵਿਭਾਗ ਨੇ ਤੁਰੰਤ ਕਦਮ ਚੁੱਕੇ ਹਨ। ਪ੍ਰਭਾਵਿਤ ਯਾਤਰੀਆਂ ਦੀ ਸਹੂਲਤ ਲਈ ਫਿਰੋਜ਼ਪੁਰ ਡਿਵੀਜ਼ਨ ਨੇ ਪਾਣੀ ਭਰੇ ਖੇਤਰਾਂ ਵਿਚ ਰੇਲ ਮਾਰਗਾਂ ਦੀ ਮੁਰੰਮਤ ਦੇ ਕੰਮ ਨੂੰ ਤੇਜ਼ੀ ਨਾਲ ਸ਼ੁਰੂ ਕੀਤਾ ਹੈ। ਇਸ ਦੇ ਨਾਲ ਹੀ, ਜਲੰਧਰ ਤੋਂ ਕਪੂਰਥਲਾ ਤੱਕ ਯਾਤਰੀਆਂ ਨੂੰ ਪਹੁੰਚਾਉਣ ਲਈ ਵਿਸ਼ੇਸ਼ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਬੱਸਾਂ ਯਾਤਰੀਆਂ ਨੂੰ ਕਪੂਰਥਲਾ ਪਹੁੰਚਾਉਣਗੀਆਂ, ਜਿੱਥੋਂ ਉਹ ਫਿਰੋਜ਼ਪੁਰ ਵੱਲ ਆਪਣੀ ਯਾਤਰਾ ਮੁੜ ਤੋਂ ਸ਼ੁਰੂ ਕਰ ਸਕਦੇ ਹਨ।

ਰੇਲਵੇ ਅਧਿਕਾਰੀਆਂ ਨੇ ਦੱਸਿਆ ਕਿ ਪਟੜੀਆਂ ਦੀ ਮੁਰੰਮਤ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ ਅਤੇ ਜਲਦ ਹੀ ਰੇਲ ਸੇਵਾਵਾਂ ਨੂੰ ਮੁੜ ਤੋਂ ਬਹਾਲ ਕਰ ਦਿੱਤਾ ਜਾਵੇਗਾ। ਰੇਲਵੇ ਡਿਵੀਜ਼ਨ ਫਿਰੋਜ਼ਪੁਰ ਨੇ ਯਾਤਰੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਉਨ੍ਹਾਂ ਦੀ ਯਾਤਰਾ ਨੂੰ ਜਲਦ ਤੋਂ ਜਲਦ ਆਮ ਵਾਂਗ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ।

# ਰਾਜ ਸਭਾ ਮੈਂਬਰ ਰਾਘਵ ਚੱਢਾ ਦੀ ਪੰਜਾਬ ਦੀ ਸਿਆਸਤ 'ਚ ਵਾਪਸੀ; ਐਮ.ਪੀ. ਫੰਡ ਵਿੱਚੋਂ ਸੂਬੇ ਲਈ 3.25 ਕਰੋੜ ਰੁਪਏ ਅਲਾਟ ਕੀਤੇ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਤੋਂ ਰਾਜ ਸਭਾ ਮੈਂਬਰ ਰਾਘਵ ਚੱਢਾ ਇੱਕ ਵਾਰ ਮੁੜ ਸੁਰਖੀਆਂ ਵਿਚ ਹਨ। ਪਿਛਲੇ ਕਈ ਮਹੀਨਿਆਂ ਤੋਂ ਪੰਜਾਬ ਵਿੱਚ 'ਸਿਆਸੀ ਸਰਗਰਮੀਆਂ ਤੋਂ ਦੂਰ' ਰਹਿਣ ਮਗਰੋਂ ਉਹ ਹੁਣ ਆਪਣੀ ਮੌਜੂਦਗੀ ਦਰਜ ਕਰਵਾਉਣ ਲੱਗੇ ਹਨ। ਉਨ੍ਹਾਂ ਦੀ ਵਾਪਸੀ ਅਜਿਹੇ ਮੌਕੇ ਹੋਈ ਹੈ ਜਦੋਂ ਪੰਜਾਬ ਇਤਿਹਾਸ ਦੇ ਸਭ ਤੋਂ ਭਿਆਨਕ ਹੜ੍ਹਾਂ ਦਾ ਸਾਹਮਣਾ ਕਰ ਰਿਹਾ ਹੈ।

ਪਿਛਲੇ ਹਫ਼ਤੇ ਇਕ ਟਰੈਕਟਰ 'ਤੇ ਬੈਠ ਕੇ ਗੁਰਦਾਸਪੁਰ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਤੋਂ ਬਾਅਦ ਉਨ੍ਹਾਂ ਨੇ ਅੱਜ ਆਪਣੇ MPLADS ਫੰਡ ਵਿੱਚੋਂ ਸੂਬੇ ਲਈ 3.25 ਕਰੋੜ ਰੁਪਏ ਅਲਾਟ ਕੀਤੇ ਹਨ। ਦਿਲਚਸਪ ਗੱਲ ਇਹ ਹੈ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਹੜ੍ਹ ਸੁਰੱਖਿਆ ਬੰਨ੍ਹਾਂ ਦੀ ਮਜ਼ਬੂਤੀ ਅਤੇ ਮੁਰੰਮਤ ਲਈ 2.75 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ ਗਈ ਹੈ, ਜਦੋਂ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਰਾਹਤ ਅਤੇ ਪੁਨਰਵਾਸ ਕਾਰਜਾਂ ਲਈ 50 ਲੱਖ ਰੁਪਏ ਮਨਜ਼ੂਰ ਕੀਤੇ ਗਏ ਹਨ।



ਰਾਘਵ ਚੱਢਾ ਨੇ ਇਕ ਸ[ਨੇਹੇ ਵਿਚ ਹੜ੍ਹਾਂ ਕਰਕੇ ਗਈਆਂ 30 ਜਾਨਾਂ ਲਈ ਦੁੱਖ ਜਤਾਉਂਦਿਆਂ ਪੀੜਤ ਪਰਿਵਾਰਾਂ ਲਈ ਸੰਵੇਦਨਾ ਜ਼ਾਹਰ ਕੀਤੀ ਹੈ। ਉਨ੍ਹਾਂ ਨੇ ਭਾਰਤੀ ਫੌਜ, ਐਨਡੀਆਰਐਫ, ਬੀਐਸਐਫ, ਪੰਜਾਬ ਪੁਲੀਸ, ਅਧਿਕਾਰੀਆਂ, ਡਾਕਟਰਾਂ, ਐਨਜੀਓ, ਸਿਵਲ ਸੁਸਾਇਟੀ ਅਤੇ ਰਾਹਤ ਕਾਰਜਾਂ ਵਿੱਚ ਲੱਗੇ ਨੌਜਵਾਨਾਂ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ ਹੈ। ਇੱਕ ਵੀਡੀਓ ਸੰਦੇਸ਼ ਵਿੱਚ, ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ "...ਇਹ ਫੰਡ ਮੇਰੇ ਨਹੀਂ ਹਨ, ਇਹ ਪੰਜਾਬ ਅਤੇ ਪੰਜਾਬੀਆਂ ਦੇ ਹਨ। ਹਰ ਰੁਪਿਆ ਪੰਜਾਬ ਦੀ ਸੇਵਾ ਅਤੇ ਮੁੜ ਨਿਰਮਾਣ ਵੱਲ ਜਾਵੇਗਾ।"

ਉਨ੍ਹਾਂ ਭਰੋਸਾ ਦਿੰਦੇ ਹੋਏ ਕਿਹਾ ਕਿ ਉਹ ਇਸ ਮਾਮਲੇ ਨੂੰ ਸੰਸਦ ਵਿੱਚ ਉਠਾਉਣਗੇ ਅਤੇ ਕੇਂਦਰ ਸਰਕਾਰ ਨੂੰ ਵੱਧ ਤੋਂ ਵੱਧ ਸਹਾਇਤਾ ਦੀ ਅਪੀਲ ਕਰਨਗੇ। ਚੱਢਾ, ਵਿਕਰਮਜੀਤ ਸਿੰਘ ਸਾਹਨੀ ਅਤੇ ਬਲਬੀਰ ਸਿੰਘ ਸੀਚੇਵਾਲ ਨਾਲ ਪੰਜਾਬ ਦੇ ਤਿੰਨ ਰਾਜ ਸਭਾ ਮੈਂਬਰਾਂ ਵਿੱਚੋਂ ਇੱਕ ਹਨ, ਜੋ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਸਰਗਰਮੀ ਨਾਲ ਸ਼ਾਮਲ ਰਹੇ ਹਨ। ਸੀਚੇਵਾਲ ਸਭ ਤੋਂ ਵੱਧ ਸਰਗਰਮ ਹਨ, ਜੋ ਸੁਲਤਾਨਪੁਰ ਲੋਧੀ ਵਿੱਚ ਜ਼ਮੀਨੀ ਪੱਧਰ 'ਤੇ ਸਰਗਰਮ ਹਨ ਅਤੇ ਖੁਦ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਫਸੇ ਲੋਕਾਂ ਨੂੰ ਬਚਾਉਣ ਲਈ ਸਵੈ-ਇੱਛਾ ਨਾਲ ਕੰਮ ਕਰ ਰਹੇ ਹਨ।

# ਸੂਬੇ ਭਰ ਵਿੱਚ ਮੋਹਲੇਧਾਰ ਮੀਂਹ ਦੇ ਮੱਦੇਨਜ਼ਰ ਸਰਕਾਰ ਵੱਲੋਂ ਬਚਾਓ ਕਾਰਜਾਂ ਵਿੱਚ ਤੇਜ਼ੀ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਮੇਤ ਪਹਾੜੀ ਇਲਾਕਿਆਂ ਵਿੱਚ ਬੀਤੇ ਦਿਨਾਂ ਤੋਂ ਪੈ ਰਹੀ ਭਾਰੀ ਮੋਹਲੇਧਾਰ ਬਾਰਿਸ਼ ਕਾਰਨ ਸੂਬੇ ਵਿੱਚ ਬਣੇ ਹੜ੍ਹਾਂ ਦੇ ਹਾਲਾਤਾਂ ਦੇ ਮੱਦੇਨਜਰ ਸੂਬਾ ਸਰਕਾਰ ਵੱਲੋਂ ਬਚਾਓ ਕਾਰਜਾਂ ਵਿੱਚ ਹੋਰ ਤੇਜੀ ਲਿਆਂਦੀ ਗਈ ਹੈ। ਮੌਜੂਦਾ ਸਥਿਤੀ ਨੂੰ ਦੇਖਦਿਆਂ ਪ੍ਰਸ਼ਾਸਨ ਵੱਲੋਂ ਦਰਿਆਵਾਂ ਦੇ ਕਿਨਾਰਿਆਂ ਅਤੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਅਤੇ ਸੰਭਾਵੀਂ ਹੜ੍ਹਾਂ ਵਾਲੇ ਇਲਾਕਿਆਂ ਵਿੱਚੋਂ ਲੋਕਾਂ ਨੂੰ ਕੱਢ ਕੇ ਸੁਰੱਖਿਅਤ ਥਾਵਾਂ ਉਤੇ ਲਿਜਾਣ ਲਈ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

ਰੂਪਨਗਰ ਜਿਲ੍ਹੇ ਦੇ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਵਿੱਚੋਂ ਗੁਜਰਦੀਆਂ ਨਹਿਰਾਂ, ਨਾਲਿਆਂ ਅਤੇ ਦਰਿਆਵਾਂ ਦੇ ਕੰਢਿਆਂ ਦੀ ਲਗਾਤਾਰ ਨਿਗਰਾਨੀ ਕੈਬਨਿਟ ਮੰਤਰੀ ਸ਼੍ਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਜਿਲ੍ਹਾਂ ਪ੍ਰਸ਼ਾਸ਼ਨ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਲਗਾਤਾਰ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਤਲੁਜ ਦਰਿਆ ਦੇ ਨਾਲ ਲਗਦੇ ਇਲਾਕਿਆਂ ਵਿੱਚੋਂ ਸਮਾਂ ਰਹਿੰਦਿਆਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਲਿਜਾਉਣ ਲਈ ਮੁਨਿਆਦੀ ਵੀ ਕਰਵਾਈ ਗਈ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਵੀ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਸਰਕਾਰ ਵੱਲੋਂ ਬਣਾਏ ਗਏ ਰਾਹਤ ਕੈਂਪਾਂ ਵਿੱਚ ਟਿਕਾਣਾ ਕਰਨ।

ਇਸ ਦੌਰਾਨ ਨੰਗਲ ਇਲਾਕੇ ਦੇ ਪਿੰਡ ਹਰਸਾ ਬੇਲਾ, ਬੇਲਾ ਰਾਮਗੜ੍ਹ, ਬੇਲਾ ਧਿਆਨੀ ਅੱਪਰ, ਬੇਲਾ ਧਿਆਨੀ ਲੋਅਰ, ਸੈਂਸੋਵਾਲ, ਐਲਗਰਾ, ਬੇਲਾ ਸ਼ਿਵ ਸਿੰਘ, ਭਲਾਣ, ਭਨਾਮ, ਸਿੰਘਪੁਰਾ, ਪਲਾਸੀ, ਤਰਫ਼ ਮਜਾਰਾ, ਮਜਾਰੀ ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਬੁਰਜ, ਚੰਦਪੁਰ ਬੇਲਾ, ਗਜਪੁਰ ਬੇਲਾ, ਸ਼ਾਹਪੁਰ ਬੇਲਾ, ਨਿੱਕੂਵਾਲ, ਅਮਰਪੁਰ ਬੇਲਾ, ਲੋਦੀਪੁਰ, ਨੂੰ ਸੁਰੱਖਿਅਤ ਸਥਾਨਾਂ ਤੇ ਜਾਣ ਦੀ ਅਪੀਲ ਕੀਤੀ ਗਈ ਹੈ ਜਦਕਿ ਰੂਪਨਗਰ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਾਰੇ ਉਹ ਪਿੰਡ ਜੋ ਸਤਲੁਜ ਦਰਿਆ ਦੇ ਕਿਨਾਰੇ ਸਥਿਤ ਹਨ ਨੂੰ ਚੌਕਸ ਰਹਿਣ ਲਈ ਕਹਿਆ ਗਿਆ ਹੈ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਭਾਰੀ ਮੀਂਹ ਦੇ ਚੱਲਦਿਆਂ ਆਪਣੇ ਵਿਧਾਨ ਸਭਾ ਹਲਕੇ ਸ਼ਾਮਚੁਰਾਸੀ ਦੇ ਵੱਖ-ਵੱਖ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਿਲਾਂ ਤੇ ਜ਼ਰੂਰਤਾਂ ਦਾ ਹੱਲ ਕਰਨ ਲਈ ਘਰ-ਘਰ ਪਹੁੰਚੇ। ਉਨ੍ਹਾਂ ਨੇ ਪਿੰਡ ਸ਼ਿਵਾਲਿਕ ਨਗਰ ਢੋਲਵਾਹਾ, ਖਲਵਾਣਾ, ਦਿਓਵਾਲ ਅਤੇ ਬਾਦੋਵਾਲ ਪਿੰਡ ਦੇ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ @ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਨਤਕ ਸਹੂਲਤ ਅਤੇ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਪ੍ਰਸ਼ਾਸਨ ਪੂਰੀ ਮੁਸਤੈਦੀ ਨਾਲ ਕੰਮ ਕਰ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਮੀਂਹ ਜਾਂ ਕੁਦਰਤੀ ਹਾਲਾਤ ਕਾਰਨ ਕਿਸੇ ਵੀ ਨਾਗਰਿਕ ਨੂੰ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

# ਆਰ.ਟੀ.ਆਈ.ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਵਲੋਂ 175 ਕੇਸਾਂ ਦਾ ਨਿਪਟਾਰਾ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਨੇ ਇਕ ਵਿਅਕਤੀ ਵਲੋਂ ਆਰ.ਟੀ.ਆਈ.ਐਕਟ ਅਧੀਨ ਦਾਇਰ 175 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਦੇ ਬੈਂਚ ਕੋਲ ਲੁਧਿਆਣਾ ਦੇ ਡਾਬਾ-ਲੋਹਾਰਾ ਮਾਰਗ ਸਥਿਤ ਮਹਾ ਸਿੰਘ ਨਗਰ ਨਿਵਾਸੀ ਸਰਬਜੀਤ ਸਿੰਘ ਗਿੱਲ ਵਲੋਂ ਦਾਇਰ 175 ਮਾਮਲੇ ਅਗਸਤ ਮਹੀਨੇ ਦੀਆਂ ਵੱਖ ਵੱਖ ਤਰੀਕਾਂ ਨੂੰ ਸੁਣਵਾਈ ਲਈ ਲੱਗੇ ਸਨ।

ਉਨ੍ਹਾਂ ਦੱਸਿਆ ਕਿ ਸਰਬਜੀਤ ਸਿੰਘ ਗਿੱਲ ਵਲੋਂ ਦਾਇਰ ਕੇਸਾਂ ਵਿਚੋਂ 5 ਅਗਸਤ 2025 ਨੂੰ 36 ਕੇਸ,6 ਅਗਸਤ 2025 ਨੂੰ 26 ਅਤੇ 7 ਅਗਸਤ 2025 ਨੂੰ 35 ਕੇਸ,19 ਅਗਸਤ 2025 ਨੂੰ 30 ਕੇਸ, 20 ਅਗਸਤ 2025 ਨੂੰ 26 ਸੁਣਵਾਈ ਲਈ ਲੱਗੇ ਸਨ ਜਿਨ੍ਹਾਂ ਵਿੱਚ ਸਬੰਧਤ ਧਿਰਾਂ ਜਾਣਕਾਰੀ ਸਮੇਤ ਹਾਜ਼ਰ ਸਨ ਅਤੇ ਕਮਿਸ਼ਨਰ ਵਲੋਂ ਸਾਰੇ ਕੇਸ ਇਕੱਲੇ ਇਕੱਲੇ ਸੁਣੇ ਗਏ।

ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਕੇਸਾਂ ਦੀ ਸੁਣਵਾਈ ਦੌਰਾਨ ਮੁਦਈ ਸਰਬਜੀਤ ਸਿੰਘ ਗਿੱਲ ਪੇਸ਼ ਨਹੀਂ ਹੋਇਆ ਜਿਸ 'ਤੇ ਕਮਿਸ਼ਨ ਵਲੋਂ ਮੁਦਈ ਨੂੰ ਆਪਣਾ ਪੱਖ ਰੱਖਣ ਲਈ 10 ਦਿਨ ਦਾ ਸਮਾਂ ਦਿੱਤਾ ਗਿਆ ਪ੍ਰੰਤੂ ਮੁਦਈ ਨੇ ਇਸ ਸਮੇਂ ਵਿੱਚ ਵੀ ਆਪਣਾ ਪੱਖ ਪੇਸ਼ ਨਹੀਂ ਕੀਤਾ।

ਬੁਲਾਰੇ ਨੇ ਦੱਸਿਆ ਕਿ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਇਨ੍ਹਾਂ ਮਾਮਲਿਆਂ ਦੀ 20 ਅਗਸਤ ਅਤੇ 28 ਅਗਸਤ 2025 ਨੂੰ ਮੁੜ ਸੁਣਵਾਈ ਕੀਤੀ ਗਈ ਤਾਂ ਸਰਬਜੀਤ ਸਿੰਘ ਗਿੱਲ ਵਲੋਂ ਦਾਇਰ 175 ਕੇਸਾਂ ਦਾ ਨਿਪਟਾਰਾ ਕਰ ਦਿੱਤਾ ਗਿਆ ।

ਬੁਲਾਰੇ ਨੇ ਦੱਸਿਆ ਕਿ ਕਮਿਸ਼ਨ ਦੇ ਧਿਆਨ ਵਿੱਚ ਆਇਆ ਹੈ ਕਿ ਇਨ੍ਹਾਂ ਕੇਸਾਂ ਵਿੱਚ ਲਗਾਤਾਰ ਗੈਰਹਾਜ਼ਰੀ ਕਾਰਨ ਕਮਿਸ਼ਨ ਦੇ ਸਮੇਂ ਅਤੇ ਸਰੋਤਾਂ ਦੀ ਕਾਫ਼ੀ ਬਰਬਾਦੀ ਹੋਈ ਹੈ ਅਤੇ ਵਾਰ-ਵਾਰ ਸੁਣਵਾਈਆਂ ਵਿੱਚ ਹਾਜ਼ਰ ਹੋ ਕੇ ਜਵਾਬ ਦਾਇਰ ਕਰਨ ਵਾਲੀਆਂ ਸਰਕਾਰੀ ਅਥਾਰਟੀਆਂ ਦੇ ਅਧਿਕਾਰਤ ਕੰਮਕਾਜ ਵਿੱਚ ਬੇਲੋੜਾ ਵਿਘਨ ਪਿਆ ਹੈ।ਅਜਿਹਾ ਵਤੀਰਾ ਨਾ ਸਿਰਫ਼ ਮੁਕੱਦਮੇਬਾਜ਼ਾਂ ਦੇ ਅਧਿਕਾਰਾਂ ਨੂੰ ਪ੍ਰਭਾਵਿਤ ਕਰਦਾ ਹੈ ਬਲਕਿ ਲੰਬਿਤ ਮਾਮਲਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਸਬੰਧੀ ਕਮਿਸ਼ਨ ਦੀ ਸਮਰੱਥਾ ਨੂੰ ਵੀ ਪ੍ਰਭਾਵਿਤ ਕਰਦਾ ਹੈ।ਕਮਿਸ਼ਨ ਨੇ ਕਿਹਾ ਹੈ ਕਿ ਲੰਬਿਤ ਮਾਮਲਿਆਂ ਦੀ ਵਧਦੀ ਗਿਣਤੀ ਦੇ ਮੱਦੇਨਜ਼ਰ, ਫਜ਼ੂਲ, ਵਾਰ-ਵਾਰ ਹੋਣ ਵਾਲੀ ਮੁਕੱਦਮੇਬਾਜ਼ੀ ਲਈ ਜਨਤਕ ਸਰੋਤਾਂ ਦੀ ਵਰਤੋਂ ਕਰਨ ਦੀ ਮਨਜ਼ੂਰੀ ਨਹੀਂ ਦਿੱਤੀ ਜਾ ਸਕਦੀ। ਇਸ ਲਈ ਮੁਕੱਦਮਾ ਨਾ ਚਲਾਉਣ ਕਾਰਨ ਸਰਬਜੀਤ ਸਿੰਘ ਗਿੱਲ ਵਲੋਂ ਦਾਇਰ ਅਪੀਲਾਂ ਨੂੰ ਖਾਰਜ ਕਰ ਦਿੱਤਾ ਗਿਆ ਹੈ।

ਇਥੇ ਇਹ ਵੀ ਦੱਸਣਯੋਗ ਹੈ ਕਿ ਸਰਬਜੀਤ ਸਿੰਘ ਗਿੱਲ ਨੂੰ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਚੀਫ਼ ਇਨਫੋਰਮੇਸ਼ਨ ਕਮਿਸ਼ਨਰ ਵੱਲੋਂ 25 ਫਰਵਰੀ 2025 ਨੂੰ ਆਰ.ਟੀ.ਆਈ.ਐਕਟ ਦੀ ਦੁਰਵਰਤੋ ਕਰਨ ਦੇ ਦੋਸ਼ ਵਿਚ ਬਲੈਕਲਿਸਟ ਕੀਤਾ ਗਿਆ ਸੀ।

# ਜੀ.ਐਸ.ਟੀ ਕੀਮਤ ਤਰਕਸੰਗਕਤਾ ਤਹਿਤ ਰਾਜਾਂ ਦੀ ਵਿੱਤੀ ਸਥਿਰਤਾ ਲਈ ਮਜ਼ਬੂਤ ਮੁਆਵਜਾ ਢਾਂਚਾ ਸਿਰਜਿਆ ਜਾਵੇ- ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੇਂਦਰ ਸਰਕਾਰ ਜੀ.ਐਸ.ਟੀ (ਵਸਤਾਂ ਤੇ ਸੇਵਾਵਾਂ ਕਰ) ਰੇਟ ਤਰਕਸੰਗਤ ਬਣਾਉਣ ਦੇ ਮੌਜੂਦਾ ਪ੍ਰਸਤਾਵ ਤਹਿਤ ਰਾਜਾਂ ਦੀ ਵਿੱਤੀ ਸਥਿਰਤਾ ਨੂੰ ਢਾਅ ਲੱਗਣ ਤੋਂ ਬਚਾਉਣ ਲਈ ਢੁਕਵੇਂ ਮੁਆਵਜੇ ਦੀ ਵਿਵਸਥਾ ਕਰੇ ਅਤੇ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਇਸ ਉਪਾਅ ਦਾ ਫਾਇਦਾ ਮਹਿੰਗਾਈ ਦਾ ਸਾਹਮਣਾ ਕਰ ਰਹੇ ਦੇਸ਼ ਦੇ ਗਰੀਬ ਲੋਕਾਂ ਨੂੰ ਪਹੁੰਚੇ ਨਾ ਕਿ ਕਾਰਪੋਰੇਟ ਅਦਾਰਿਆਂ ਨੂੰ।

ਉਨ੍ਹਾਂ ਜ਼ੋਰ ਦਿੱਤਾ ਕਿ ਕੀਮਤਾ ਦੀ ਤਰਕਸੰਗਕਤਾ ਦਾ ਮੌਜੂਦਾ ਪ੍ਰਸਤਾਵ ਜੇਕਰ ਆਮਦਨ ਘਾਟੇ ਨੂੰ ਪੂਰਨ ਲਈ ਮੁਆਵਜ਼ੇ ਦੀ ਵਿਵਸਥਾ ਤੋਂ ਬਿਨਾਂ ਲਾਗੂ ਹੁੰਦਾ ਹੈ ਤਾਂ ਰਾਜਾਂ ਦੀ ਵਿੱਤੀ ਅਸਥਿਰਤਾ ਦਾ ਕਾਰਨ ਬਣੇਗਾ ਅਤੇ ਦੇਸ਼ ਦੇ ਸੰਘੀ ਢਾਂਚੇ ਨੂੰ ਵੀ ਨੁਕਸਾਨ ਪਹੁੰਚੇਗਾ, ਜੋ ਪ੍ਰਵਾਨਯੋਗ ਨਹੀਂ ਹੈ।

ਐਡਵੋਕੇਟ ਚੀਮਾ, ਜੋ ਅੱਜ ਕਰਨਾਟਕਾ ਭਵਨ ਵਿਖੇ ਜੀ.ਐਸ.ਟੀ ਰੇਟ ਰੈਸ਼ਨਲਾਈਜੇਸ਼ਨ ਤੇ ਵਿਚਾਰ ਸਬੰਧੀ ਕੇਰਲਾ, ਕਰਨਾਟਕਾ, ਹਿਮਾਚਲ ਪ੍ਰਦੇਸ਼, ਝਾਰਖੰਡ, ਪੱਛਮੀ ਬੰਗਾਲ, ਤੇਲੰਗਾਨਾ ਦੇ ਵਿੱਤ ਮੰਤਰੀਆਂ ਤੇ ਪ੍ਰਤੀਨਿਧਾਂ ਦੀ ਮੀਟਿੰਗ ਵਿਚ ਭਾਗ ਲੈਣ ਆਏ ਸਨ, ਨੇ ਕਿਹਾ ਕਿ ਰਾਜ ਦੀ ਇਸ ਪਹਿਲੂ ਤੇ ਸਹਿਮਤੀ ਹੈ ਕਿ ਰੇਟ ਤਰਕਸੰਗਕਤਾ ਦੇ ਨਾਲ-ਨਾਲ ਰਾਜਾਂ ਦੇ ਵਿੱਤੀ ਹਿੱਤਾਂ ਦੀ ਸੁਰੱਖਿਆ ਦੀ ਮਜ਼ਬੂਤ ਵਿਵਸਥਾ ਘੜੀ ਜਾਣੀ ਚਾਹੀਦੀ ਹੈ, ਜਿਸ ਤਹਿਤ ਲਗਜ਼ਰੀ ਵਸਤਾਂ ਤੇ ਸਮਰਥਕ ਟੈਕਸ (ਐਡੀਸ਼ਨਲ ਲੈਵੀ) ਲਗਾਉਣ ਅਤੇ ਘੱਟੋ ਘੱਟ ਪੰਜ ਸਾਲਾਂ ਲਈ ਮੁਆਵਜ਼ਾ ਯਕੀਨੀ ਬਣਾਉਣ ਦੀ ਵਿਵਸਥਾ ਹੋਣੀ ਚਾਹੀਦੀ ਹੈ। ਉਨਾਂ ਕਿਹਾ ਕਿ ਜੇਕਰ ਪੰਜ ਸਾਲਾਂ ਬਾਅਦ ਵੀ ਸੂਬਿਆਂ ਦਾ ਆਮਦਨ ਘਾਟਾ ਪੂਰਾ ਨਹੀਂ ਹੁੰਦਾ ਤਾਂ ਇਸ ਵਿਵਸਥਾ ਨੂੰ ਹੋਰ ਵਧਾਉਣ ਦੀ ਵਿਵਸਥਾ ਹੋਵੇ। ਉਨ੍ਹਾਂ ਕਿਹਾ ਕਿ ਇਹ ਸੰਤੁਲਿਤ ਪਹੁੰਚ ਹੀ ਸੂਬਿਆਂ ਦੀ ਆਰਥਿਕ ਪ੍ਰਭੂਸੱਤਾ ਨੂੰ ਬਚਾ ਸਕਦੀ ਹੈ ਅਤੇ ਇਸ ਜ਼ਰੀਏ ਹੀ ਜੀ.ਐਸ.ਟੀ ਸੁਧਾਰਾਂ ਨੂੰ ਸਹੀ ਅਰਥਾਂ ਵਿਚ ਲਾਗੂ ਕੀਤਾ ਜਾ ਸਕੇਗਾ।

ਵਿੱਤ ਮੰਤਰੀ ਨੇ ਕਿਹਾ ਕਿ 2017 ਵਿਚ ਜੀ.ਐਸ.ਟੀ ਨੂੰ ਵਿੱਤੀ ਨਿਰਪੱਖਤਾ ਦੇ ਸਿਧਾਂਤ ਨੂੰ ਪ੍ਰਮੁੱਖਤਾ ਦਿੰਦਿਆਂ ਲਾਗੂ ਕੀਤਾ ਗਿਆ ਸੀ ਪਰ ਇਸਦੇ ਲਾਗੂ ਹੋਣ ਤੋਂ ਬਾਅਦ ਰਾਜਾਂ ਨੂੰ ਵੱਡੇ ਵਿੱਤੀ ਨੁਕਸਾਨ ਝੱਲਣੇ ਪੈ ਰਹੇ ਹਨ। ਉਨਾਂ ਕਿਹਾ ਕਿਹਾ ਕਿ ਜੀ.ਐਸ.ਟੀ ਲਾਗੂ ਹੋਣ ਉਪਰੰਤ ਪੰਜਾਬ ਨੂੰ ਤਕਰੀਬਨ 1.11 ਲੱਖ ਕਰੋੜ ਦਾ ਵਿੱਤੀ ਨੁਕਸਾਨ ਹੋਇਆ ਹੈ ਭਾਵੇਂ ਕੇਂਦਰ ਵੱਲੋਂ ਮੁਆਵਜ਼ੇ ਲਈ ਤੈਅ ਸਾਲਾਂ ਦੌਰਾਨ 60 ਹਜਾਰ ਕਰੋੜ ਦਾ ਮੁਆਵਜ਼ਾ ਦਿੱਤਾ ਗਿਆ ਪੰਜਾਬ ਨੂੰ ਬਾਕੀ ਦੇ ਨੁਕਸਾਨ ਦੀ ਭਰਪਾਈ ਲਈ ਹਾਲੇ ਲਈ ਕੋਈ ਕਦਮ ਚੁੱਕੇ ਗਏਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਟਕੇਟ ਚੀਮਾ ਨੇ ਕਿਹਾ ਕਿ ਮੀਟਿੰਗ ਵਿਚ ਰਾਜਾਂ ਵੱਲੋਂ ਮੰਗ ਕੀਤੀ ਗਈ ਕਿ ਲਗਜ਼ਰੀ ਤੇ ਸਿਨ ਗੁਡਜ਼ ਤੇ ਵਾਧੂ ਟੈਕਸ ਲਗਾਇਆ ਜਾਵੇ ਤੇ ਇਸ ਤੋਂ ਆਉਣ ਵਾਲੀ ਆਮਦਨ ਰਾਜਾਂ ਨੂੰ ਮੁਹੱਈਆ ਕਰਵਾਈ ਜਾਵੇ ਤਾਂ ਜੋ ਕੀਮਤਾਂ ਦੀ ਤਰਕਸੰਗਕਤਾ ਨਾਲ ਹੋਣ ਵਾਲੀ ਆਮਦਨ ਦੀ ਕਮੀ ਦੇ ਖੱਪੇ ਨੂੰ ਭਰਿਆ ਜਾ ਸਕੇ।ਪੰਜਾਬ ਦੇ ਵਿੱਤ ਮੰਤਰੀ ਨੇ ਕਿਹਾ ਕਿ ਬਿਨਾਂ ਆਮਦਨ ਸਥਿਰਤਾ ਤੋਂ ਰਾਜ ਲੋਕ ਭਲਾਈ ਦੀਆਂ ਆਪਣੀਆਂ ਸੰਵਿਧਾਨਕ ਜਿੰਮੇਵਾਰੀਆਂ ਕਿਵੇਂ ਨਿਭਾ ਸਕਦੇ ਹਨ।ਕੇਂਦਰ ਨੂੰ ਇਸ ਥਿਊਰੀ ਵੱਲ ਝੁਕਾਅ ਨਹੀਂ ਰੱਖਣਾ ਚਾਹੀਦਾ ਕਿ ਸਾਰਾ ਭਾਰ ਰਾਜਾਂ ਦੇ ਮੋਢਿਆਂ ਤੇ ਪਾ ਦਿੱਤਾ ਜਾਵੇ ਅਤੇ ਆਮਦਨ ਦੇ ਸਰੋਤ ਕੇਂਦਰੀ ਘੇਰੇ ਥਾਲੇ ਲਿਆਂਦੇ ਜਾਣ।ਜੇਕਰ ਸੂਬੇ ਵਿੱਤੀ ਪੱਖੋਂ ਮਜਬੂਤ ਹੋਣਗੇ ਦੇਸ਼ ਵੀ ਤਾਂ ਹੀ ਮਜਬੂਤ ਹੋਵੇਗਾ। ਇਸ ਲਈ ਰਾਜਾਂ ਦੇ ਆਮਦਨ ਹਿੱਤ ਜ਼ਰੂਰ ਸੁਰੱਖਿਅਤ ਰਹਿਣੇ ਚਾਹੀਦੇ ਹਨ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਮਜ਼ਬੂਤ ਵਿਵਸਥਾ ਉਸਾਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਇਹ ਰਾਜਾ ਇਸ ਮਸਲੇ ਤੇ ਅਸਲ ਵਿਚ ਹੋਰਨਾਂ ਸਾਰੇ ਰਾਜਾਂ ਦੀ ਆਵਾਜ਼ ਦੀ ਵੀ ਪ੍ਰਤੀਨਿਧਤਾ ਕਰਦੇ ਹਨ।

ਸੂਬੇ ਵਿਚ ਹੜ੍ਹਾਂ ਦੀ ਸਥਿਤੀ ਬਾਰੇ ਇਕ ਸਵਾਲ ਦੇ ਜਵਾਬ ਵਿਚ ਉਨਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਕੁਦਰਤੀ ਸੰਕਟ ਸਮੇਂ ਸੂਬੇ ਦੀ ਸਹਾਇਤਾ ਲਈ ਅੱਗੇ ਆਉਣਾ ਚਾਹੀਦਾ ਹੈ। ਉਨਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਲੋਕਾਂ ਦੀ ਮੱਦਦ ਲਈ ਪੰਜਾਬ ਸਰਕਾਰ ਪੂਰੇ ਸੁਹਿਰਦ ਯਤਨ ਕਰ ਰਹੀ ਹੈ ਅਤੇ ਪੂਰੀ ਤਰਾਂ ਆਪਣੇ ਲੋਕਾਂ ਦੇ ਨਾਲ ਖੜ੍ਹੀ ਹੈ।ਉਨਾਂ ਕਿਹਾ ਕਿ ਸੂਬੇ ਦੇ ਹੋਏ ਨੁਕਸਾਨ ਬਾਰੇ ਪਤਾ ਲਗਾਉਣ ਤੋਂ ਬਾਅਦ ਕੇਂਦਰ ਪਾਸੋਂ ਵਿਸ਼ੇਸ਼ ਪੈਕੇਜ਼ ਦੀ ਮੰਗ ਕੀਤੀ ਜਾਵੇਗੀ।

# ਪੰਜਾਬ ਪੁਲਿਸ, ਐਨਡੀਆਰਐਫ, ਐਸਡੀਆਰਐਫ ਅਤੇ ਭਾਰਤੀ ਫੌਜ ਦੀਆਂ ਟੀਮਾਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਮਿਲ ਕੇ ਕੰਮ ਕਰ ਰਹੀਆਂ




**ਚੰਡੀਗੜ੍ਹ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰੀ ਮੀਂਹ ਦੇ ਚਲਦਿਆਂ ਸਤਲੁਜ, ਬਿਆਸ, ਰਾਵੀ ਅਤੇ ਉਝ ਦਰਿਆਵਾਂ 'ਚ ਪਾੜ ਪੈਣ ਜਾਂ ਪਾਣੀ ਦੇ ਓਵਰਫਲੋਅ ਕਾਰਨ ਬਣੀ ਹੜ੍ਹਾਂ ਵਰਗੀ ਸਥਿਤੀ ਦੇ ਮੱਦੇਨਜ਼ਰ ਪੰਜਾਬ ਪੁਲਿਸ, ਭਾਰਤੀ ਫੌਜ, ਸੀਮਾ ਸੁਰੱਖਿਆ ਬਲ (ਬੀਐਸਐਫ), ਕੌਮੀ ਆਫ਼ਤ ਪ੍ਰਤੀਕਿਰਿਆ ਬਲ (ਐਨਡੀਆਰਐਫ), ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (ਐਸਡੀਆਰਐਫ) ਅਤੇ ਸਿਵਲ ਪ੍ਰਸ਼ਾਸਨ ਦੀਆਂ ਟੀਮਾਂ ਮਿਲ ਕੇ ਕੰਮ ਕਰ ਰਹੀਆਂ ਹਨ ਅਤੇ ਹੁਣ ਤੱਕ 7689 ਲੋਕਾਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਕੱਢ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਚੁੱਕਾ ਹੈ। ਇਹ ਜਾਣਕਾਰੀ ਅੱਜ ਇਥੇ ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦਿੱਤੀ।

ਹੜ੍ਹਾਂ ਤੋਂ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਪਠਾਨਕੋਟ, ਹੁਸ਼ਿਆਰਪੁਰ, ਗੁਰਦਾਸਪੁਰ, ਕਪੂਰਥਲਾ, ਤਰਨ ਤਾਰਨ, ਫਾਜ਼ਿਲਕਾ ਅਤੇ ਫਿਰੋਜ਼ਪੁਰ ਸ਼ਾਮਲ ਹਨ।

ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ, ਜੋ ਕਿ ਸੂਬੇ ਵਿੱਚ ਬਣੇ ਹਾਲਾਤਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਹਨ, ਨੇ ਕਿਹਾ ਕਿ ਪੰਜਾਬ ਪੁਲਿਸ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕੈਂਪ ਸਥਾਪਤ ਕੀਤੇ ਹਨ ਜਿੱਥੇ ਲੋਕਾਂ ਲਈ ਭੋਜਨ ਅਤੇ ਦਵਾਈਆਂ ਦੇ ਲੰਗਰ ਲਾਏ ਗਏ ਹਨ ਅਤੇ ਇਸਦੇ ਨਾਲ ਹੀ ਪਸ਼ੂਆਂ ਲਈ ਚਾਰਾ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਲੋਕਾਂ ਨੂੰ ਕੱਢਣ ਅਤੇ ਖਾਣੇ ਦੇ ਪੈਕੇਟ ਤੇ ਹੋਰ ਜ਼ਰੂਰੀ ਚੀਜ਼ਾਂ ਪਹੁੰਚਾਉਣ ਲਈ ਡਰੋਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਹੜ੍ਹਾਂ ਦੀ ਮਾਰ ਹੇਠਲੇ ਇਲਾਕਿਆਂ 'ਚੋਂ ਕੱਢਣ ਅਤੇ ਸੁਰੱਖਿਅਤ ਥਾਵਾਂ 'ਤੇ ਲਿਜਾਣ ਲਈ ਭਾਰਤੀ ਫੌਜ ਦੇ 20 ਹੈਲੀਕਾਪਟਰ ਰਾਜ ਵਿੱਚ ਤਾਇਨਾਤ ਹਨ।

ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ ਐਸਐਸਪੀਜ਼ ਨੂੰ ਫੀਲਡ ਵਿੱਚ ਰਹਿਣ ਅਤੇ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਸਥਿਤੀ ਦੀ ਨਿਯਮਿਤ ਤੌਰ 'ਤੇ ਨਿਗਰਾਨੀ ਕਰਨ ਲਈ ਕਿਹਾ ਗਿਆ ਹੈ।ਉਨ੍ਹਾਂ ਕਿਹਾ ਕਿ ਸਾਰੇ ਪ੍ਰਬੰਧ ਮੁਕੰਮਲ ਹਨ ਅਤੇ ਐਸਐਸਪੀਜ਼ ਰਾਹਤ ਕਾਰਜਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਹਨ ਅਤੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਹੈ।

ਵਿਸ਼ੇਸ਼ ਡੀਜੀਪੀ ਨੇ ਦੱਸਿਆ ਕਿ ਮੌਸਮ ਵਿਭਾਗ ਵੱਲੋਂ ਚਾਰ ਦਿਨਾਂ ਦਾ ਅਲਰਟ ਜਾਰੀ ਕੀਤੇ ਜਾਣ ਦੇ ਨਾਲ ਪੰਜਾਬ ਪੁਲਿਸ ਨੂੰ ਹੜ੍ਹ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਅਲਰਟ 'ਤੇ ਰੱਖਿਆ ਗਿਆ ਹੈ।

# ਹਰਸਿਮਰਜੀਤ ਸਿੰਘ ਲੱਕੀ ਜੀ ਸੱਚਾਈ 'ਤੇ ਖੜ੍ਹਨ ਵਾਲੇ ਇਨਸਾਨ : ਗੁਰਮੀਤ ਸਿੰਘ ਕੁਲਾਰ

**ਲੁਧਿਆਣਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਟੀਮ ਲੱਕੀ ਵੱਲੋਂ ਆਪਣੀ ਜਿੱਤ 'ਤੇ ਖੁਸ਼ੀ ਪ੍ਰਗਟਾਉਂਦੇ ਹੋਏ ਕਿਹਾ ਗਿਆ ਕਿ ਇਹ ਸਫਲਤਾ ਸਿਰਫ਼ ਅਤੇ ਸਿਰਫ਼ ਟੀਮ ਵਰਕ ਦਾ ਨਤੀਜਾ ਹੈ। ਟੀਮ ਦੇ ਮੈਂਬਰਾਂ ਨੇ ਖ਼ਾਸ ਤੌਰ 'ਤੇ ਗੁਰਮੀਤ ਸਿੰਘ ਕੁਲਾਰ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਉਹਨਾਂ ਦੇ ਬਿਨਾਂ ਇਹ ਜਿੱਤ ਸੰਭਵ ਨਹੀਂ ਸੀ।

ਸ਼੍ਰੀ ਕੇ. ਕੇ. ਸੇਠ, ਸ਼੍ਰੀ ਐਸ. ਐਸ. ਭੋਗਲ, ਸ਼੍ਰੀ ਜਤਿੰਦਰ ਮਿੱਤਲ, ਸ਼੍ਰੀ ਰਾਜਿੰਦਰ ਨਾਰੰਗ, ਸ਼੍ਰੀ ਕੁਲਦੀਪ ਸਿੰਘ ਕਬੀਰ, ਸ਼੍ਰੀ ਗੁਰਮੀਤ ਸਿੰਘ ਕੁਲਾਰ ਅਤੇ ਸ਼੍ਰੀ ਸੁਰਿੰਦਰ ਸਿੰਘ ਚੌਹਾਨ ਦੀ ਅਗਵਾਈ ਹੇਠ ; ਯੂਨਾਈਟਿਡ ਅਲਾਇੰਸ ਗਰੁੱਪ ਦੀ ਟੀਮ ਨੇ ਸਾਹਨੇਵਾਲ ਜਿੱਥੇ 70 ਤੋਂ ਵੱਧ ਮੈਂਬਰਾਂ ਨੇ ਯੂਸੀਪੀਐਮਏ ਦੀਆਂ ਆਉਣ ਵਾਲੀਆਂ ਚੋਣਾਂ ਲਈ ਪ੍ਰਧਾਨ ਉਮੀਦਵਾਰ ਸ. ਹਰਸਿਮਰਜੀਤ ਸਿੰਘ ਲੱਕੀ ਅਤੇ ਪੂਰੀ ਟੀਮ ਦਾ ਜ਼ੋਰਦਾਰ ਅਤੇ ਖੁੱਲ੍ਹ ਕੇ ਸਮਰਥਨ ਕੀਤਾ।

ਟੀਮ ਲੱਕੀ ਨੇ ਯਕੀਨ ਦਵਾਇਆ ਕਿ ਉਹ ਅੱਗੇ ਵੀ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਣਗੇ ਅਤੇ ਹਮੇਸ਼ਾ ਵਾਅਦਿਆਂ 'ਤੇ ਕਾਇਮ ਰਹਿਣਗੇ।

ਉੱਥੇ ਹੀ ਦੂਜੇ ਪਾਸੇ ਸਮਾਲ ਸਕੇਲ ਇੰਡਸਟਰੀ ਦੇ ਜਸਵਿੰਦਰ ਸਿੰਘ ਠੁਕਰਾਲ ਨੂੰ ਸਭ ਤੋਂ ਵੱਧ ਵੋਟਾਂ ਮਿਲੀਆਂ ਅਤੇ ਉਹਨਾਂ ਨੂੰ ਉਪ-ਪ੍ਰਧਾਨ ਨਿਯੁਕਤ ਕੀਤਾ ਗਿਆ। ਠੁਕਰਾਲ ਨੇ ਕਿਹਾ ਕਿ ਇਹ ਜਿੱਤ ਹਰ ਉਸ ਸਮਰਥਕ ਦੇ ਨਾਮ ਹੈ, ਜਿਸ ਨੇ ਆਪਣੇ ਕੀਮਤੀ ਸਮੇਂ, ਸਹਿਯੋਗ ਅਤੇ ਹੌਸਲੇ ਨਾਲ ਟੀਮ ਦਾ ਮਨੋਬਲ ਵਧਾਇਆ।

# ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਰਾਹਤ ਸਮੱਗਰੀ ਲੈ ਕੇ ਪਹੁੰਚੇ ਕੌਮਾਂਤਰੀ ਸਰਹੱਦ ਦੇ ਨਾਲ ਵਸੇ ਪਿੰਡਾਂ ਤੱਕ



**ਫਾਜ਼ਿਲਕਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਚਾਇਤ ਮੰਤਰੀ ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਅੱਜ ਫਾਜ਼ਿਲਕਾ ਦੇ ਹੜ ਗ੍ਰਸਤ ਸਰਹੱਦੀ ਪਿੰਡਾਂ ਦਾ ਕਿਸਤੀ ਰਾਹੀਂ ਦੌਰਾ ਕੀਤਾ। ਇਸ ਮੌਕੇ ਉਹ ਆਪਣੇ ਨਾਲ ਸਰਹੱਦੀ ਪਿੰਡਾਂ ਲਈ ਰਸਦ ਲੈ ਕੇ ਗਏ ਅਤੇ ਉੱਥੇ ਰਾਸ਼ਨ ਵੰਡਣ ਦੇ ਨਾਲ ਨਾਲ ਬਿਮਾਰ ਲੋਕਾਂ ਨੂੰ ਵੀ ਕਿਸ਼ਤੀਆਂ ਰਾਹੀਂ ਸੁਰੱਖਿਤ ਬਾਹਰ ਕੱਢਿਆ ਗਿਆ। ਇਸ ਮੌਕੇ ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਬਣਾ ਉਹਨਾਂ ਦੇ ਨਾਲ ਰਹੇ

ਇਸ ਮੌਕੇ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਉਹ ਲਗਾਤਾਰ ਜਿਲੇ ਵਿੱਚ ਰਾਹਤ ਕਾਰਜਾਂ ਦੀ ਸਮੀਖਿਆ ਕਰ ਰਹੇ ਹਨ।ਉਨਾਂ ਵੱਲੋਂ ਗੁਲਾਬਾ ਭੈਣੀ, ਗੱਟੀ ਨੰਬਰ ਇੱਕ ਅਤੇ ਆਸ ਪਾਸ ਦੀਆਂ ਢਾਣੀਆਂ ਤੱਕ ਕਿਸ਼ਤੀਆਂ ਰਾਹੀਂ ਰਸਦ ਪਹੁੰਚਾਈ ਗਈ । ਉਹਨਾਂ ਨੇ ਕਿਹਾ ਕਿ ਇਹ ਵੇਲਾ ਹੈ ਕਿ ਹਰ ਕੋਈ ਹੜ ਪੀੜਤਾਂ ਦੀ ਮਦਦ ਕਰੇ ਤੇ ਉਹ ਵੀ ਇਸੇ ਉਦੇਸ਼ ਨਾਲ ਇਥੇ ਪਹੁੰਚੇ ਹਨ। ਉਹ ਆਪਣੇ ਨਾਲ ਦੋ ਟਰੱਕ ਰਾਹਤ ਸਮੱਗਰੀ ਦੇ ਆਪਣੇ ਵਿਧਾਨ ਸਭਾ ਹਲਕੇ ਤੋਂ ਵੀ ਲੈ ਕੇ ਆਏ ਸਨ। ਉਨਾਂ ਨੇ ਕਿਹਾ ਕਿ ਪਾਣੀ ਦਾ ਪੱਧਰ ਕੱਲ ਦੇ ਲਗਭਗ ਬਰਾਬਰ ਹੈ ਅਤੇ ਹੁਸੈਨੀ ਵਾਲਾ ਹੈਡਵਰਕਸ ਤੋਂ 2 ਲੱਖ 62 ਹਜਰ ਕਿਊਸਿਕ ਪਾਣੀ ਚੱਲ ਰਿਹਾ ਹੈ।

ਮੰਤਰੀ ਨੇ ਕਿਹਾ ਕਿ ਇਸ ਵੇਲੇ ਸਰਕਾਰ ਦੀ ਪ੍ਰਾਥਮਿਕਤਾ ਫਸੇ ਹੋਏ ਲੋਕਾਂ ਨੂੰ ਬਾਹਰ ਕੱਢਣਾ ਅਤੇ ਫੌਰੀ ਮਦਦ ਮੁਹਈਆ ਕਰਵਾਉਣਾ ਹੈ। ਉਹਨਾਂ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਵਿਅਕਤੀ ਰਾਸ਼ਨ ਤੋਂ ਬਿਨਾਂ ਨਾ ਰਹੇ। ਉਹਨਾਂ ਨੇ ਕਿਹਾ ਕਿ ਅੱਠ ਰਾਹਤ ਕੈਂਪ ਬਣਾਏ ਗਏ ਹਨ ਅਤੇ ਉੱਥੇ ਪਹੁੰਚੇ ਲੋਕਾਂ ਦੀ ਵੀ ਹਰ ਸੰਭਵ ਮਦਦ ਪ੍ਰਸ਼ਾਸਨ ਵੱਲੋਂ ਕੀਤੀ ਗਈ ਹੈ।ਉਹਨਾਂ ਕਿਹਾ ਕਿ ਜਾਨਵਰਾਂ ਲਈ ਕੈਟਲ ਫੀਡ, ਹਰਾ ਚਾਰਾ, ਮੱਕੀ ਦਾ ਆਚਾਰ ਅਤੇ ਮਨੁੱਖਾਂ ਲਈ ਰਸਦ ਘਰ ਘਰ ਪਹੁੰਚਾਈ ਜਾ ਰਹੀ ਹੈ ।ਉਨਾਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਸਾਰੀਆਂ ਟੀਮਾਂ ਤਨਦੇਹੀ ਨਾਲ ਕੰਮ ਕਰ ਰਹੀਆਂ ਹਨ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਮਦਦ ਮੁਹਈਆ ਕਰਵਾਈ ਜਾ ਰਹੀ ਹੈ।

ਉਹਨਾਂ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਸਮੁੱਚਾ ਪੰਜਾਬ ਇੱਕ ਜੁੱਟ ਹੋ ਗਿਆ ਹੈ ਅਤੇ ਵੱਡੇ ਪੱਧਰ ਤੇ ਸਰਕਾਰ ਦੇ ਨਾਲ ਨਾਲ ਸਮਾਜਿਕ ਸੰਗਠਨ ਅਤੇ ਆਮ ਲੋਕ ਵੀ ਮਦਦ ਭੇਜ ਰਹੇ ਹਨ। ਉਨਾਂ ਨੇ ਆਖਿਆ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਦੇ ਨਾਲ ਦ੍ਰਿੜਤਾ ਨਾਲ ਖੜੀ ਹੈ ਅਤੇ ਲੋਕਾਂ ਦੇ ਹੋਏ ਨੁਕਸਾਨ ਦੀ ਹਰ ਪੱਖੋਂ ਭਰਪਾਈ ਕੀਤੀ ਜਾਵੇਗੀ ।

ਇਸ ਮੌਕੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਅੱਜ ਵੱਖ-ਵੱਖ ਪਿੰਡਾਂ ਵਿੱਚ ਰਾਹਤ ਪਹੁੰਚਾਉਣ ਦੇ ਨਾਲ ਨਾਲ ਬਿਮਾਰ ਲੋਕਾਂ ਨੂੰ ਵੀ ਤੇਜ਼ੀ ਨਾਲ ਬਾਹਰ ਕੱਢਿਆ ਗਿਆ ਹੈ। ਉਨ ਨੇ ਕਿਹਾ ਕਿ ਪਿੰਡਾਂ ਦੇ ਲੋਕ ਇਸ ਮੁਸ਼ਕਲ ਘੜੀ ਵਿੱਚ ਪੂਰੇ ਹੌਸਲੇ ਵਿੱਚ ਹਨ। ਇਸ ਮੌਕੇ ਚਸਪਿੰਦਰ ਸਿੰਘ ਚਾਹਲ, ਜ਼ਿਲਾ ਪ੍ਰਧਾਨ ਉਪਕਾਰ ਸਿੰਘ ਜਾਖੜ ਬੱਬੂ ਚੇਤੀਵਾਲ, ਐਸਡੀਐਮ ਵੀਰਪਾਲ ਕੌਰ, ਤਹਿਸੀਲਦਾਰ ਜਸਪ੍ਰੀਤ ਸਿੰਘ ਵੀ ਉਨਾਂ ਦੇ ਨਾਲ ਹਾਜ਼ਰ ਸਨ।

# ਰਾਹਤ ਤੇ ਬਚਾਅ ਕਾਰਜਾਂ ਵਿੱਚ ਪੰਜਾਬ ਪੁਲਿਸ ਦੇ ਜਵਾਨ ਵੀ ਨਿਭਾ ਰਹੇ ਹਨ ਮੋਹਰੀ ਰੋਲ



**ਗੁਰਦਾਸਪੁਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਗੁਰਦਾਸਪੁਰ ਰਾਵੀ ਦਰਿਆ ਦੇ ਨਾਲ ਲੱਗਦੇ ਇਲਾਕੇ ਵਿੱਚ ਆਏ ਹੜ੍ਹ 'ਚੋਂ ਪ੍ਰਭਾਵਿਤ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਣ ਅਤੇ ਹੋਰ ਰਾਹਤ ਕਾਰਜਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਦੇ ਨਾਲ ਪੰਜਾਬ ਪੁਲਿਸ ਦੇ ਅਧਿਕਾਰੀ ਤੇ ਜਵਾਨ ਵੀ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੇ ਹਨ। ਪੰਜਾਬ ਪੁਲਿਸ ਦੇ ਜਵਾਨਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਸਮਗਰੀ ਵੰਡੀ ਜਾ ਰਹੀ ਹੈ ਅਤੇ ਲੋਕਾਂ ਦੀ ਹਰ ਤਰ੍ਹਾਂ ਨਾਲ ਮਦਦ ਕੀਤੀ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਆਦਿੱਤਯ ਨੇ ਦੱਸਿਆ ਕਿ ਹੜ੍ਹ ਆਉਣ ਤੋਂ ਪਹਿਲਾਂ ਹੀ ਪੰਜਾਬ ਪੁਲਿਸ ਦੇ ਜਵਾਨ ਹੜ੍ਹਾਂ ਦੇ ਸੰਭਾਵੀ ਖੇਤਰ ਵਿੱਚ ਪਹੁੰਚ ਗਏ ਸਨ ਅਤੇ ਕਈ ਲੋਕਾਂ ਨੂੰ ਐਡਵਾਂਸ ਵਿੱਚ ਹੀ ਬਾਹਰ ਕੱਢ ਲਿਆਂਦਾ ਸੀ। ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਵੀ ਗੁਰਦਾਸਪੁਰ ਪੁਲਿਸ ਦੇ ਜਵਾਨਾਂ ਨੇ ਅੱਗੇ ਹੋ ਕੇ ਲੋਕਾਂ ਨੂੰ ਰੈਸਕਯੂ ਕੀਤਾ ਹੈ।

ਇਸ ਤੋਂ ਇਲਾਵਾ ਪੰਜਾਬ ਪੁਲਿਸ ਦੀਆਂ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਖਾਣ ਲਈ ਰਾਸ਼ਨ, ਪਾਣੀ ਤੇ ਹੋਰ ਲੋੜੀਂਦੀ ਸਮਗਰੀ ਵੰਡੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਲਈ ਹਰ ਸਮੇਂ ਹਾਜ਼ਰ ਹੈ ਅਤੇ ਪੰਜਾਬ ਪੁਲਿਸ ਦੇ ਇਹ ਮਾਨਵਤਾਵਾਦੀ ਉਪਰਾਲੇ ਜਾਰੀ ਰਹਿਣਗੇ।

# ਡਿਪਟੀ ਕਮਿਸ਼ਨਰ ਵੱਲੋਂ ਰਾਹਤ ਕੈਂਪਾਂ ਦਾ ਜਾਇਜਾ, ਜ਼ਿਲੇ ਵਿੱਚ ਅੱਠ ਰਾਹਤ ਕੈਂਪ ਕਾਰਜਸ਼ੀਲ

**ਫਾਜ਼ਿਲਕਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਅੱਜ ਜਿਲ੍ਹੇ ਵਿੱਚ ਬਣੇ ਵੱਖ-ਵੱਖ ਰਾਹਤ ਕੈਂਪਾਂ ਦਾ ਦੌਰਾ ਕਰਕੇ ਇੱਥੇ ਰਹਿ ਰਹੇ ਲੋਕਾਂ ਨਾਲ ਗੱਲਬਾਤ ਕਰਕੇ ਯਕੀਨੀ ਬਣਾਇਆ ਕਿ ਲੋੜਵੰਦ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਦੀ ਰਹੇ।ਉਨਾਂ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅੱਠ ਰਾਹਤ ਕੈਂਪ ਬਣਾਏ ਗਏ ਹਨ, ਜਿੱਥੇ ਆਉਣ ਵਾਲੇ ਲੋਕਾਂ ਨੂੰ ਰਸ਼ਦ, ਲੰਗਰ ਅਤੇ ਉਹਨਾਂ ਦੇ ਜਾਨਵਰਾਂ ਲਈ ਚਾਰਾ ਅਤੇ ਫੀਡ ਮੁਹਈਆ ਕਰਵਾਈ ਜਾ ਰਹੀ ਹੈ। ਉਹਨਾਂ ਨੇ ਕਿਹਾ ਕਿ ਮੈਡੀਕਲ ਟੀਮਾਂ ਵੀ ਲਗਾਤਾਰ ਪ੍ਰਭਾਵਿਤ ਖੇਤਰਾਂ ਵਿੱਚ ਕੰਮ ਕਰ ਰਹੀਆਂ ਹਨ ਅਤੇ ਮੱਛਰ ਮਾਰ ਦਵਾਈ ਦਾ ਸਪਰੇ ਵੀ ਰਾਹਤ ਕੈਂਪਾਂ ਵਿੱਚ ਕਰਵਾਇਆ ਗਿਆ ਹੈ। ਖਬਰ ਲਿਖੇ ਜਾਣ ਤੱਕ ਉਨ੍ਹਾਂ ਢਾਣੀ ਮੋਹਨਾ ਰਾਮ, ਨੂਰ ਸਮੰਦ ਰਾਹਤ ਕੈਂਪ ਦਾ ਦੌਰਾ ਕੀਤਾ ਤੇ ਦੌਰਾ ਅਜੇ ਵੀ ਜਾਰੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਤਲੁਜ ਵਿੱਚ ਪਾਣੀ ਦਾ ਬਹਾਅ ਕੱਲ ਅਨੁਸਾਰ ਸਥਿਰ ਹੈ ਅਤੇ ਇਸ ਸਮੇਂ 2 ਲੱਖ 62 ਹਜਾਰ ਕਿਊਸਿਕ ਪਾਣੀ ਹੁਸੈਨੀਵਾਲਾ ਤੋਂ ਛੱਡਿਆ ਜਾ ਰਿਹਾ ਹੈ। ਹਾਲਾਂਕਿ ਹਰੀਕੇ ਹੈਡਵਰਕ ਤੋਂ ਨਿਕਾਸੀ ਵਿੱਚ 4 ਹਜਾਰ ਕਿਓਸਿਕ ਦੀ ਕਮੀ ਆਈ ਹੈ ।ਉਹਨਾਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਰ ਮੁਹਾਜ ਤੇ ਕੰਮ ਕਰ ਰਿਹਾ ਹੈ।ਉਹਨਾਂ ਨੇ ਆਖਿਆ ਕਿ ਪ੍ਰਭਾਵਿਤ ਪਿੰਡਾਂ ਵਿੱਚ ਪੀਣ ਦਾ ਪਾਣੀ ਪੁੱਜਦਾ ਕੀਤਾ ਜਾ ਰਿਹਾ ਹੈ ਅਤੇ ਜਿੰਨਾ ਖੇਤਰਾਂ ਵਿੱਚ ਪਾਣੀ ਦੀ ਘਾਟ ਹੈ ਉੱਥੇ ਕੈਨੀਆ ਨਾਲ ਪਾਣੀ ਪਹੁੰਚਾਇਆ ਜਾ ਰਿਹਾ ਹੈ , ਜਦਕਿ ਜਿਆਦਾਤਰ ਪਿੰਡਾਂ ਵਿੱਚ ਆਰਓ ਸਿਸਟਮ ਕਾਰਜਸ਼ੀਲ ਹਨ। ਇਸ ਤੋਂ ਬਿਨਾਂ ਹਰ ਪ੍ਰਕਾਰ ਦੀ ਰਾਹਤ ਸਮਗਰੀ ਘਰ ਘਰ ਪਹੁੰਚਾਈ ਜਾ ਰਹੀ ਹੈ ਅਤੇ ਜਿਲਾ ਪ੍ਰਸ਼ਾਸਨ ਦੀਆਂ ਸਾਰੀਆਂ ਟੀਮਾਂ ਕਾਰਜਸ਼ੀਲ ਹਨ। ਉਹਨਾਂ ਨੇ ਦੱਸਿਆ ਕਿ ਮੈਡੀਕਲ ਟੀਮਾਂ ਵੱਲੋਂ ਅੱਜ ਇੱਕ ਮਰੀਜ਼ ਨੂੰ ਡਾਇਲਸਿਸ ਲਈ ਬੇੜੀ ਰਾਹੀਂ ਲਿਆਂਦਾ ਗਿਆ ਅਤੇ ਹਸਪਤਾਲ ਪਹੁੰਚਾਇਆ ਗਿਆ। ਇਸ ਤੋਂ ਬਿਨਾਂ ਵੀ ਵੱਖ-ਵੱਖ ਟੀਮਾਂ ਨੇ ਅੱਜ ਸੈਂਕੜੇ ਲੋਕਾਂ ਨੂੰ ਬੇੜੀਆਂ ਅਤੇ ਟਰੈਕਟਰ ਟਰਾਲੀਆਂ ਰਾਹੀਂ ਸੁਰੱਖਿਤ ਬਾਹਰ ਕੱਢਿਆ। ਇਸ ਮੌਕੇ ਉਨਾਂ ਦੇ ਨਾਲ ਐਸਡੀਐਮ ਵੀਰਪਾਲ ਕੌਰ ਸਹਾਇਕ ਕਮਿਸ਼ਨਰ ਜਨਰਲ ਅਮਨਦੀਪ ਸਿੰਘ ਮਾਵੀ ਵੀ ਹਾਜ਼ਰ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਅਤੇ ਨੀਵੇਂ ਥਾਵਾਂ ਵਿੱਚ ਜਾਣ ਤੋਂ ਗੁਰੇਜ਼ ਕਰਨ। ਉਹਨਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਮਦਦ ਦੀ ਲੋੜ ਹੋਵੇ ਜਾਂ ਕੋਈ ਜਾਣਕਾਰੀ ਚਾਹੀਦੀ ਹੋਵੇ ਤਾਂ ਜਿਲ੍ਹਾ ਪੱਧਰੀ ਹੜ ਕੰਟਰੋਲ ਰੂਮ ਦੇ ਨੰਬਰ 01638-262 153 ਤੇ ਸੰਪਰਕ ਕੀਤਾ ਜਾ ਸਕਦਾ।

# ਸ੍ਰੀ ਚਰਨ ਛੋਹ ਗੰਗਾ ਖੁਰਾਲਗੜ੍ਹ ਸਾਹਿਬ ਵਿਖੇ ਕਰਵਾਏ ਸਮਾਗਮ 'ਚ ਕੀਤੀ ਸ਼ਿਰਕਤ




**ਹੁਸ਼ਿਆਰਪੁਰ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਅੰਦਰ ਗੁਣਾਤਮਿਕ ਸਿੱਖਿਆ ਨੂੰ ਪਹਿਲ ਦੇਣਾ ਸੂਬਾ ਸਰਕਾਰ ਦਾ ਮੁੱਖ ਉਦੇਸ਼ ਹੈ, ਜਿਸ ਦੀ ਬਦੌਲਤ ਸੂਬੇ ਅੰਦਰ ਖੋਲ੍ਹੇ ਸਕੂਲ ਆਫ ਐਮੀਨੈਂਸ ਸਕੂਲਾਂ ਵਿਚੋਂ 44 ਬੱਚੇ ਜੇ.ਈ.ਈ ਦੀ ਪ੍ਰੀਖਿਆ ਪਾਸ ਕਰਨ ਵਿਚ ਸਫਲ ਹੋਏ ਹਨ। ਇਹ ਪ੍ਰਗਟਾਵਾ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਸ੍ਰੀ ਗੁਰੂ ਰਵਿਦਾਸ ਜੀ ਦੀ ਸ੍ਰੀ ਚਰਨ ਛੋਹ ਗੰਗਾ ਖੁਰਾਲਗੜ੍ਹ ਸਾਹਿਬ ਵਿਖੇ ਆਲ ਇੰਡੀਆ ਆਦਿ ਧਰਮ ਮਿਸ਼ਨ ਦੇ ਬਾਨੀ ਬਾਬਾ ਬੰਤਾ ਰਾਮ ਘੇੜਾ ਅਤੇ ਬਾਬਾ ਸੁਮਨ ਦਾਸ ਜੀ ਦੇ ਜਨਮ ਦਿਹਾੜੇ 'ਤੇ ਕਰਵਾਏ ਸਮਾਗਮ ਮੌਕੇ ਪ੍ਰਗਟ ਕੀਤੇ। ਉਨ੍ਹਾਂ ਸੰਗਤਾਂ ਨੂੰ ਸਮਾਗਮ ਦੀਆਂ ਵਧਾਈਆ ਦਿੰਦਿਆਂ ਸਮੁੱਚੀ ਪ੍ਰਬੰਧਕ ਕਮੇਟੀ ਦੀ ਇਨ੍ਹਾਂ ਉਪਰਾਲਿਆ ਲਈ ਪ੍ਰਸੰਸਾ ਵੀ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਦੇ 5 ਹਜ਼ਾਰ ਅਨੁਸੂਚਿਤ ਜਾਤੀ ਪਰਿਵਾਰਾਂ ਦੇ ਐਸ.ਸੀ.ਕਾਰਪੋਰੇਸ਼ਨ ਦੇ ਕਰਜ਼ੇ ਮੁਆਫ਼ ਕਰਕੇ ਇਨ੍ਹਾਂ ਦਲਿਤ ਪਰਿਵਾਰਾ ਨੂੰ ਵੱਡੀ ਰਾਹਤ ਪ੍ਰਦਾਨ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਗੁਰੂ ਘਰ ਵਿਖੇ ਹਰੇਕ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ 'ਤੇ ਕਰੇਗੀ, ਤਾਂ ਜੋ ਦੇਸ਼-ਵਿਦੇਸ਼ ਤੋਂ ਗੁਰੂ ਦਰਸ਼ਨਾਂ ਲਈ ਪਹੁੰਚ ਰਹੀਆਂ ਸੰਗਤਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਇਸ ਮੌਕੇ ਕੈਬਨਿਟ ਮੰਤਰੀ ਨੇ ਮਹਾਨ ਦਾਨੀ ਲਾਲਾ ਮਹਿੰਦਰ ਰਾਮ ਚੁੰਬਰ, ਵਾਸੀ ਮੀਰਪੁਰ ਜੱਟਾਂ ਯਾਦਗਾਰੀ ਲਾਇਬ੍ਰੇਰੀ ਦਾ ਉਦਘਾਟਨ ਵੀ ਕੀਤਾ।ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਅਤੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਪ੍ਰਧਾਨ ਆਪ ਐਸ.ਸੀ ਵਿੰਗ ਪੰਜਾਬ ਨੇ ਕਿਹਾ ਕਿ ਗੁਰੂ ਘਰ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਸੂਬਾ ਸਰਕਾਰ ਨੇ ਇਸੇ ਅਸਥਾਨ 'ਤੇ ਕਰੀਬ ਇਕ ਕਰੋੜ ਰੁਪਏ ਖ਼ਰਚ ਕਰਕੇ 1100 ਫੁੱਟ ਡੂੰਘਾ ਟਿਊਬਵੈਲ ਲਗਾ ਕੇ ਸੰਗਤਾਂ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਹੈ ਅਤੇ ਭਵਿੱਖ 'ਚ ਸੰਗਤਾਂ ਨੂੰ ਕੋਈ ਵੀ ਸਮੱਸਿਆ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਰਛਪਾਲ ਰਾਜੂ ਡਾਇਰੈਕਟਰ ਐਸ.ਸੀ ਕਾਰਪੋਰੇਸ਼ਨ, ਗੁਰੂ ਘਰ ਦੇ ਪ੍ਰਧਾਨ ਸੰਤ ਸੁਰਿੰਦਰ ਦਾਸ ਅਤੇ ਆਲ ਇੰਡੀਆ ਆਦਿ ਧਰਮ ਮਿਸ਼ਨ ਦੇ ਕੌਮੀ ਪ੍ਰਧਾਨ ਐਲ.ਆਰ.ਵਿਰਦੀ ਨੇ ਜਿਥੇ ਪੰਜਾਬ ਦੇ ਵਿੱਤ ਮੰਤਰੀ, ਡਿਪਟੀ ਸਪੀਕਰ ਅਤੇ ਸੰਗਤਾਂ ਦਾ ਸਮਾਗਮਾਂ 'ਚ ਸ਼ਿਰਕਤ ਕਰਨ ਲਈ ਧੰਨਵਾਦ ਕੀਤਾ, ਉਥੇ ਉਨ੍ਹਾਂ ਗੁਰੂ ਘਰ ਵਿਖੇ ਸੰਗਤਾਂ ਨੂੰ ਦਰਪੇਸ਼ ਸਮੱਸਿਆਵਾਂ ਤੋਂ ਵੀ ਜਾਣੂ ਕਰਵਾਇਆ। ਇਸ ਮੌਕੇ ਪ੍ਰਬੰਧਕ ਕਮੇਟੀ ਵਲੋਂ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਤ-ਮਹਾਪੁਰਸ਼ਾਂ ਦਾ ਸਿਰੋਪਾਓ ਨਾਲ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਗਾਇਕਾਂ ਅਤੇ ਕੀਰਤਨੀ ਜਥਿਆਂ ਨੇ ਵੀ ਹਾਜ਼ਰੀਆਂ ਭਰੀਆਂ। ਇਸ ਮੌਕੇ ਪੰਜਾਬ ਭਰ ਖਾਸ ਕਰਕੇ ਮਾਲਵਾ ਖੇਤਰ ਤੋਂ ਵੱਡੀ ਗਿਣਤੀ 'ਚ ਸੰਗਤਾਂ ਅਤੇ ਸੇਵਾਦਾਰਾਂ ਨੇ ਜਿਥੇ ਸੰਗਤਾਂ ਲਈ ਲਗਾਤਾਰ ਤਿੰਨ ਦਿਨ ਲੰਗਰ ਲਗਾਏ, ਉੱਥੇ ਸੇਵਾ ਵਿਚ ਵੱਧ-ਚੜ੍ਹ ਕੇ ਹਿੱਸਾ ਪਾਇਆ। ਇਸ ਮੌਕੇ ਸੰਤ ਮਾਂਗਨ ਦਾਸ ਮੱਧ ਪ੍ਰਦੇਸ਼, ਸੰਤ ਬਖਸ਼ੀ ਰਾਮ ਜਗਾਧਰੀ, ਸੰਤ ਸੈਮ ਪ੍ਰਕਾਸ਼ ਨਨਹੇੜੀ ਹਰਿਆਣਾ, ਸੰਤ ਜੀਵਨ ਦਾਸ ਲਲਿਤਪੁਰ ਉੱਤਰ ਪ੍ਰਦੇਸ਼, ਸੰਤ ਸ਼ੀਲ ਪ੍ਰਸਾਦ ਉੱਤਰਾਖੰਡ, ਸੰਤ ਦਿਆਲ ਬੰਗਾ, ਸੰਤ ਗਿਰਧਾਰੀ ਲਾਲ, ਸੰਤ ਕਰਮ ਚੰਦ ਬੀਣੇਵਾਲ, ਮਨਜੀਤ ਮੁਗੋਵਾਲੀਆ ਪ੍ਰਧਾਨ ਡਾ.ਅੰਬੇਡਕਰ ਸਭਾ ਮਹਾਰਾਸ਼ਟਰ, ਐਲ.ਆਰ.ਵਿਰਦੀ ਕੌਮੀ ਪ੍ਰਧਾਨ ਆਦਿ ਧਰਮ ਮਿਸ਼ਨ, ਰਾਹੁਲ ਬੱਧਣ ਨਵੀਂ ਦਿੱਲੀ ਨਾਜਰ ਰਾਮ ਮਾਨ ਚੇਅਰਮੈਨ ਗੁਰੂ ਘਰ, ਪ੍ਰਿਸੀਪਲ ਸਰੂਪ ਚੰਦ ਗੜ੍ਹਸ਼ੰਕਰ, ਸੁਰਜੀਤ ਸਿੰਘ ਖਾਨਪੁਰੀ, ਹਰਬੰਸ ਸਿੰਘ ਇੰਸਪੈਕਟਰ ਪੁਲਿਸ, ਨਰੰਜਣ ਸਿੰਘ ਪੋਸਟ ਮਾਸਟਰ ਦੁਰਾਹਾ, ਦਲਵੀਰ ਰਾਜ ਮੀਤ ਪ੍ਰਧਾਨ ਆਦਿ ਧਰਮ ਮਿਸ਼ਨ ਭਾਰਤ, ਸੁਖਚੈਨ ਸਿੰਘ ਕਾਲਾ, ਮਨਜੀਤ ਮਗੋਵਾਲੀਆ, ਸੁਰਿੰਦਰ ਸਿੰਘ ਅਤੇ ਰਾਜ ਕੁਮਾਰ ਡੰਗਰਪੁਰ ਆਦਿ ਵੀ ਹਾਜਰ ਸਨ।

# ਸੌਂਦ ਨੇ ਫਾਜ਼ਿਲਕਾ ਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਰਾਹਤ ਸਮੱਗਰੀ ਵੰਡੀ




**ਫਾਜ਼ਿਲਕਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਫਾਜ਼ਿਲਕਾ ਹਲਕੇ ਦੇ ਹੜ੍ਹ ਪ੍ਰਭਾਵਿਤ ਪਿੰਡ ਗੁਲਾਬਾ ਭੈਣੀ ਅਤੇ ਇਸ ਦੀਆਂ ਢਾਣੀਆਂ ਦਾ ਦੌਰਾ ਕੀਤਾ। ਉਨ੍ਹਾਂ ਪੀੜਤ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਹਰ ਤਰ੍ਹਾਂ ਦੀ ਮਦਦ ਦਾ ਭਰੋਸਾ ਦਿੱਤਾ। ਉਨ੍ਹਾਂ ਪੀੜਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਦੀ ਵੰਡ ਵੀ ਕੀਤੀ ਜੋ ਕਿ ਉਹ ਆਪਣੇ ਨਾਲ ਬੇੜੀ ਵਿੱਚ ਲੈ ਕੇ ਗਏ ਸਨ।ਸੌਂਦ ਨੇ ਕਿਹਾ ਕਿ ਆਫ਼ਤ ਦੀ ਇਸ ਘੜੀ ਪੰਜਾਬ ਸਰਕਾਰ ਹਰੇਕ ਪੀੜ੍ਹਤ ਨਾਲ ਮੋਢੇ ਨਾਲ ਮੋਢਾ ਜੋੜਕੇ ਖੜ੍ਹੀ ਹੈ।

ਇਸ ਤੋਂ ਪਹਿਲਾਂ ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸ਼ਨ ਤੋਂ ਹੜ੍ਹਾਂ ਦੀ ਸਥਿਤੀ ਬਾਬਤ ਵਿਸਥਾਰ ਵਿੱਚ ਰਿਪੋਰਟ ਲਈ ਅਤੇ ਨਿਰਦੇਸ਼ ਦਿੱਤੇ ਕਿ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਤੱਕ ਹਰ ਤਰ੍ਹਾਂ ਦੀ ਸਰਕਾਰੀ ਮਦਦ ਨਿਰਵਿਘਨ ਤਰੀਕੇ ਨਾਲ ਪੁੱਜਦੀ ਕੀਤੀ ਜਾਵੇ।

ਉਨ੍ਹਾਂ ਅਪੀਲ ਕੀਤੀ ਕਿ ਮੁਸੀਬਤ ਦੀ ਇਸ ਘੜੀ ਹੜ੍ਹ ਪੀੜਤਾਂ ਦੀ ਵੱਧ ਤੋਂ ਵੱਧ ਸਹਾਇਤਾ ਲਈ ਆਮ ਲੋਕ, ਸੰਸਥਾਵਾਂ ਅਤੇ ਗੈਰ ਸਰਕਾਰੀ ਸੰਗਠਨ ਮਦਦ ਦਾ ਹੱਥ ਵਧਾਉਣ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਅਤੇ ਜਰੂਰੀ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਬੈਠਕ ਦੌਰਾਨ ਉਨ੍ਹਾਂ ਦੇ ਨਾਲ ਐਸ.ਐਸ.ਪੀ. ਗੁਰਮੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿ) ਸੁਭਾਸ਼ ਚੰਦਰ, ਐਸ.ਡੀ.ਐਮ. ਵੀਰਪਾਲ ਕੌਰ ਅਤੇ ਸਹਾਇਕ ਕਮਿਸ਼ਨਰ ਅਮਨਦੀਪ ਸਿੰਘ ਮਾਵੀ ਹਾਜ਼ਰ ਸਨ।

# ਡਾ. ਕੁਲਦੀਪ ਸਿੰਘ ਮਾਹਿਰ ਕਮੇਟੀ ਦੇ ਮੈਂਬਰ ਬਣੇ

**ਸ਼ਾਹਬਾਦ ਮਾਰਕੰਡਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਰਾਜਪਾਲ ਅਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਚਾਂਸਲਰ ਪ੍ਰੋ. ਅਸ਼ੀਮ ਕੁਮਾਰ ਘੋਸ਼ ਦੇ ਨਿਰਦੇਸ਼ਾਂ ਅਨੁਸਾਰ ਸੂਬੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਕੁਰੂਕਸ਼ੇਤਰ ਵਿਚ ਸਿੱਖ ਅਜਾਇਬ ਘਰ ਦੀ ਸਥਾਪਨਾ ਲਈ ਇਕ ਖੋਜ ਮਾਹਿਰ ਕਮੇਟੀ ਦਾ ਗਠਨ ਕੀਤਾ ਗਿਆ ਹੈ। ਸੂਚਨਾ ਜਨ ਸੰਪਰਕ ਵਿਭਾਗ ਹਰਿਆਣਾ ਚੰਡੀਗੜ ਵੱਲੋਂ ਜਾਰੀ ਹੁਕਮਾਂ ਅਨੁਸਾਰ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਪ੍ਰੋ. ਕੁਲਦੀਪ ਸਿੰਘ ਨੂੰ ਇਸ ਕਮੇਟੀ ਦਾ ਮੈਂਬਰ ਬਣਾਇਆ ਹੈ। ਇਸ ਮੌਕੇ 'ਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮਨਾਥ ਸਚਦੇਵਾ ਨੇ ਡਾ. ਕੁਲਦੀਪ ਸਿੰਘ ਨੂੰ ਵਧਾਈ ਦਿੱਤੀ ਹੈ ਅਤੇ ਕਿਹਾ ਕਿ ਉਹ ਇਸ ਸਿੱਖ ਅਜਾਇਬ ਘਰ ਦੀ ਸਥਾਪਨਾ ਵਿਚ ਆਪਣਾ ਮਹੱਤਵਪੂਰਨ ਯੋਗਦਾਨ ਪਾਉਣਗੇ।ਡਾ. ਕੁਲਦੀਪ ਸਿੰਘ ਨੇ ਇਸ ਨਿਯੁਕਤੀ ਲਈ ਰਾਜਪਾਲ, ਮੁੱਖ ਮੰਤਰੀ, ਕੁਰੂਕਸ਼ੇਤਰ ਵਿਚ ਸਿੱਖ ਅਜਾਇਬ ਘਰ ਦੀ ਸਥਾਪਨਾ ਲਈ ਇਕ ਖੋਜ ਮਾਹਿਰ ਕਮੇਟੀ ਦਾ ਗਠਨ ਕੀਤਾ ਗਿਆ ਹੈ।

ਸੂਚਨਾ ਜਨ ਸੰਪਰਕ ਵਿਭਾਗ ਹਰਿਆਣਾ ਚੰਡੀਗੜ ਵੱਲੋਂ ਜਾਰੀ ਹੁਕਮਾਂ ਅਨੁਸਾਰ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਪ੍ਰੋ. ਕੁਲਦੀਪ ਸਿੰਘ ਨੂੰ ਹੈ। ਇਸ ਮੌਕੇ 'ਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮਨਾਥ ਸਚਦੇਵਾ ਨੇ ਡਾਇਸ ਕਮੇਟੀ ਦਾਅਤੇ ਯੂਨੀਵਰਸਿਟੀ ਦੇ ਵੀਸੀ ਦਾ ਧੰਨਵਾਦ ਕੀਤਾ ਹੈ।

# ਵਿਦਿਆਰਥਣਾਂ ਨੂੰ ਸਵੈ-ਰੱਖਿਆ ਬਾਰੇ ਜਾਗਰੂਕ ਕੀਤਾ

**ਸ਼ਾਹਬਾਦ ਮਾਰਕੰਡਾ, 4 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਆਰੀਆ ਕੰਨਿਆ ਕਾਲਜ ਦੇ ਮਹਿਲਾ ਸੈੱਲ ਅਤੇ ਅੰਗਰੇਜ਼ੀ ਵਿਭਾਗ ਨੇ ਸਾਂਝੇ ਤੌਰ 'ਤੇ ਕੁਰੂਕਸ਼ੇਤਰ ਦੇ ਮਹਿਲਾ ਥਾਣੇ ਵਿਚ ਟ੍ਰਿਪ ਮਾਨੀਟਰਿੰਗ 'ਤੇ ਇਕ ਵਿਸ਼ੇਸ਼ ਸੈਮੀਨਾਰ ਅਤੇ ਡਾਇਲ 112 ਸਬੰਧੀ ਨੰਬਰ ਦੀ ਵਰਤੋਂ ਵਿਸ਼ੇ 'ਤੇ ਇਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਮਹਿਲਾ ਸੁਰੱਖਿਆ ਉਪਰਾਲੇ ਅਤੇ ਐਮਰਜੈਂਸੀ ਹੈਲਪਲਾਈਨ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਜਾਗਰੂਕ ਕਰਨਾ ਸੀ।

ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਡਾ. ਆਰਤੀ ਤਰੇਹਨ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਨੌਜਵਾਨ ਪੀੜੀ ਲਈ ਤਕਨੀਕੀ ਸੁਰੱਖਿਆ ਸਾਧਨਾਂ ਦਾ ਗਿਆਨ ਹੋਣਾ ਬਹੁਤ ਹੀ ਜਰੂਰੀ ਹੈ ਤਾਂ ਜੋ ਉਹ ਹਰ ਸਥਿਤੀ ਵਿਚ ਸਵੈ ਨਿਰਭਰ ਅਤੇ ਸੁਰੱਖਿਅਤ ਰਹਿਣ। ਇਸ ਪਹਿਲਕਦਮੀ ਦੀ ਅਗਵਾਈ ਪ੍ਰੋਗਰਾਮ ਕਨਵੀਨਰ ਡਾ. ਪ੍ਰਿਅੰਕਾ ਸਿੰਘ ਮਹਿਲਾ ਵਿਕਾਸ ਸੈਲ ਅਤੇ ਡਾ. ਕਵਿਤਾ ਮਹਿਤਾ ਮੁਖੀ ਅੰਗਰੇਜ਼ੀ ਵਿਭਾਗ ਨੇ ਕੀਤੀ।ਮਹਿਲਾ ਥਾਣੇ ਦੀਆਂ ਮਹਿਲਾ ਪੁਲੀਸ ਅਧਿਕਾਰੀਆਂ ਨੇ ਵਿਦਿਆਰਥਣਾਂ ਨੂੰ 112 ਨਿਯਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

# ਅੰਤਰਰਾਸ਼ਟਰੀ ਵੈਲਨੈਸ ਸੈਂਟਰ ਜਲਦੀ ਹੀ ਸਥਾਪਿਤ ਕੀਤਾ ਜਾਵੇਗਾ: ਡਾ. ਪੰਕਜ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ, 4 ਸਤੰਬਰ। 19ਵੀਂ ਗਵਰਨਿੰਗ ਕੌਂਸਲ ਦੀ ਇੱਕ ਮਹੱਤਵਪੂਰਨ ਮੀਟਿੰਗ ਕੱਲ੍ਹ ਦਿੱਲੀ ਦੇ ਸਿਹਤ ਮੰਤਰੀ ਡਾ. ਪੰਕਜ ਕੁਮਾਰ ਸਿੰਘ ਦੀ ਪ੍ਰਧਾਨਗੀ ਹੇਠ ਨਜਫਗੜ੍ਹ ਦੇ ਖੇੜਾ ਡਾਬਰ ਵਿਖੇ ਸਥਿਤ ਚੌਧਰੀ ਬ੍ਰਹਮ ਪ੍ਰਕਾਸ਼ ਆਯੁਰਵੇਦ ਚਰਕ ਸੰਸਥਾਨ (CBPACS) ਵਿਖੇ ਹੋਈ। ਇਸ ਮੀਟਿੰਗ ਵਿੱਚ ਸਿਹਤ ਮੰਤਰੀ ਡਾ. ਪੰਕਜ ਕੁਮਾਰ ਸਿੰਘ ਨੇ ਚੌਧਰੀ ਬ੍ਰਹਮ ਪ੍ਰਕਾਸ਼ ਆਯੁਰਵੇਦ ਚਰਕ ਸੰਸਥਾਨ ਦੀ ਤਰੱਕੀ ਲਈ ਵਿਸਥਾਰ ਨਾਲ ਚਰਚਾ ਕੀਤੀ। ਮੰਤਰੀ ਨੇ ਆਯੁਸ਼ ਵਿਭਾਗ ਦੀ ਡਾਇਰੈਕਟਰ ਡਾ. ਯੋਗਿਤਾ ਮੁੰਜਾਲ, CBPACS ਦੀ ਡਾਇਰੈਕਟਰ ਅਤੇ ਮੀਟਿੰਗ ਵਿੱਚ ਮੌਜੂਦ ਅਧਿਕਾਰੀਆਂ ਦੇ ਸਾਹਮਣੇ ਸਾਰੇ ਡਾਕਟਰਾਂ ਅਤੇ ਕਰਮਚਾਰੀਆਂ ਨੂੰ ਉਤਸ਼ਾਹਿਤ ਕੀਤਾ ਅਤੇ ਕਿਹਾ ਕਿ ਸਾਡੀ ਸਰਕਾਰ ਇਸ ਸੰਸਥਾ ਦੀ ਤਰੱਕੀ ਲਈ ਹਰ ਸੰਭਵ ਮਦਦ ਦੇਣ ਲਈ ਤਿਆਰ ਹੈ। ਮੰਤਰੀ ਨੇ ਚੌਧਰੀ ਬ੍ਰਹਮ ਪ੍ਰਕਾਸ਼ ਆਯੁਰਵੇਦ ਚਰਕ ਸੰਸਥਾਨ (CBPACS) ਨੂੰ ਅੰਤਰਰਾਸ਼ਟਰੀ ਪੱਧਰ ਦਾ ਸੰਸਥਾਨ ਬਣਾਉਣ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਚੌਧਰੀ ਬ੍ਰਹਮ ਪ੍ਰਕਾਸ਼ ਆਯੁਰਵੇਦ ਚਰਕ ਸੰਸਥਾਨ (CBPACS) ਦੀ ਗਵਰਨਿੰਗ ਕੌਂਸਲ ਦੀ 19ਵੀਂ ਮੀਟਿੰਗ ਵਿੱਚ, ਦਿੱਲੀ ਦੇ ਸਿਹਤ ਮੰਤਰੀ ਡਾ: ਪੰਕਜ ਕੁਮਾਰ ਸਿੰਘ ਨੇ ਕਿਹਾ ਕਿ ਸਾਡੀ ਸਰਕਾਰ ਆਯੁਰਵੇਦ ਅਤੇ ਆਯੁਸ਼ ਦਵਾਈ ਨੂੰ ਇੱਕ ਨਵਾਂ ਆਯਾਮ ਅਤੇ ਨਵੀਂ ਉਡਾਣ ਦੇਣ ਲਈ ਵਚਨਬੱਧ ਹੈ। ਚੌਧਰੀ ਬ੍ਰਹਮ ਪ੍ਰਕਾਸ਼ ਆਯੁਰਵੇਦ ਚਰਕ ਸੰਸਥਾਨ ਨੂੰ ਨਾ ਸਿਰਫ਼ ਰਾਜਧਾਨੀ ਦਿੱਲੀ ਵਿੱਚ ਸਗੋਂ ਪੂਰੇ ਦੇਸ਼ ਅਤੇ ਦੁਨੀਆ ਵਿੱਚ ਆਯੁਰਵੇਦਿਕ, ਯੂਨਾਨੀ ਅਤੇ ਆਯੁਸ਼ ਦਵਾਈ ਵਰਗੀਆਂ ਰਵਾਇਤੀ ਡਾਕਟਰੀ ਪ੍ਰਣਾਲੀਆਂ ਦੇ ਖੇਤਰ ਵਿੱਚ ਇੱਕ ਰੋਲ ਮਾਡਲ ਸੰਸਥਾ ਬਣਾਇਆ ਜਾਵੇਗਾ। ਸੀਬੀਪੀਏਸੀਐਸ ਦੀ ਗਵਰਨਿੰਗ ਕੌਂਸਲ ਦੀ ਮੀਟਿੰਗ ਵਿੱਚ, ਸਿਹਤ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਅਤੇ ਦਿੱਲੀ ਦੀ ਮੁੱਖ ਮੰਤਰੀ ਸ਼੍ਰੀਮਤੀ ਰੇਖਾ ਗੁਪਤਾ ਦੀ ਅਗਵਾਈ ਹੇਠ, ਸਾਡੀ ਸਰਕਾਰ ਆਯੁਰਵੇਦ ਨੂੰ ਵਿਸ਼ਵਵਿਆਪੀ ਮਾਨਤਾ ਦੇਣ ਲਈ ਦਿਨ ਰਾਤ ਕੰਮ ਕਰ ਰਹੀ ਹੈ। ਸਾਡੀ ਸਰਕਾਰ ਚੌਧਰੀ ਬ੍ਰਹਮ ਪ੍ਰਕਾਸ਼ ਆਯੁਰਵੇਦ ਚਰਣ ਸੰਸਥਾਨ ਵਿੱਚ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ, ਨਵੀਂ ਖੋਜ ਨੂੰ ਉਤਸ਼ਾਹਿਤ ਕਰਨ, ਅਤੇ ਸਿਹਤ ਸੇਵਾਵਾਂ ਦੇ ਆਧੁਨਿਕੀਕਰਨ ਅਤੇ ਵਿਸਥਾਰ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰ ਰਹੀ ਹੈ। ਸਿਹਤ ਮੰਤਰੀ ਡਾ: ਪੰਕਜ ਕੁਮਾਰ ਸਿੰਘ ਨੇ ਕਿਹਾ ਕਿ ਆਯੁਰਵੈਦਿਕ ਸਿੱਖਿਆ, ਖੋਜ ਅਤੇ ਆਧੁਨਿਕ ਡਾਕਟਰੀ ਸਹੂਲਤਾਂ ਦੇ ਨਾਲ-ਨਾਲ ਇਸ ਸੰਸਥਾ ਦੇ ਬੁਨਿਆਦੀ ਢਾਂਚੇ ਅਤੇ ਨਵੀਆਂ ਯੋਜਨਾਵਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਮੀਟਿੰਗ ਵਿੱਚ ਸਿਹਤ ਮੰਤਰੀ ਡਾ. ਪੰਕਜ ਕੁਮਾਰ ਸਿੰਘ ਨੇ ਕਿਹਾ ਕਿ ਚੌਧਰੀ ਬ੍ਰਹਮ ਪ੍ਰਕਾਸ਼ ਆਯੁਰਵੇਦ ਚਰਕ ਸੰਸਥਾ ਵਿੱਚ ਡਾਕਟਰਾਂ, ਅਧਿਆਪਕਾਂ ਅਤੇ ਸਟਾਫ਼ ਦੀ ਘਾਟ ਨੂੰ ਦੂਰ ਕਰਨ ਲਈ ਇੱਕ ਵਿਸਤ੍ਰਿਤ ਰਿਪੋਰਟ ਮੰਗੀ ਗਈ ਹੈ। ਇਸ ਦੇ ਨਾਲ ਹੀ, ਮੈਂ ਅਧਿਕਾਰੀਆਂ ਨਾਲ ਸੰਸਥਾ ਵਿੱਚ ਸਾਰੀਆਂ ਖਾਲੀ ਅਸਾਮੀਆਂ ਨੂੰ ਭਰਨ, ਪੰਚਕਰਮਾਂ ਨੂੰ ਉਤਸ਼ਾਹਿਤ ਕਰਨ,



ਵਿਦਿਆਰਥੀਆਂ ਅਤੇ ਮਰੀਜ਼ਾਂ ਦੇ ਹਿੱਤ ਵਿੱਚ ਓਪੀਡੀ ਸੇਵਾਵਾਂ ਨੂੰ ਅਪਗ੍ਰੇਡ ਕਰਨ ਬਾਰੇ ਵੀ ਵਿਸਥਾਰ ਵਿੱਚ ਚਰਚਾ ਕੀਤੀ। ਸੰਸਥਾ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਨਾਲ, ਸਾਡੀ ਸਰਕਾਰ ਹਸਪਤਾਲ ਅਤੇ ਕਾਲਜ ਦੋਵਾਂ ਲਈ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ, ਇਲਾਜ ਕਮਰੇ ਅਤੇ ਹੋਸਟਲ ਸਹੂਲਤਾਂ ਦੇ ਵਿਸਥਾਰ 'ਤੇ ਵੀ ਕੰਮ ਕਰ ਰਹੀ ਹੈ। ਡਾ. ਸਿੰਘ ਨੇ ਐਲਾਨ ਕੀਤਾ ਕਿ CBPACS ਵਿਖੇ ਬੁਨਿਆਦੀ ਢਾਂਚੇ ਅਤੇ ਸੇਵਾ ਪ੍ਰਦਾਨ ਕਰਨ ਨੂੰ ਮਜ਼ਬੂਤ ??ਕਰਨ ਲਈ ਕਦਮ ਚੁੱਕੇ ਜਾਣਗੇ। ਇਨ੍ਹਾਂ ਵਿੱਚ ਰਵਾਇਤੀ ਤੰਦਰੁਸਤੀ ਤਕਨੀਕਾਂ ਨਾਲ ਤਣਾਅ ਅਤੇ ਮਾਨਸਿਕ ਸਿਹਤ ਸਮੱਸਿਆਵਾਂ ਦੇ ਇਲਾਜ ਲਈ ਇੱਕ ਮਾਨਸਿਕ ਤੰਦਰੁਸਤੀ ਕੇਂਦਰ ਦੀ ਸਥਾਪਨਾ ਸ਼ਾਮਲ ਹੈ। ਮੰਤਰੀ ਨੇ ਕਿਹਾ ਕਿ ਆਯੁਰਵੇਦ ਦੇ ਜਨਤਕ ਜਾਗਰੂਕਤਾ ਅਤੇ ਪ੍ਰਚਾਰ ਲਈ ਇੱਕ ਮੋਬਾਈਲ ਯੂਨਿਟ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਨੇ ਫੈਕਲਟੀ ਅਤੇ ਸਟਾਫ਼ ਨੂੰ ਸਰਕਾਰ ਦੇ ਪੂਰੇ ਸਮਰਥਨ ਦਾ ਭਰੋਸਾ ਦਿੱਤਾ, ਅਤੇ ਉਨ੍ਹਾਂ ਨੂੰ ਸੰਸਥਾ ਨੂੰ ਅੰਤਰਰਾਸ਼ਟਰੀ ਮਿਆਰਾਂ ਤੱਕ ਉੱਚਾ ਚੁੱਕਣ ਲਈ ਸਮੂਹਿਕ ਤੌਰ 'ਤੇ ਕੰਮ ਕਰਨ ਲਈ ਉਤਸ਼ਾਹਿਤ ਕੀਤਾ। ਮੰਤਰੀ ਨੇ ਇਹ ਵੀ ਦੱਸਿਆ ਕਿ CBPACS ਆਪਣੀਆਂ ਖੋਜ ਗਤੀਵਿਧੀਆਂ ਨੂੰ ਵਧਾਉਣ ਦੀ ਤਿਆਰੀ ਕਰ ਰਿਹਾ ਹੈ, ਆਯੁਰਵੈਦਿਕ ਡਾਕਟਰੀ ਵਿਗਿਆਨ ਅਤੇ ਨਵੀਨਤਾ ਨੂੰ ਅੱਗੇ ਵਧਾਉਣ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਭਾਈਵਾਲਾਂ ਨਾਲ ਜਲਦੀ ਹੀ ਸਮਝੌਤਿਆਂ 'ਤੇ ਦਸਤਖਤ ਕੀਤੇ ਜਾਣਗੇ। ਰਾਸ਼ਟਰੀ ਆਯੂਸ਼ ਮਿਸ਼ਨ (NAM) ਦੇ ਅਨੁਸਾਰ, ਦਿੱਲੀ ਸਰਕਾਰ ਨੇ ਦਿੱਲੀ ਰਾਜ ਆਯੁਸ਼ ਸੋਸਾਇਟੀ (DSAS) ਦੇ ਗਠਨ ਨੂੰ ਮਨਜ਼ੂਰੀ ਦੇ ਦਿੱਤੀ ਹੈ। NAM ਦੀ ਲਾਗੂ ਕਰਨ ਵਾਲੀ ਸੰਸਥਾ ਦੇ ਰੂਪ ਵਿੱਚ, DSAS ਆਯੁਰਵੇਦ, ਯੋਗਾ ਅਤੇ ਕੁਦਰਤੀ ਇਲਾਜ, ਯੂਨਾਨੀ, ਸਿੱਧ ਅਤੇ ਹੋਮਿਓਪੈਥੀ ਵਿੱਚ ਪ੍ਰੋਗਰਾਮ ਡਿਲੀਵਰੀ, ਵਿੱਤੀ ਪ੍ਰਬੰਧਨ ਅਤੇ ਪ੍ਰਚਾਰ ਗਤੀਵਿਧੀਆਂ ਦੀ ਨਿਗਰਾਨੀ ਕਰੇਗਾ।

## ਗ੍ਰੀਨ ਕੋਰੀਡੋਰ ਬਣੇ ਉਮੀਦ ਦੇ ਰਸਤੇ, 9 ਲੋਕਾਂ ਨੂੰ ਜ਼ਿੰਦਗੀ ਅਤੇ 2 ਨੂੰ ਮਿਲੀ ਰੌਸ਼ਨੀ

ਚੰਡੀਗੜ੍ਹ 4 ਸਤੰਬਰ। ਅਗਸਤ ਦਾ ਮਹੀਨਾ ਪੀ. ਜੀ. ਆਈ. 'ਚ ਇੱਕ ਵੱਖਰੀ ਹੀ ਕਹਾਣੀ ਲਿਖ ਗਿਆ। ਤਿੰਨ ਪਰਿਵਾਰਾਂ ਨੇ ਦੁੱਖ ਨੂੰ ਤਾਕਤ 'ਚ ਬਦਲ ਆਪਣਿਆਂ ਦੇ ਅੰਗਦਾਨ ਕਰ ਕੇ 9 ਮਰੀਜ਼ਾਂ ਨੂੰ ਜ਼ਿੰਦਗੀ ਅਤੇ 2 ਨੂੰ ਰੌਸ਼ਨੀ ਦਿੱਤੀ। ਇਹ ਉਹ ਪਲ ਸੀ, ਜਦੋਂ ਹੰਝੂ ਵਗਦੇ ਰਹੇ, ਪਰ ਉਮੀਦ ਦੀ ਲੌਅ ਬੁਝਣ ਨਹੀਂ ਦਿੱਤੀ। 27 ਅਗਸਤ ਨੂੰ ਪਟਿਆਲਾ ਦੇ ਇੱਕ 50 ਸਾਲਾ ਵਿਅਕਤੀ ਨੂੰ ਪੀ. ਜੀ. ਆਈ. ਲਿਆਂਦਾ ਗਿਆ। ਹਾਦਸੇ ਵਿਚ ਸਿਰ 'ਚ ਗੰਭੀਰ ਸੱਟ ਲੱਗਣ ਕਾਰਨ ਉਸਦਾ ਇਲਾਜ ਚੱਲ ਰਿਹਾ ਸੀ। ਜਦੋਂ ਡਾਕਟਰਾਂ ਨੇ ਉਸਨੂੰ ਬ੍ਰੇਨ ਡੈੱਡ ਐਲਾਨ ਕੀਤਾ ਤਾਂ ਪਰਿਵਾਰ ਟੁੱਟ ਗਿਆ। ਪਰਿਵਾਰ ਨੇ ਹਿੰਮਤ ਬੰਨ੍ਹੀ ਅਤੇ ਦੂਜਿਆਂ ਲਈ ਫਰਿਸ਼ਤਾ ਬਣ ਗਿਆ। ਦੋਵੇਂ ਗੁਰਦੇ ਪੀ. ਜੀ. ਆਈ. 'ਚ ਟਰਾਂਸਪਲਾਂਟ ਕੀਤੇ ਗਏ, ਜਿਸ ਨਾਲ ਦੋ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਮਿਲੀ। ਦਿਲ ਨੂੰ ਗ੍ਰੀਨ ਕੋਰੀਡੋਰ ਬਣਾ ਕੇ ਦਿੱਲੀ ਦੇ ਸਰ ਗੰਗਾਰਾਮ ਹਸਪਤਾਲ ਪਹੁੰਚਾਇਆ ਗਿਆ। ਲੀਵਰ ਸਾਕੇਤ ਮੈਕਸ ਹਸਪਤਾਲ ਭੇਜਿਆ ਗਿਆ। ਹਾਲਾਂਕਿ ਤਕਨੀਕੀ ਕਾਰਨਾਂ ਕਰਕੇ ਇਸਦੀ ਵਰਤੋਂ ਨਹੀਂ ਕੀਤੀ ਜਾ ਸਕੀ, ਪਰ ਇਹ ਸਾਰੀ ਪ੍ਰਕਿਰਿਆ ਇਸ ਗੱਲ ਦਾ ਸਬੂਤ ਬਣੀ ਕਿ ਟੀਮ ਵਰਕ ਅਤੇ ਸਹਿਯੋਗ ਨਾਲ ਅਸੰਭਵ ਨੂੰ ਵੀ ਸੰਭਵ ਬਣਾਇਆ ਜਾ ਸਕਦਾ ਹੈ। ਕੌਰਨੀਆ ਨਾਲ ਦੋ ਲੋਕਾਂ ਦੀ ਜ਼ਿੰਦਗੀ ਫਿਰ ਤੋਂ ਰੌਸ਼ਨ ਹੋ ਗਈ।

## ਸਲਾਈਟ ਦੇ ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ

ਲੌਂਗੋਵਾਲ, 4 ਸਤੰਬਰ: ਅੱਜ, ਗੁਰੂ ਘਸੀਦਾਸ ਸੈਂਟਰਲ ਯੂਨੀਵਰਸਿਟੀ, ਬਿਲਾਸਪੁਰ (ਛੱਤੀਸਗੜ੍ਹ) ਦੇ ਵਾਈਸ ਚਾਂਸਲਰ, ਪ੍ਰੋ. ਅਲੋਕ ਕੁਮਾਰ ਚੱਕਰਵਾਲ ਨੇ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਲੌਂਗੋਵਾਲ ਦੇ ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਵਿੱਚ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ। ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਆਯੋਜਿਤ ਓਰੀਐਂਟੇਸ਼ਨ ਪ੍ਰੋਗਰਾਮ ਵਿੱਚ, ਵਾਈਸ ਚਾਂਸਲਰ ਪ੍ਰੋ. ਅਲੋਕ ਕੁਮਾਰ ਚੱਕਰਵਾਲ ਨੇ ਵਿਦਿਆਰਥੀਆਂ ਨੂੰ ਇੱਕ ਬਹੁਤ ਹੀ ਦਿਲ ਨੂੰ ਛੂਹ ਲੈਣ ਵਾਲਾ ਅਤੇ ਪ੍ਰੇਰਨਾਦਾਇਕ ਭਾਸ਼ਣ ਦਿੱਤਾ। ਆਪਣੇ ਭਾਸ਼ਣ ਵਿੱਚ, ਪ੍ਰੋ. ਚਕਰਵਾਲ ਨੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ, ਨਿੱਜੀ ਅਨੁਸ਼ਾਸਨ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਮਹੱਤਵ ਦੀ ਡੂੰਘੀ ਸਮਝ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਯੂਨੀਵਰਸਿਟੀ ਜੀਵਨ ਸਿਰਫ਼ ਡਿਗਰੀ ਪ੍ਰਾਪਤ ਕਰਨ ਦਾ ਸਾਧਨ ਨਹੀਂ ਹੈ, ਸਗੋਂ ਸਰਵੈ-ਵਿਕਾਸ, ਸੋਚਣ ਦੀ ਆਜ਼ਾਦੀ ਅਤੇ ਰਾਸ਼ਟਰ ਨਿਰਮਾਣ ਵਿੱਚ ਭਾਗੀਦਾਰੀ ਦੀ ਯਾਤਰਾ ਹੈ। ਆਪਣਾ ਅਨੁਭਵ ਸਾਂਝਾ ਕਰਦੇ ਹੋਏ ਉਨ੍ਹਾਂ ਕਿਹਾ, ÷ਤੁਹਾਡੇ ਅੰਦਰ ਅਥਾਹ ਸੰਭਾਵਨਾਵਾਂ ਹਨ। ਇਹ ਯੂਨੀਵਰਸਿਟੀ ਤੁਹਾਨੂੰ ਨਾ ਸਿਰਫ਼ ਗਿਆਨ ਦੇਵੇਗੀ, ਸਗੋਂ ਤੁਹਾਨੂੰ ਇੱਕ ਜ਼ਿੰਮੇਵਾਰ ਨਾਗਰਿਕ, ਇੱਕ ਸੰਵੇਦਨਸ਼ੀਲ ਮਨੁੱਖ ਅਤੇ ਇੱਕ ਵਿਸ਼ਵਵਿਆਪੀ ਮਾਨਸਿਕਤਾ ਵਾਲਾ ਨੌਜਵਾਨ ਵੀ ਬਣਾਏਗੀ। ਜਿਸ ਦਿਸ਼ਾ ਵਿੱਚ ਤੁਸੀਂ ਸਖ਼ਤ ਮਿਹਨਤ ਕਰਦੇ ਹੋ, ਉਹ ਤੁਹਾਡੀ ਮੰਜ਼ਿਲ ਬਣ ਜਾਵੇਗੀ।÷ ਪ੍ਰੋ. ਚੱਕਰਵਾਲ ਨੇ ਵਿਦਿਆਰਥੀਆਂ ਨੂੰ ਆਪਣੇ ਸਮੇਂ ਦੀ ਚੰਗੀ ਵਰਤੋਂ ਕਰਨ, ਡਿਜੀਟਲ ਯੁੱਗ ਦੀਆਂ ਚੁਣੌਤੀਆਂ ਨੂੰ ਸਮਝਣ ਅਤੇ ਆਪਣੀ ਸਿਰਜਣਾਤਮਕਤਾ ਨੂੰ ਅੱਗੇ ਵਧਾਉਣ ਲਈ ਤਕਨਾਲੋਜੀ ਨੂੰ ਇੱਕ ਸਾਧਨ ਵਜੋਂ ਵਰਤਣ ਲਈ ਵੀ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਵਿੱਚ ਸਲਾਈਟ ਦੇ ਡਾਇਰੈਕਟਰ ਪ੍ਰੋ. ਮਣੀਕਾਂਤ ਪਾਸਵਾਨ ਨੇ ਵੀ ਇੱਕ ਪ੍ਰੇਰਨਾਦਾਇਕ ਭਾਸ਼ਣ ਨਾਲ ਵਿਦਿਆਰਥੀਆਂ ਦਾ ਮਨੋਬਲ ਵਧਾਇਆ। ਇਸ ਪ੍ਰੋਗਰਾਮ ਵਿੱਚ ਸੰਸਥਾ ਦੇ ਵਿਦਿਆਰਥੀ ਭਲਾਈ ਦੇ ਡੀਨ ਪ੍ਰੋ. ਐਮ.ਐਮ. ਸਿਨਹਾ, ਮਕੈਨੀਕਲ ਇੰਜੀਨੀਅਰਿੰਗ ਦੇ ਮੁਖੀ ਪ੍ਰੋ. ਸ਼ੰਕਰ ਸਿੰਘ ਅਤੇ ਬਹੁਤ ਸਾਰੇ ਅਧਿਆਪਕ ਮੌਜੂਦ ਸਨ। ਪ੍ਰੋ. ਮਣੀਕਾਂਤ ਪਾਸਵਾਨ ਨੇ ਵਾਈਸ ਚਾਂਸਲਰ ਦੇ ਭਾਸ਼ਣ ਨੂੰ ਲੰਬੇ ਸਮੇਂ ਲਈ ਯਾਦਗਾਰੀ ਦੱਸਿਆ ਅਤੇ ਕਿਹਾ ਕਿ ਇਹ ਸਿਰਫ਼ ਇੱਕ ਰਸਮੀ ਭਾਸ਼ਣ ਹੀ ਨਹੀਂ ਸੀ ਸਗੋਂ ਉਨ੍ਹਾਂ ਦੇ ਜੀਵਨ ਦੀ ਦਿਸ਼ਾ ਨਿਰਧਾਰਤ ਕਰਨ ਵਾਲਾ ਸੀ।

# 23 ਸਾਲ ਦੇ ਇੰਜੀਨੀਅਰ ਨੇ ਛੱਡੀ 3.36 ਕਰੋੜ ਰੁਪਏ ਦੀ ਨੌਕਰੀ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 4 ਸਤੰਬਰ। ਕਿਸੇ ਵਿਅਕਤੀ ਨੂੰ ਜੇਕਰ 1 ਜਾਂ 2 ਕਰੋੜ ਰੁਪਏ ਦੇ ਪੈਕੇਜ ਦੀ ਨੌਕਰੀ ਮਿਲ ਜਾਵੇ ਤਾਂ ਉਸ ਨੂੰ ਲੱਗਦਾ ਹੈ ਕਿ ਵੱਡਾ ਮੁਕਾਮ ਹਾਸਲ ਕਰ ਲਿਆ ਹੈ। ਇਸ ਦੇ ਨਾਲ ਹੀ, ਕੁਝ ਅਜਿਹੇ ਵੀ ਹੁੰਦੇ ਹਨ ਜਿਨ੍ਹਾਂ ਨੂੰ ਕੁਝ ਵੱਖਰਾ ਕਰਨ ਅਤੇ ਨਵੀਆਂ ਚੀਜ਼ਾਂ ਸਿੱਖਣ ਦਾ ਜਨੂੰਨ ਹੁੰਦਾ ਹੈ। ਮਨੋਜ ਤੁਮੂ ਵੀ ਅਜਿਹੇ ਲੋਕਾਂ ਵਿੱਚ ਸ਼ਾਮਲ ਹੈ। 23 ਸਾਲਾ ਮਨੋਜ ਇੱਕ ਭਾਰਤੀ-ਅਮਰੀਕੀ ਇੰਜੀਨੀਅਰ ਹੈ। ਉਸਨੇ ਮਾਰਕ ਜ਼ੁਕਰਬਰਗ ਦੀ ਕੰਪਨੀ ਮੇਟਾ ਲਈ ਐਮਾਜ਼ੋਨ 'ਤੇ 3.36 ਕਰੋੜ ਰੁਪਏ ਦੀ ਨੌਕਰੀ ਛੱਡ ਦਿੱਤੀ ਹੈ। ਇਸ ਕਾਰਨ ਮਨੋਜ ਇਨ੍ਹਾਂ ਦਿਨਾਂ ਵਿੱਚ ਖ਼ਬਰਾਂ ਵਿੱਚ ਹੈ। ਅੱਜ ਕੱਲ੍ਹ ਤਕਨਾਲੋਜੀ ਬਹੁਤ ਤੇਜ਼ੀ ਨਾਲ ਬਦਲ ਰਹੀ ਹੈ। ਖਾਸ ਕਰਕੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਮਸ਼ੀਨ ਲਰਨਿੰਗ (ਐਮਐਲ) ਬਹੁਤ ਵਿਕਸਤ ਹੋ ਰਹੀਆਂ ਹਨ। ਏਆਈ ਅਤੇ ਐਮਐਲ ਦੇ ਕਾਰਨ, ਨਵੀਆਂ ਨੌਕਰੀਆਂ ਉੱਭਰ ਰਹੀਆਂ ਹਨ ਅਤੇ ਲੋਕਾਂ ਨੂੰ ਬਹੁਤ ਵਧੀਆ ਤਨਖਾਹਾਂ ਮਿਲ ਰਹੀਆਂ ਹਨ। ਦੁਨੀਆ ਭਰ ਦੀਆਂ ਵੱਡੀਆਂ ਕੰਪਨੀਆਂ ਇਨ੍ਹਾਂ ਖੇਤਰਾਂ ਵਿੱਚ ਕੰਮ ਕਰਨ ਵਾਲੇ ਲੋਕਾਂ ਦੀ ਭਾਲ ਕਰ ਰਹੀਆਂ ਹਨ। ਇਸ ਲਈ, ਜੋ ਇੰਜੀਨੀਅਰ ਬਣਨਾ ਚਾਹੁੰਦੇ ਹਨ, ਉਹ ਸਖ਼ਤ ਮਿਹਨਤ ਕਰ ਰਹੇ ਹਨ ਤਾਂ ਜੋ ਉਨ੍ਹਾਂ ਨੂੰ ਚੰਗੀ ਨੌਕਰੀ ਮਿਲ ਸਕੇ। ਮਨੋਜ ਤੁਮੂ ਨੇ ਬਿਜ਼ਨਸ ਇਨਸਾਈਡਰ ਲਈ ਇੱਕ ਲੇਖ ਲਿਖਿਆ ਹੈ। ਇਸ ਵਿੱਚ, ਉਸਨੇ ਆਪਣੇ ਕਰੀਅਰ ਬਾਰੇ ਕੁਝ ਗੱਲਾਂ ਦੱਸੀਆਂ ਹਨ। ਉਹ ਚਾਹੁੰਦਾ ਹੈ ਕਿ ਉਸਦੇ ਸ਼ਬਦ ਦੂਜੇ ਨੌਜਵਾਨ ਇੰਜੀਨੀਅਰਾਂ ਦੀ ਮਦਦ ਕਰਨ। ਉਸਨੇ ਕਿਹਾ ਕਿ ਪੇਸ਼ੇਵਰ ਤਜਰਬਾ ਨਿੱਜੀ ਪ੍ਰੋਜੈਕਟਾਂ ਨਾਲੋਂ ਜ਼ਿਆਦਾ ਮਹੱਤਵਪੂਰਨ ਹੈ। ਉਸਨੇ ਲਿਖਿਆ ਹੈ ਕਿ ਪ੍ਰੋਜੈਕਟ ਸ਼ੁਰੂ ਵਿੱਚ ਠੀਕ ਹੁੰਦੇ ਹਨ, ਪਰ ਬਾਅਦ ਵਿੱਚ ਉਹਨਾਂ ਨੂੰ ਪਿੱਛੇ ਛੱਡ ਦੇਣਾ ਚਾਹੀਦਾ ਹੈ। ਮਨੋਜ ਨੇ ਦੱਸਿਆ ਕਿ ਜਦੋਂ ਉਸਨੇ ਐਮਾਜ਼ੋਨ ਅਤੇ ਮੈਟਾ ਵਿੱਚ ਨੌਕਰੀ ਲਈ ਅਰਜ਼ੀ ਦਿੱਤੀ ਸੀ, ਤਾਂ ਉਸਨੇ ਆਪਣੇ ਰੈਜ਼ਿਊਮੇ ਵਿੱਚੋਂ ਪ੍ਰੋਜੈਕਟ ਵਰਕ ਹਟਾ ਦਿੱਤਾ ਸੀ। ਉਸਨੇ ਸਿਰਫ ਆਪਣੇ ਪੇਸ਼ੇਵਰ ਅਨੁਭਵ 'ਤੇ ਧਿਆਨ ਕੇਂਦਰਿਤ ਕੀਤਾ। ਉਸਨੇ ਇਹ ਵੀ ਦੱਸਿਆ ਕਿ ਉਸਨੂੰ ਕਿਸੇ ਤੋਂ ਕੋਈ ਸਿਫਾਰਸ਼ ਨਹੀਂ ਮਿਲੀ। ਉਸਨੇ ਸਿੱਧੇ ਕੰਪਨੀ ਦੀ ਵੈੱਬਸਾਈਟ ਅਤੇ ਲਿੰਕਡਇਨ ਰਾਹੀਂ ਅਰਜ਼ੀ ਦਿੱਤੀ।



ਉਸਦਾ ਚੰਗਾ ਰੈਜ਼ਿਊਮੇ ਕਾਫ਼ੀ ਸੀ। ਮਨੋਜ ਤੁਮੂ ਨੇ ਇੰਟਰਵਿਊ ਦੀ ਤਿਆਰੀ ਬਾਰੇ ਵੀ ਗੱਲ ਕੀਤੀ। ਉਸਨੇ ਕਿਹਾ ਕਿ ਬਹੁਤ ਸਾਰੇ ਲੋਕ ਵਿਵਹਾਰ ਸੰਬੰਧੀ ਇੰਟਰਵਿਊ ਲਈ ਤਿਆਰੀ ਨਹੀਂ ਕਰਦੇ, ਜੋ ਕਿ ਇੱਕ ਗਲਤੀ ਹੈ। ਉਸਨੇ ਦੱਸਿਆ ਕਿ ਕੰਪਨੀ ਦੇ ਮੁੱਲਾਂ ਅਨੁਸਾਰ ਜਵਾਬ ਦੇਣਾ ਬਹੁਤ ਜ਼ਰੂਰੀ ਹੈ। ਜਦੋਂ ਉਹ ਐਮਾਜ਼ੋਨ ਅਤੇ ਮੈਟਾ ਵਿਖੇ ਇੰਟਰਵਿਊ ਦੇ ਰਿਹਾ ਸੀ, ਤਾਂ ਉਸਨੇ ਆਪਣੇ ਜਵਾਬ ਐਮਾਜ਼ੋਨ ਦੇ ਲੀਡਰਸ਼ਿਪ ਸਿਧਾਂਤਾਂ ਅਤੇ ਮੈਟਾ ਦੇ ਕਾਰਪੋਰੇਟ ਮੁੱਲਾਂ ਅਨੁਸਾਰ ਢਾਲਿਆ। ਮੈਟਾ ਵਿਖੇ ਉਸਦੇ ਇੰਟਰਵਿਊ ਵਿੱਚ ਇੱਕ ਸਕ੍ਰੀਨਿੰਗ ਕਾਲ ਅਤੇ ਛੇ ਹਫ਼ਤਿਆਂ ਵਿੱਚ ਕੋਡਿੰਗ, ਮਸ਼ੀਨ ਲਰਨਿੰਗ ਅਤੇ ਵਿਵਹਾਰ ਸੰਬੰਧੀ ਮੁਲਾਂਕਣ ਦੇ ਚਾਰ ਤੋਂ ਛੇ ਦੌਰ ਸ਼ਾਮਲ ਸਨ। ਮਨੋਜ ਨੇ ਦੱਸਿਆ ਕਿ ਉਸਨੂੰ ਕਾਲਜ ਦੌਰਾਨ ਇੰਟਰਨਸ਼ਿਪ ਨਹੀਂ ਮਿਲੀ।

## ਪਿੰਡ ਉੱਭਾਵਾਲ ਵਿਖੇ ਬਾਬਾ ਵਿਸ਼ਵਕਰਮਾ ਧਾਮ ਵਿਖੇ ਕੰਨਿਆ ਪੂਜਣ ਤੇ ਵਿਸ਼ਾਲ ਭੰਡਾਰਾ ਕਰਵਾਇਆ

ਲੌਂਗੋਵਾਲ,4 ਸਤੰਬਰ: ਅੱਜ ਪਿੰਡ ਉੱਭਾਵਾਲ ਵਿਖੇ ਬਾਬਾ ਵਿਸ਼ਵਕਰਮਾ ਧਾਮ ਵਿਖੇ ਵਿਸ਼ਾਲ ਭੰਡਾਰਾ ਅਤੇ ਕੰਨਿਆਂ ਪੂਜਣ ਕੀਤਾ ਗਿਆ। ਇਸ ਸਮੇਂ ਮੁੱਖ ਸੇਵਾਦਾਰ ਬਾਬਾ ਲੀਲਾ ਸਿੰਘ ਨੇ ਆਈਆਂ ਸੰਗਤਾਂ ਦਾ ਸਵਾਗਤ ਕੀਤਾ।ਇਸ ਸਮੇਂ ਲੋਕ ਗਾਇਕ ਅਤੇ ਉੱਘੇ ਗੀਤਕਾਰ ਐਂਡ ਪਾਰਟੀ ਵੱਲੋਂ ਬਾਬਾ ਵਡਭਾਗ ਸਿੰਘ ਜੀ ਦੇ ਸਬਦ ਗਾਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ । ਇਸ ਧਾਰਮਿਕ ਸਮਾਗਮ ਦੇ ਮੁੱਖ ਮਹਿਮਾਨ ਸਾਬਕਾ ਸਰਪੰਚ ਸਰਦਾਰ ਪਾਲੀ ਸਿੰਘ ਕਮਲ ਨੇ ਆਪਣੀ ਟੀਮ ਨਾਲ ਹਾਜ਼ਰੀ ਲਗਵਾਈ ਉਨ੍ਹਾਂ ਇਹਨਾਂ ਪਿਆਰ ਤੇ ਮਾਣ ਬਖਸ਼ਣ ਲਈ ਬਾਬਾ ਲੀਲਾ ਸਿੰਘ ਜੀ ਸਮੂਹ ਪ੍ਰਬੰਧਕ ਕਮੇਟੀ ਅਤੇ ਆਈ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਸਮੇਂ ਸਤਿਗੁਰ ਸਿੰਘ ਸੰਗਰੂਰ ਅਤੇ ਰਾਕੇਸ਼ ਕੁਮਾਰ ਜੀ, ਸੇਵਾਦਾਰ ਸਤਨਾਮ ਸਿੰਘ ਜੀ, ਵਾਹਿਗੁਰੂ ਸਿੰਘ ਜੀ, ਦਲਵੀਰ ਸਿੰਘ ਜੀ, ਕਾਲਾ ਸਿੰਘ ਜੀ ਸੰਗਰੂਰ, ਚਰਨੀ ਸਿੰਘ ਜੀ ਚੰਗਾਲ, ਧਨਵੰਤ ਸਿੰਘ ਬਾਲੀਆਂ, ਦੁਗਲੀ ਬਾਲਿਆਲ ਅਤੇ ਹੋਰ ਬਹੁਤ ਸਾਰੇ ਪਤਵੰਤੇ ਸੱਜਣਾਂ ਨੇ ਹਾਜਰੀ ਲਵਾਈ ਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ । ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਦਾ ਬਾਬਾ ਜੀ ਨੇ ਫਲਾਂ ਦਾ ਪ੍ਰਸ਼ਾਦ ਦੇ ਕੇ ਧੰਨਵਾਦ ਕੀਤਾ ਗਿਆ।

# ਔਖੀ ਘੜੀ ਵਿਚਾਲੇ ਪੰਜਾਬੀਆਂ 'ਤੇ ਲੱਗੀਆਂ ਸਖ਼ਤ ਪਾਬੰਦੀਆਂ

**ਕੌਮੀ ਪਤ੍ਰਿਕਾ**

ਫਾਜ਼ਿਲਕਾ/ਜਲਾਲਾਬਾਦ 4 ਸਤੰਬਰ। ਜ਼ਿਲ੍ਹਾ ਮੈਜਿਸਟ?ਰੇਟ ਅਮਰਪ੍ਰੀਤ ਕੌਰ ਸੰਧੂ ਨੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਪਾਬੰਦੀਆਂ 31 ਅਕਤੂਬਰ ਤੱਕ ਲਾਗੂ ਰਹਿਣਗੀਆਂ ਅਤੇ ਉਲੰਘਣਾ ਕਰਨ ਵਾਲਿਆਂ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਪਾਬੰਦੀਆਂ ਅਨੁਸਾਰ ਜ਼ਿਲ੍ਹਾ ਫਾਜ਼ਿਲਕਾ 'ਚ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊਵੰਸ਼ ਦੀ ਢੋਆ-ਢੁਆਈ 'ਤੇ ਪੂਰਨ ਪਾਬੰਦੀ ਲਾਈ ਗਈ ਹੈ। ਹੁਕਮਾਂ 'ਚ ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਗਊਵੰਸ਼ ਰੱਖੇ ਹੋਏ ਹਨ, ਉਹ ਪਸ਼ੂ-ਪਾਲਣ ਵਿਭਾਗ ਕੋਲ ਰਜਿਸਟਰਡ ਜ਼ਰੂਰ ਕਰਵਾਉਣ। ਜ਼ਿਲ੍ਹਾ ਮੈਜਿਸਟ?ਰੇਟ ਵਲੋਂ ਜਾਰੀ ਹੁਕਮਾਂ ਅਨੁਸਾਰ ਕਿਸੇ ਵੀ ਰੈਸਟੋਰੈਂਟ ਜਾਂ ਹੁੱਕਾ ਬਾਰ ਵਿਖੇ ਗਾਹਕਾਂ ਨੂੰ ਹੁੱਕਾ ਨਹੀਂ ਪਰੋਸਿਆ ਜਾ ਸਕੇਗਾ। ਜ਼ਿਲ੍ਹੇ ਦੇ ਸਮੂਹ ਪਿੰਡਾਂ ਅਤੇ ਨਗਰ ਕੌਂਸਲਾਂ ਦੀ ਹੱਦ 'ਚ ਇਹ ਹੁਕਮ ਲਾਗੂ ਰਹਿਣਗੇ। ਉਨ੍ਹਾਂ ਕਿਹਾ ਕਿ ਉਲੰਘਣਾ ਕਰਨ ਵਾਲੇ ਵਿਅਕਤੀ ਖ਼?ਲਾਫ਼ ਭਾਰਤੀ ਢੰਡ ਵਿਧਾਨ ਦੀ ਧਾਰਾ 188 ਤਹਿਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ। ਜ਼ਿਲ੍ਹਾ ਮੈਜਿਸਟ?ਰੇਟ ਨੇ ਕੌਮਾਂਤਰੀ ਸਰਹੱਦ ਅਤੇ ਸਰਹੱਦੀ ਸੁਰੱਖਿਆ ਤਾਰ ਦਰਮਿਆਨ ਅਤੇ ਤਾਰ ਤੋਂ ਭਾਰਤ ਵਾਲੇ ਪਾਸੇ 70 ਤੋਂ 100 ਮੀਟਰ ਥਾਂ 'ਤੇ ਉੱਚੀਆਂ




ਫ਼ਸਲਾਂ ਜਿਵੇਂ ਬੀ. ਟੀ. ਨਰਮਾ, ਮੱਕੀ, ਗਵਾਰਾ, ਜਵਾਰ, ਗੰਨਾ, ਸਰੋਂ, ਤੋਰੀਆ, ਸੂਰਜਮੁਖੀ ਅਤੇ ਅਜਿਹੀਆਂ ਹੋਰ ਉੱਚੀਆਂ ਵਧਣ ਵਾਲੀਆਂ ਫਸਲਾਂ ਬੀਜਣ ਦੀ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਇਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟ?ਰੇਟ ਨੇ ਫਾਜ਼ਿਲਕਾ ਜ਼ਿਲ੍ਹੇ ਦੀ ਹਦੂਦ ਅੰਦਰ ਪਤੰਗਾਂ ਆਦਿ ਦੀ ਵਰਤੋਂ ਲਈ ਚਾਈਨਾ ਡੋਰ ਵੇਚਣ, ਸਟੋਰ ਕਰਨ 'ਤੇ ਪੂਰਨ ਪਾਬੰਦੀ ਲਾਈ ਹੈ। ਹੁਕਮ 'ਚ ਜ਼ਿਲ੍ਹਾ ਫਾਜ਼ਿਲਕਾ 'ਚ ਚੱਲ ਰਹੇ ਮੈਰਿਜ ਪੈਲਸਾਂ 'ਚ ਹਥਿਆਰ ਆਦਿ ਲੈ ਕੇ ਆਉਣ ਅਤੇ ਹਵਾਈ ਫਾਇਰ ਕਰਨ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਉਨ੍ਹਾਂ ਜ਼ਿਲ੍ਹੇ 'ਚ ਪੈਂਦੇ ਅੰਤਰਰਾਸ਼ਟਰੀ ਬਾਰਡਰ ਏਰੀਆ ਦੇ ਨਾਲ ਲੱਗਦੇ 4 ਕਿਲੋਮੀਟਰ ਦੇ ਏਰੀਏ 'ਚ ਪਾਕਿਸਤਾਨੀ ਸਿੰਮ ਕਾਰਡ ਰੱਖਣ ਅਤੇ ਵਰਤੋਂ ਕਰਨ 'ਤੇ ਵੀ ਪਾਬੰਦੀ ਲਾਈ ਹੈ। ਜ਼ਿਲ੍ਹਾ ਫਾਜ਼ਿਲਕਾ 'ਚ ਪੈਂਦੇ ਅੰਤਰਰਾਸ਼ਟਰੀ ਬਾਰਡਰ ਏਰੀਆ ਨਾਲ ਲੱਗਦੇ 4 ਕਿਲੋਮੀਟਰ ਦੇ ਏਰੀਏ 'ਚ ਕਵਾਡ ਕਾਪਟਰ/ਡਰੋਨ ਕੈਮਰੇ ਆਦਿ ਉਡਾਉਣ 'ਤੇ ਪਾਬੰਦੀ ਲਾਈ ਗਈ ਹੈ। ਹੁਕਮ 'ਚ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਪੈਂਦੀਆਂ ਸਾਰੀਆਂ ਸਰਕਾਰੀ ਇਮਾਰਤਾਂ ਅਤੇ ਪਾਣੀ ਦੀਆਂ ਟੈਂਕੀਆਂ ਉੱਪਰ ਆਮ ਜਨਤਾ/ਵਿਅਕਤੀਆਂ/ਪ੍ਰਦਰਸ਼ਨਕਾਰੀਆਂ ਨੂੰ ਚੜ੍ਹਨ 'ਤੇ ਪੂਰਨ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਹੁਕਮ ਰਾਹੀਂ ਜ਼ਿਲ੍ਹਾ ਫਾਜ਼ਿਲਕਾ ਦੇ ਬਾਰਡਰ ਨੇੜਲੇ ਪਿੰਡਾਂ 'ਚ ਸ਼ਾਮ 5 ਵਜੇ ਤੋਂ ਬਾਅਦ ਡੀ. ਜੇ. (ਮਿਊਜ਼ਿਕ ਸਿਸਟਮ), ਪਟਾਕੇ ਚਲਾਉਣ ਅਤੇ ਲੇਜਰ ਲਾਇਟਾਂ ਦਾ ਇਸਤੇਮਾਲ ਕਰਨ 'ਤੇ ਰੋਕ ਲਗਾ ਦਿੱਤੀ ਗਈ ਹੈ।

## ਧੁੱਸੀ ਬੰਨ੍ਹ ਨੂੰ ਲੈ ਕੇ ਵੱਡੀ ਖ਼ਬਰ, ਸਤਲੁਜ ਦਰਿਆ ਨੂੰ ਲੈ ਜਾਰੀ ਹੋਇਆ ਅਲਰਟ

ਮਾਛੀਵਾੜਾ ਸਾਹਿਬ 4 ਸਤੰਬਰ। ਪੰਜਾਬ ਵਿਚ ਪਿਛਲੇ 2 ਦਿਨਾਂ ਤੋਂ ਭਾਰੀ ਮੀਂਹ ਕਾਰਨ ਸਤਲੁਜ ਦਰਿਆ ਵਿਚ ਪਾਣੀ ਦੇ ਪੱਧਰ ਵਿਚ ਬੇਤਹਾਸ਼ਾ ਵਾਧਾ ਹੋਇਆ ਹੈ। ਜਾਣਕਾਰੀ ਅਨੁਸਾਰ ਸਤਲੁਜ ਦਰਿਆ ਵਿਚ ਪਹਿਲਾਂ 50 ਤੋਂ 70 ਹਜ਼ਾਰ ਕਿਊਸਿਕ ਪਾਣੀ ਵਗ ਰਿਹਾ ਸੀ ਜੋ ਕਿ ਹੁਣ ਭਾਰੀ ਮੀਂਹ 1.25 ਲੱਖ ਕਿਊਸਿਕ ਤੱਕ ਪੁੱਜ ਗਿਆ ਹੈ ਅਤੇ ਜੇਕਰ ਪਾਣੀ ਦਾ ਪੱਧਰ ਹੋਰ ਵਧਿਆ ਤਾਂ ਧੁੱਸੀ ਬੰਨ੍ਹ ਟੁੱਟਣ ਦਾ ਖ਼ਤਰਾ ਮੰਡਰਾਉਣ ਲੱਗ ਜਾਵੇਗਾ। ਮਾਛੀਵਾੜਾ ਨੇੜੇ ਵਗਦੇ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਦਾ ਜਦੋਂ ਜਾਇਜ਼ਾ ਲਿਆ ਗਿਆ ਤਾਂ ਇੱਥੇ ਪਾਣੀ ਦਾ ਪੱਧਰ ਵਧਣ ਕਾਰਨ ਜੋ ਪਹਿਲਾਂ ਜ਼ਮੀਨ ਨੂੰ ਖੋਰਾ ਲਗਾਉਣ ਲਈ ਬੋਰੀਆਂ ਦਾ ਬੰਨ੍ਹ ਲਗਾਇਆ ਗਿਆ ਸੀ ਉਹ ਵਹਿ ਗਿਆ। ਸਤਲੁਜ ਦਰਿਆ ਵਿਚ ਪਾਣੀ ਦਾ ਵਧਦਾ ਪੱਧਰ ਜ਼ਮੀਨ ਨੂੰ ਖੋਰਾ ਲਗਾਉਂਦਾ ਹੋਇਆ ਧੁੱਸੀ ਬੰਨ੍ਹ ਵੱਲ ਨੂੰ ਵਧਦਾ ਜਾ ਰਿਹਾ ਹੈ ਅਤੇ ਬੰਨ੍ਹ ਕਿਨਾਰੇ ਵੱਸਦੇ ਕਰੀਬ 25 ਪਿੰਡਾਂ ਦੇ ਲੋਕਾਂ ਵਿਚ ਸਹਿਮ ਦਾ ਮਾਹੌਲ ਹੈ ਕਿ ਜੇਕਰ ਧੁੱਸੀ ਬੰਨ੍ਹ ਟੁੱਟ ਗਿਆ ਤਾਂ ਭਾਰੀ ਤਬਾਹੀ ਮਚਾਵੇਗਾ। ਪ੍ਰਸ਼ਾਸਨਿਕ ਅਧਿਕਾਰੀਆਂ ਨੇ ਦੱਸਿਆ ਕਿ ਭਾਖੜਾ ਡੈਮ 'ਚ ਵੀ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਵੱਲ ਵੱਧ ਰਿਹਾ ਹੈ ਅਤੇ ਜੇਕਰ ਉੱਥੋਂ ਫਲੱਡ ਗੇਟ ਖੋਲ੍ਹੇ ਗਏ ਤਾਂ ਇਸਦਾ ਪਾਣੀ ਸਿੱਧਾ ਸਤਲੁਜ ਦਰਿਆ ਵਿਚ ਵਧੇਗਾ ਜਿਸ ਨਾਲ ਧੁੱਸੀ ਬੰਨ੍ਹ ਨੂੰ ਖ਼ਤਰਾ ਖੜ੍ਹਾ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵਲੋਂ ਧੁੱਸੀ ਬੰਨ੍ਹ ਨੂੰ ਬਚਾਉਣ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

## ਕੁਦਰਤੀ ਆਪਦਾ ਤੋਂ ਪ੍ਰਭਾਵਿਤ ਪੰਜਾਬ ਤੇ ਜੰਮੂ-ਕਸ਼ਮੀਰ ਨੂੰ ਹਰਿਆਣਾ ਸਰਕਾਰ ਵੱਲੋਂ ਪੰਜ-ਪੰਜ ਕਰੋੜ ਦੀ ਸਹਾਇਤਾ ਰਕਮ ਕੀਤੀ ਜਾਰੀ

ਚੰਡੀਗੜ੍ਹ, 4 ਸਤੰਬਰ: ਹਰਿਆਣਾ ਸਰਕਾਰ ਨੇ ਭਾਰੀ ਬਰਸਾਤ ਨਾਲ ਉਤਪਨ ਆਪਦਾ ਦੀ ਮਾਰ ਝੇਲ ਰਹੇ ਪੰਜਾਬ ਅਤੇ ਜੰਮੂ-ਕਸ਼ਮੀਰ ਦੇ ਲੋਕਾਂ ਦੇ ਨਾਲ ਡੂੰਘੀ ਇੱਕਜੁਟਤਾ ਪ੍ਰਗਟ ਕਰਦੇ ਹੋਏ ਮੁੱਖ ਮੰਤਰੀ ਰਾਹਤ ਫੰਡ ਤੋਂ ਦੋਨੋਂ ਸੂਬਿਆਂ ਨੂੰ ਪੰਜ-ਪੰਜ ਕਰੋੜ ਰੁਪਏ ਦੀ ਸਹਾਇਤਾ ਰਕਮ ਜਾਰੀ ਕੀਤੀ ਹੈ। ਇਸ ਸਹਾਇਤਾ ਰਕਮ ਦਾ ਉਦੇਸ਼ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਰਾਹਤ ਪਹੁੰਚਾਉਣਾ ਅਤੇ ਦੋਨੋਂ ਸੂਬਿਆਂ ਵਿੱਚ ਚਲਾਏ ਜਾ ਰਹੇ ਬਚਾਅ ਅਤੇ ਪੁਨਰਵਾਸ ਕੰਮਾਂ ਨੂੰ ਮਜਬੂਤ ਬਨਾਉਣਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਅਤੇ ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਸ੍ਰੀ ਉਮਰ ਅਬਦੁੱਲਾਨੂੰ ਲਿਖੇ ਪੱਤਰ ਵਿੱਚ ਕਿਹਾ ਕਿ ਕੁਦਰਤੀ ਆਪਦਾ ਦੇ ਇਸ ਸਮੇਂ ਵਿੱਚ ਹਰਿਆਣਾ ਸਰਕਾਰ ਅਤੇ ਸੂਬੇ ਦੀ ਜਨਤਾ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਖੜੀ ਹੈ। ਉਨ੍ਹਾਂ ਨੇ ਕਿਹਾ ਕਿ ਭਾਰੀ ਬਰਸਾਤ ਅਤੇ ਹੜ੍ਹ ਦੇ ਹਾਲਾਤ ਨਾਲ ਆਮਜਨਤਾ ਨੂੰ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਅਜਿਹੇ ਵਿੱਚ ਗੁਆਂਢੀ ਸੂਬੇ ਅਤੇ ਮਿੱਤਰ ਦੀ ਭੁਮਿਕਾ ਨਿਭਾਉਣਾ ਹਰਿਆਣਾ ਸਰਕਾਰ ਦੀ ਜਿਮੇਵਾਰੀ ਹੈ। ਮੁੱਖ ਮੰਤਰੀ ਨੇ ਇਹ ਵੀ ਭਰੋਸਾ ਦਿੱਤਾ ਕਿ ਪ੍ਰਭਾਵਿਤ ਲੋਕਾਂ ਤੱਕ ਜਲਦੀ ਅਤੇ ਕਾਫੀ ਸਹਾਇਤਾ ਪਹੁੰਚਾਉਣ ਲਈ ਹਰਿਆਣਾ ਸਰਕਾਰ ਹਰ ਸੰਭਵ ਸਹਿਯੋਗ ਦੇਣ ਨੂੰ ਤਿਆਰ ਹੈ। ਉਨ੍ਹਾਂ ਨੇ ਦੋਨੋਂ ਸੂਬਿਆਂ ਦੇ ਮੁੱਖ ਮੰਤਰੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜੇਕਰ ਕਿਸੇ ਤਰ੍ਹਾ ਦੀ ਵੱਧ ਰਾਹਤ ਸਮੱਗਰੀ ਜਾਂ ਸਹਾਇਤਾ ਦੀ ਜਰੂਰਤ ਹੋਵੇ ਤਾਂ ਬਿਨ੍ਹਾਂ ਕਿਸੇ ਸੰਕੋਚ ਜਾਣੂ ਕਰਾਉਣ, ਹਰਿਆਣਾ ਸਰਕਾਰ ਤੁਰੰਤ ਜਰੂਰੀ ਮਦਦ ਉਪਲਬਧ ਕਰਵਾਏਗੀ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਪਦਾ ਦੀ ਇਸ ਘੜੀ ਵਿੱਚ ਪ੍ਰਭਾਵਿਤ ਲੋਕਾਂ ਦੇ ਚਿਹਰਿਆਂ 'ਤੇ ਆਸ ਅਤੇ ਰਾਹਤ ਮੋੜਨਾ ਸੱਭ ਤੋਂ ਵੱਧ ਪ੍ਰਾਥਮਿਕਤਾ ਹੈ। ਹਰਿਆਣਾ ਸਰਕਾਰ ਇਸ ਦਿਸ਼ਾ ਵਿੱਚ ਆਪਣਾ ਯੋਗਦਾਨ ਯਕੀਨੀ ਕਰੇਗੀ, ਤਾਂ ਜੋ ਸੰਕਟ ਦੀ ਇਸ ਸਥਿਤੀ ਵਿੱਚ ਕੋਈ ਵੀ ਪਰਿਵਾਰ ਆਪਣੇ ਨੂੰ ਇੱਕਲਾ ਨਾਲ ਮਹਿਸੂਸ ਕਰੇ। ਵਰਨਣਯੋਗ ਹੈ ਕਿ ਹਾਲ ਹੀ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਨੂੰ ਪੱਤਰ ਲਿੱਖ ਕੇ ਆਪਦਾ ਦੀ ਇਸ ਘੜੀ ਵਿੱਚ ਮਨੁੱਖਤਾ ਅਤੇ ਭਾਈਚਾਰੇ ਦੇ ਨਾਤੇ ਹਰਿਆਣਾ ਸਰਕਾਰ ਵੱਲੋਂ ਸਹਿਯੋਗ ਦੀ ਪੇਸ਼ਕਸ਼ ਕੀਤੀ ਸੀ।

# ਮੋਦੀ ਅਤੇ ਮਾਨ ਨੇ ਪੰਜਾਬ ਦੇ ਅੰਨਦਾਤਿਆਂ ਨਾਲ ਕੀਤਾ ਵਿਸ਼ਵਾਸਘਾਤ: ਬਾਜਵਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ 4 ਸਤੰਬਰ। ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਤੇ ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਅਤੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੋਵਾਂ 'ਤੇ ਪੰਜਾਬ ਦੇ ਅੰਨਦਾਤਿਆਂ ਨੂੰ ਉਨ੍ਹਾਂ ਦੇ ਸਭ ਤੋਂ ਮਾੜੇ ਸਮੇਂ ਵਿਚ ਛੱਡਣ ਦਾ ਦੋਸ਼ ਲਾਉਂਦਿਆਂ ਤਿੱਖਾ ਹਮਲਾ ਬੋਲਿਆ ਹੈ। ਬਾਜਵਾ ਨੇ ਕਿਹਾ ਜੋ ਅਸੀਂ ਅੱਜ ਵੇਖ ਰਹੇ ਹਾਂ, ਉਹ ਸ਼ਾਸਨ ਦਾ ਪੂਰੀ ਤਰ੍ਹਾਂ ਪਤਨ ਹੈ। ਪੰਜਾਬ ਦੇ ਕਿਸਾਨਾਂ ਨੇ ਆਪਣੀ ਪੂਰੀ ਸੀਜ਼ਨ ਦੀ ਰੋਜ਼ੀ-ਰੋਟੀ ਗੁਆ ਦਿੱਤੀ ਹੈ, ਫਿਰ ਵੀ ਉਨ੍ਹਾਂ ਨੂੰ ਅੰਸ਼ਕ ਨੁਕਸਾਨ ਲਈ ਸਿਰਫ਼ 6,750 ਰੁਪਏ ਪ੍ਰਤੀ ਏਕੜ ਦੀ ਪੇਸ਼ਕਸ਼ ਕੀਤੀ ਜਾ ਰਹੀ ਹੈ - ਅਸਲ ਕਮਾਈ ਦੇ 10% ਤੋਂ ਵੀ ਘੱਟ। ਇਕ ਏਕੜ ਝੋਨਾ 70,000 ਰੁਪਏ ਤੋਂ ਵੱਧ ਪੈਦਾ ਹੁੰਦਾ ਹੈ, ਪਰ ਇਹ ਅਖੌਤੀ ਮੁਆਵਜ਼ਾ ਅੱਖਾਂ ਵਿਚ ਘੱਟਾ ਪਾਉਣ ਤੋਂ ਵੱਧ ਕੁਝ ਨਹੀਂ ਹੈ। ਬਾਜਵਾ ਨੇ ਯਾਦ ਦਿਵਾਇਆ ਕਿ ਪੰਜਾਬ ਲਗਭਗ ਚਾਰ ਦਹਾਕਿਆਂ ਵਿਚ ਆਪਣੇ ਸਭ ਤੋਂ ਭਿਆਨਕ ਹੜ੍ਹਾਂ ਦੀ ਮਾਰ ਝੱਲ ਰਿਹਾ ਹੈ। ਸਿਰਫ਼ ਇਕ ਹਫ਼ਤੇ ਵਿਚ, 14 ਜ਼ਿਲ੍ਹਿਆਂ ਦੇ 1,018 ਪਿੰਡ ਤਬਾਹ ਹੋ ਗਏ ਹਨ, ਅਤੇ 3 ਲੱਖ ਏਕੜ ਤੋਂ ਵੱਧ ਖੇਤੀਯੋਗ ਜ਼ਮੀਨ ਤਬਾਹ ਹੋ ਗਈ ਹੈ। ਸਾਡੇ ਕਿਸਾਨਾਂ ਲਈ, ਇਹ ਤਬਾਹੀ ਸਿਰਫ਼ ਗਿਣਤੀਆਂ ਬਾਰੇ ਨਹੀਂ ਹੈ - ਇਹ ਰੋਜ਼ੀ-ਰੋਟੀ, ਘਰਾਂ ਅਤੇ ਸੁਰੱਖਿਆ ਦਾ ਢਹਿਣਾ ਹੈ। ਬਾਜਵਾ ਨੇ ਦੱਸਿਆ ਕਿ ਪੰਜਾਬ 2017 ਤੋਂ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ (PMFBY) ਤੋਂ ਬਾਹਰ ਕਿਉਂ ਰਿਹਾ। "ਅਸੀਂ ਇਤਰਾਜ਼ ਕੀਤਾ ਕਿਉਂਕਿ ਇਸ ਯੋਜਨਾ ਨੇ ਵਿਅਕਤੀਗਤ ਖੇਤਾਂ ਦੀ ਬਜਾਏ ਪਿੰਡ ਪੱਧਰ 'ਤੇ ਨੁਕਸਾਨ ਦਾ ਮੁਲਾਂਕਣ ਕੀਤਾ, ਵਾਧੂ ਪ੍ਰੀਮੀਅਮ ਬੋਝ ਪਾਇਆ, ਅਤੇ ਲੰਬੀ ਦੇਰੀ ਤੋਂ ਬਾਅਦ ਮੁਆਵਜ਼ਾ ਦਿੱਤਾ। ਲਾਭਪਾਤਰੀ ਸਿਰਫ਼ ਬੀਮਾ ਕੰਪਨੀਆਂ ਸਨ, ਕਿਸਾਨ ਨਹੀਂ। ਬਾਜਵਾ ਨੇ ਦੋਸ਼ ਲਗਾਇਆ ਕਿ PMFBY ਵਿਚ ਬਹੁਤ ਨੁਕਸ ਹਨ। ਪੰਜਾਬ ਨੂੰ ਇਕ ਨਿਰਪੱਖ, ਕਿਸਾਨ-ਅਨੁਕੂਲ ਬੀਮਾ ਮਾਡਲ ਕਿਉਂ ਨਹੀਂ ਦਿੱਤਾ ਗਿਆ? ਇਸ ਲਾਪਰਵਾਹੀ ਨੇ ਸਾਡੇ ਅੰਨਦਾਤਾਵਾਂ ਨੂੰ ਆਫ਼ਤ ਤੋਂ ਬਾਅਦ ਆਫ਼ਤ ਦਾ ਸਾਹਮਣਾ ਕਰਨ ਲਈ ਪੂਰੀ ਤਰ੍ਹਾਂ ਛੱਡ ਦਿੱਤਾ ਹੈ। ਉਨ੍ਹਾਂ ਨੇ AAP ਸਰਕਾਰ 'ਤੇ ਹੋਰ ਵਰ੍ਹਦਿਆਂ ਕਿਹਾ: "ਭਗਵੰਤ ਮਾਨ ਕੋਲ ਰਾਜ-ਪੱਧਰੀ ਬੀਮਾ ਫੰਡ ਬਣਾਉਣ ਜਾਂ ਹੜ੍ਹ-ਸੁਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ??ਕਰਨ ਲਈ ਕਾਫ਼ੀ ਸਮਾਂ ਸੀ। ਇਸ ਦੀ ਬਜਾਏ, ਉਸ ਨੇ ਖੋਖਲੇ ਪ੍ਰਚਾਰ ਮੁਹਿੰਮਾਂ 'ਤੇ ਸਮਾਂ ਬਰਬਾਦ ਕੀਤਾ। ਅੱਜ, ਸਾਡੇ ਕਿਸਾਨ ਆਪਣੀ



ਲਾਪਰਵਾਹੀ ਦੀ ਕੀਮਤ ਅਦਾ ਕਰ ਰਹੇ ਹਨ। ਕੇਂਦਰ ਨੂੰ ਬਰਾਬਰ ਜ਼ਿੰਮੇਵਾਰ ਠਹਿਰਾਉਂਦੇ ਹੋਏ ਬਾਜਵਾ ਨੇ ਕਿਹਾ ਕਿ ਇਕ ਸਮੇਂ ਜਦੋਂ ਪੰਜਾਬ ਨੂੰ ਕੇਂਦਰ ਦੀ ਸਹਾਇਤਾ ਦੀ ਸਭ ਤੋਂ ਵੱਧ ਲੋੜ ਸੀ, ਪ੍ਰਧਾਨ ਮੰਤਰੀ ਨੇ ਰਾਹਤ ਦਾ ਇਕ ਵੀ ਰੁਪਏ ਦਾ ਐਲਾਨ ਨਹੀਂ ਕੀਤਾ ਹੈ। ਨਾ ਹੀ ਉਨ੍ਹਾਂ ਨੇ PMFBY ਨੂੰ ਇਸ ਤਰੀਕੇ ਨਾਲ ਸੁਧਾਰਨ ਅਤੇ ਵਧਾਉਣ ਦੀ ਇੱਛਾ ਸ਼ਕਤੀ ਦਿਖਾਈ ਹੈ ਜੋ ਪੰਜਾਬ ਦੀਆਂ ਹਕੀਕਤਾਂ ਦੇ ਅਨੁਕੂਲ ਹੋਵੇ। ਇਹ ਉਨ੍ਹਾਂ ਅੰਨਦਾਤਾਵਾਂ ਦੀ ਅਪਰਾਧਿਕ ਅਣਗਹਿਲੀ ਤੋਂ ਘੱਟ ਨਹੀਂ ਹੈ ਜੋ ਦੇਸ਼ ਨੂੰ ਭੋਜਨ ਦਿੰਦੇ ਹਨ। ਬਾਜਵਾ ਨੇ ਮੰਗ ਕੀਤੀ ਕਿ ਕੇਂਦਰ ਅਤੇ ਰਾਜ ਤੁਰੰਤ ਇਕ ਸੁਧਾਰਿਆ PMFBY ਪੰਜਾਬ ਨੂੰ ਪਲਾਟ-ਪੱਧਰੀ ਕਵਰੇਜ ਅਤੇ ਤੇਜ਼ ਅਦਾਇਗੀਆਂ ਦੇ ਨਾਲ ਵਧਾ ਕੇ, ਇਕ ਰਾਜ-ਪੱਧਰੀ ਬੀਮਾ ਫੰਡ ਬਣਾ ਕੇ, ਫਸਲਾਂ, ਪਸ਼ੂਆਂ ਅਤੇ ਕਿਸਾਨਾਂ ਦੀ ਸਿਹਤ ਨੂੰ ਕਵਰ ਕਰਨ ਲਈ ਬੀਮਾ ਦਾ ਵਿਸਥਾਰ ਕਰਕੇ, ਸ਼ੁਰੂਆਤੀ ਚੇਤਾਵਨੀ ਪ੍ਰਣਾਲੀਆਂ, ਬੰਨ੍ਹਾਂ ਅਤੇ ਗਾਰ ਕੱਢਣ ਵਿਚ ਨਿਵੇਸ਼ ਕਰਕੇ ਕਾਰਵਾਈ ਕਰਨ ਤਾਂ ਜੋ ਕਿਸਾਨਾਂ ਨੂੰ ਰਾਹਤ ਮਿਲ ਸਕੇ ਜੋ ਤੇਜ਼, ਨਿਰਪੱਖ ਅਤੇ ਭਵਿੱਖ-ਪ੍ਰਮਾਣਿਤ ਹੋਵੇ। ਜਦੋਂ ਤੱਕ PMFBY ਵਿਚ ਸੁਧਾਰ ਅਤੇ ਵਿਸਥਾਰ ਨਹੀਂ ਕੀਤਾ ਜਾਂਦਾ, ਅਤੇ ਜਦੋਂ ਤੱਕ ਪੰਜਾਬ ਆਪਣੀ ਮਜ਼ਬੂਤ ??ਬੀਮਾ ਵਿਧੀ ਸਥਾਪਤ ਨਹੀਂ ਕਰਦਾ, ਸਾਡੇ ਕਿਸਾਨ ਹਰ ਵਾਰ ਕੁਦਰਤ ਦੇ ਹਮਲੇ 'ਤੇ ਨਿਰਾਸ਼ਾ ਵਿਚ ਡੁੱਬਦੇ ਰਹਿਣਗੇ। ਬਾਜਵਾ ਨੇ ਚੇਤਾਵਨੀ ਦਿੱਤੀ ਕਿ ਮੋਦੀ ਅਤੇ ਮਾਨ ਦੋਵਾਂ ਨੂੰ ਪੰਜਾਬ ਦੇ ਅੰਨਦਾਤਾਵਾਂ ਨਾਲ ਇਸ ਵਿਸ਼ਵਾਸਘਾਤ ਲਈ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ।

## ਕੌਮੀ ਖੇਡ ਦਿਵਸ ਮੌਕੇ ਲੈਕਚਰਾਰ ਰਾਕੇਸ਼ ਕੁਮਾਰ ਮਹਿਲਾਂ ਨੂੰ ਕੀਤਾ ਸਨਮਾਨਿਤ

ਮਹਿਲਾਂ ਚੌਕ,4 ਸਤੰਬਰ: ਕੌਮੀ ਖੇਡ ਦਿਵਸ ਜਿਹੜਾ ਕਿ ਵਿਸ਼ਵ ਪ੍ਰਸਿੱਧ ਹਾਕੀ ਦੇ ਖਿਡਾਰੀ ਮੇਜਰ ਧਿਆਨ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਤਾ ਜਾਂਦਾ ਹੈ,ਵੱਖ ਵੱਖ ਥਾਵਾਂ ਤੇ ਖੇਡ ਪ੍ਰੇਮੀਆਂ ਦੁਆਰਾ ਮਨਾਇਆ ਜਾਂਦਾ ਹੈ।ਇਸ ਮੌਕੇ ਉੱਘੇ ਖੇਡ ਲੇਖਕ ਮਨਦੀਪ ਸਿੰਘ ਸੁਨਾਮ ਦੀ ਅਗਵਾਈ ਵਿੱਚ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਵਿਖੇ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੈਂਬਰ ਪਾਰਲੀਮੈਂਟ ਮੀਤ ਹੇਅਰ ਅਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ।ਇਸ ਮੌਕੇ ਖੇਡਾਂ ਦੇ ਖੇਤਰ ਵਿੱਚ ਵਿਲੱਖਣ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਅਤੇ ਖਿਡਾਰੀਆਂ ਨੂੰ ਸਨਮਾਨਿਤ ਕਰਨ ਦੀ ਰਸਮ ਮੇਜਰ ਧਿਆਨ ਚੰਦ ਜੀ ਦੇ ਸਪੁੱਤਰ ਸ੍ਰੀ ਅਸ਼ੋਕ ਧਿਆਨ ਚੰਦ ਨੇ ਅਦਾ ਕੀਤੀ।ਇਸ ਸਮਾਗਮ ਦੌਰਾਨ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਹਿਲਾਂ ਵਿਖੇ ਆਪਣੀਆਂ ਸ਼ਾਨਦਾਰ ਸੇਵਾਵਾਂ ਦੇ ਰਹੇ ਸਰੀਰਕ ਸਿੱਖਿਆ ਦੇ ਲੈਕਚਰਾਰ ਸ੍ਰੀ ਰਕੇਸ਼ ਕੁਮਾਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਉਹਨਾਂ ਦੇ ਇਸ ਸਨਮਾਨ ਸਬੰਧੀ ਜਾਣਕਾਰੀ ਦਿੰਦਿਆਂ ਲੈਕਚਰਾਰ ਪਰਮਿੰਦਰ ਕੁਮਾਰ ਲੌਂਗੋਵਾਲ ਨੇ ਦੱਸਿਆ ਕਿ ਉਹਨਾਂ ਨੂੰ ਸਨਮਾਨਿਤ ਕਰਨ ਨਾਲ ਸਾਡੀ ਸੰਸਥਾ ਦਾ ਮਾਣ ਵੀ ਵਧਿਆ ਹੈ ਅਤੇ ਅਜਿਹੇ ਸਨਮਾਨਾਂ ਨਾਲ ਦੂਸਰੇ ਅਧਿਆਪਕਾਂ ਨੂੰ ਪ੍ਰੇਰਨਾ ਮਿਲਦੀ ਹੈ। ਸਕੂਲ ਦੇ ਇੰਚਾਰਜ ਪ੍ਰਿੰਸੀਪਲ ਨਵਰਾਜ ਕੌਰ, ਰਾਜੇਸ਼ ਕੁਮਾਰ, ਗੁਰਦੀਪ ਸਿੰਘ, ਗੁਰਮੀਤ ਕੌਰ, ਹਰਵਿੰਦਰ ਸਿੰਘ, ਰਵੀਦੀਪ ਸਿੰਘ, ਰਣਜੀਤ ਸਿੰਘ, ਗਗਨਜੋਤ ਕੌਰ,ਅੰਜਨ ਅੰਜੂ, ਪ੍ਰੀਤੀ ਰਾਣੀ, ਸੁਖਵਿੰਦਰ ਕੌਰ, ਹਰਦੇਵ ਕੌਰ, ਦੀਪਸ਼ਿਖਾ ਬਹਿਲ, ਵੰਦਨਾ ਰਾਣੀ ਅਤੇ ਸਮੂਹ ਸਟਾਫ ਨੇ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਸਾਡੇ ਅਧਿਆਪਕ ਸਾਥੀ ਦੀ ਸ਼ਾਨਦਾਰ ਕਾਰਗੁਜ਼ਾਰੀ ਤੇ ਮਾਣ ਮਹਿਸੂਸ ਹੁੰਦਾ ਹੈ।